ਆਓ ਅੱਜ ਉਨ੍ਹਾਂ ਮਹਾਨ ਸਿੰਘਾਂ ਦੀਆਂ ਕੁਰਬਾਨੀਆਂ ਨੂੰ ਯਾਦ ਕਰਦਿਆਂ ਧੰਨ-ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲੱਗ ਕੇ ਆਪਣਾ ਜੀਵਨ ਸਫਲਾ ਕਰੀਏ ਜੀ।

-- ★ ਵੱਲੋਂ ★--



ਪ੍ਰਧਾਨ ਗੁਰਮੁੱਖ ਸਿੰਘ ਸਾਬਕਾ ਆੜ੍ਹਤੀਆ ਚੌਕ ਮਹਿਤਾ



ਅੱਜ ਦੇ ਦਿਨ ਮੀਰੀ-ਪੀਰੀ ਦੇ ਮਾਲਕ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਗਵਾਲੀਅਰ ਦੇ ਕਿਲ੍ਹੇ ਵਿਚੋਂ 52 ਰਾਜਿਆਂ ਸਮੇਤ ਰਿਹਾਅ ਹੋ ਕੇ ਆਏ ਸਨ। ਸਿੱਖ ਸੰਗਤ ਵੱਲੋਂ ਇਸ ਦਿਨ ਨੂੰ ਬੰਦੀ ਛੋੜ ਦਿਵਸ ਵਜੋਂ ਮਨਾਇਆ ਜਾਂਦਾ ਹੈ।

ਆਪ ਸਭ ਨੂੰ ਕੋਟਿਨ-ਕੋਟਿ ਵਧਾਈਆਂ

ਆਓ ਅੱਜ ਉਨ੍ਹਾਂ ਮਹਾਨ ਸਿੰਘਾਂ ਦੀਆਂ ਕੁਰਬਾਨੀਆਂ ਨੂੰ ਯਾਦ ਕਰਦਿਆਂ ਧੰਨ-ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲੱਗ ਕੇ ਆਪਣਾ ਜੀਵਨ ਸਫਲਾ ਕਰੀਏ ਜੀ।

-- ★ ਵੱਲੋਂ ★--

ਚੇਅਰਮੈਨ ਸਿਕੰਦਰ ਸਿੰਘ ਭੋਏਵਾਲ





ਅੱਜ ਦੇ ਦਿਨ ਮੀਰੀ-ਪੀਰੀ ਦੇ ਮਾਲਕ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਗਵਾਲੀਅਰ ਦੇ ਕਿਲ੍ਹੇ ਵਿਚੋਂ 52 ਰਾਜਿਆਂ ਸਮੇਤ ਰਿਹਾਅ ਹੋ ਕੇ ਆਏ ਸਨ। ਸਿੱਖ ਸੰਗਤ ਵੱਲੋਂ ਇਸ ਦਿਨ ਨੂੰ ਬੰਦੀ ਛੋੜ ਦਿਵਸ ਵਜੋਂ ਮਨਾਇਆ ਜਾਂਦਾ ਹੈ।

ਆਪ ਸਭ ਨੂੰ

ਕੋਟਿਨ-ਕੋਟਿ ਵਧਾਈਆਂ

ਆਓ ਅੱਜ ਉਨ੍ਹਾਂ ਮਹਾਨ ਸਿੰਘਾਂ ਦੀਆਂ ਕੁਰਬਾਨੀਆਂ ਨੂੰ ਯਾਦ ਕਰਦਿਆਂ ਧੰਨ-ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲੱਗ ਕੇ ਆਪਣਾ ਜੀਵਨ ਸਫਲਾ ਕਰੀਏ ਜੀ।

ਵੱਲੋਂ

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਦੀਵਾਲੀ ਦੀ ਰਾਤਿ ਦੀਵੇ ਬਾਲੀਅਨਿ



ਦੀਵਾਲੀ ਭਾਰਤ ਦੇ ਮੱਹਤਵਪੂਰਨ ਤਿਉਹਾਰਾਂ ਵਿੱਚੋਂ ਇੱਕ ਹੈ। ਇਹ ਸਰਬ ਸਾਂਝਾ ਤਿਉਹਾਰ ਹੈ। ਇਸ ਨੂੰ ਸਾਰੇ ਦੇਸ਼ ਵਿੱਚ ਬੜੀ ਧੂਮਧਾਮ ਨਾਲ ਮਨਾਇਆ ਜਾਂਦਾ ਹੈ। ਦੀਵਾਲੀ ਸੰਸਕ੍ਰਿਤ ਮੂਲ ਦਾ ਸ਼ਬਦ ਹੈ। ਜਿਸ ਦਾ ਅਰਥ ਹੈ ਦੀਵੇ ਜਗਾਉਣਾ ਜਾਂ ਚਾਨਣਾ ਕਰਨਾ। ਮਹਾਨ ਕੋਸ਼ ਦੇ ਕਰਤਾ ਭਾਈ ਕਾਨ੍ਹ ਸਿੰਘ ਨਾਭਾ ਅਨੁਸਾਰ ਦੀਵਾਲੀ ਹਿੰਦੂ ਮੱਤ ਅਨੁਸਾਰ ਲੱਛਮੀ ਪੂਜਾ ਦਾ ਤਿਉਹਾਰ ਹੈ। ਲੱਛਮੀ ਦੇਵੀ ਦੇ ਸੁਆਗਤ ਲਈ ਘਰਾਂ ਨੂੰ ਸਜਾਇਆ ਜਾਂਦਾ ਹੈ। ਲੱਛਮੀ ਦੀ ਪੂਜਾ ਕਰਨੀ, ਨਵੇਂ ਕੱਪੜੇ ਪਾਉਣੇ ਤੇ ਬਰਤਨ ਖਰੀਦਣੇ, ਮਠਿਆਈਆਂ ਵੰਡਣੀਆਂ ਤੇ ਆਪ ਖਾਣੀਆਂ ਆਮ ਪ੍ਰਚਲਿਤ ਰਿਵਾਜ ਹਨ।

ਦੀਵਾਲੀ ਤੋਂ ਕੁਝ ਦਿਨ ਪਹਿਲਾਂ ਹੀ ਘਰਾਂ, ਦੁਕਾਨਾਂ, ਫੈਕਟਰੀਆਂ ਦੀਆਂ ਸਫ਼ਾਈਆਂ ਸ਼ੁਰੂ ਹੋ ਜਾਂਦੀਆਂ ਹਨ ਤੇ ਸਫੈਦੀਆਂ ਕੀਤੀਆਂ ਜਾਂਦੀਆਂ ਹਨ। ਦੀਵਾਲੀ ਦੇ ਦਿਨ ਬੱਚੇ, ਨੌਜਵਾਨ, ਔਰਤਾਂ, ਕੁੜੀਆਂ, ਬਜ਼ਾਰਾਂ ਵਿੱਚ ਮਠਿਆਈਆਂ, ਪਟਾਕਿਆਂ, ਬਰਤਨਾਂ, ਗੁਲਦਸਤੇ, ਕੈਲੰਡਰ, ਦੀਵੇ, ਮੋਮਬੱਤੀਆਂ, ਕੱਪੜੇ, ਫਲ-ਫਰੂਟ, ਪੂਜਾ ਲਈ ਸਮਾਨ, ਮਾਲਾ, ਹਾਰ, ਮੇਵੇ (ਕਾਜੂ, ਬਦਾਮ, ਪਿਸਤਾ, ਅਖਰੋਟ, ਨੇਜੇ, ਸ਼ੋਗੀ) ਦੀ ਖਰੀਦੋ-ਫਰੋਖਤ ਕਰਦੇ ਹਨ। ਦੀਵਾਲੀ ਵਾਲੇ ਦਿਨ ਲੋਕ ਘਰਾਂ ਵਿੱਚ ਰੰਗੋਲੀ ਦੇ ਵੱਖ-ਵੱਖ ਰੰਗਾਂ ਰਾਹੀਂ ਸਜਾਵਟ ਕਰਦੇ ਹਨ। ਕਈ ਲੋਕ ਬਜ਼ਾਰੀ ਮਠਿਆਈਆਂ ਖਰੀਦਣ ਨਾਲੋਂ ਘਰ ਵਿੱਚ ਹੀ ਗੁਜੀਆ, ਗੁਲਾਬ ਜਾਮਨ, ਰਸਗੁੱਲੇ, ਨਾਰੀਅਲ ਦੇ ਲੱਡੂ ਆਦਿ ਤਿਆਰ ਕਰਦੇ ਹਨ। ਇਸ ਦਿਨ ਬਜ਼ਾਰਾਂ ਵਿੱਚ ਖ਼ੂਬ ਸਜਾਵਟ ਕੀਤੀ ਜਾਂਦੀ ਹੈ। ਦਿਨ ਛਿਪਣ ਨਾਲ ਹੀ ਲੋਕ ਪਹਿਲਾਂ ਗੁਰਦੁਆਰਿਆਂ, ਮੰਦਰਾਂ, ਚੌਰਾਹਿਆਂ ਵਿੱਚ ਮੋਮਬੱਤੀਆਂ, ਦੀਵੇ ਜਗਾਉਂਦੇ ਹਨ। ਨਤਮਸਤਕ ਹੋ ਕੇ, ਮਠਿਆਈ ਦੇ ਕੇ ਘਰ ਆਉਣ ਉਪਰੰਤ ਘਰ ਦੇ ਬਨੇਰਿਆਂ 'ਤੇ ਦੀਵੇ, ਮੋਮਬੱਤੀਆਂ, ਬਲਬ ਦੀਆਂ ਲੜੀਆਂ ਤੋਂ ਰੋਸ਼ਨੀਆਂ ਕੀਤੀਆਂ ਜਾਂਦੀਆਂ ਹਨ। ਬੱਚੇ, ਨੌਜਵਾਨ ਇਸ ਦਿਨ ਖ਼ੁਸ਼ੀ ਵਿੱਚ ਦੇਰ ਰਾਤ ਤੱਕ ਖ਼ੂਬ ਪਟਾਕੇ ਚਲਾਉਂਦੇ ਹਨ। ਇਤਿਹਾਸਕ ਪੱਖ ਤੋਂ ਦੀਵਾਲੀ ਹਿੰਦੂਆਂ ਅਤੇ ਸਿੱਖਾਂ ਦਾ ਸਰਬ-ਸਾਂਝਾ ਤਿਉਹਾਰ ਹੈ।

ਹਿੰਦੂ ਧਰਮ ਵਿੱਚ ਦੀਵਾਲੀ ਸ੍ਰੀ ਰਾਮ ਚੰਦਰ ਜੀ ਦੇ 14 ਸਾਲ ਬਨਵਾਸ ਕੱਟਣ ਤੋਂ ਬਾਅਦ ਅਯੁੱਧਿਆ ਪਰਤਣ ਦੀ ਖ਼ੁਸ਼ੀ ਵਿੱਚ ਮਨਾਈ ਜਾਂਦੀ ਹੈ। ਲੰਕਾ ਦੇ ਰਾਜੇ ਰਾਵਣ ਨੂੰ ਮਾਰਨ ਉਪਰੰਤ ਸ੍ਰੀ ਰਾਮ ਚੰਦਰ ਇਸ ਦਿਨ ਅਯੁੱਧਿਆ ਪਰਤੇ ਸਨ। ਉਹਨਾਂ ਦੇ ਅਯੁੱਧਿਆ ਦਾ ਰਾਜ ਭਾਗ ਸੰਭਾਲਣ ਦੀ ਖ਼ਸ਼ੀ ਵਿੱਚ ਲੋਕਾਂ ਨੇ ਖ਼ੁਸ਼ੀਆਂ ਮਨਾਈਆਂ ਤੇ ਦੀਪਮਾਲਾ ਕੀਤੀ ਸੀ। ਛੇਵੇਂ ਗੁਰੂ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ 52 ਕੈਦੀ ਰਾਜਿਆਂ ਨੂੰ ਰਿਹਾਅ ਕਰਵਾਉਣ ਉਪਰੰਤ ਸ੍ਰੀ ਅੰਮ੍ਰਿਤਸਰ ਪਹੁੰਚੇ ਸਨ। ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਰਿਹਾਅ ਹੋ ਕੇ ਆਉਣ ਦੀ ਖ਼ੁਸ਼ੀ ਵਿੱਚ ਸੰਗਤਾਂ ਨੇ ਸ੍ਰੀ ਹਰਿਮੰਦਰ ਸਾਹਿਬ ਅਤੇ ਸਾਰੇ ਅੰਮ੍ਰਿਤਸਰ ਸ਼ਹਿਰ ਵਿੱਚ ਦੀਪਮਾਲਾ ਕਰਕੇ ਉਹਨਾਂ ਦਾ ਸੁਆਗਤ ਕੀਤਾ।

ਹੁਣ ਸਵਾਲ ਇਹ ਪੈਦਾ ਹੁੰਦਾ ਹੈ ਕਿ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਗਵਾਲੀਅਰ ਦੇ ਕਿਲ੍ਹੇ ਵਿੱਚੋਂ ਜੋ 52 ਕੈਦੀ ਰਾਜੇ ਰਿਹਾਅ ਕਰਵਾਏ ਸਨ। ਉਹਨਾਂ 52 ਰਾਜਿਆ ਦੇ ਨਾਂਅ ਕੀ ਹਨ। ਉਹ ਰਾਜੇ ਕੌਣ ਸਨ। ਹਿੰਦੂ, ਮੁਸਲਮਾਨ, ਬੋਧੀ ਜਾਂ ਹੋਰ, ਕਿਹੜੇ ਕਾਰਨਾਂ ਕਰਕੇ ਗਵਾਲੀਅਰ ਕਿਲ੍ਹੇ ਵਿੱਚ ਕੈਦ ਸਨ। ਉਹਨਾਂ ਰਾਜਿਆਂ ਨੂੰ ਕਿਹੜੀਆਂ ਰਿਆਸਤਾਂ ਦੇ ਰਾਜਿਆਂ ਨੇ ਕੈਦ ਕੀਤਾ ਆਦਿ। ਕਿਹਾ ਜਾਂਦਾ ਹੈ ਕਿ ਗੁਰੂ ਹਰਿਗੋਬਿੰਦ ਸਾਹਿਬ ਗਵਾਲੀਅਰ ਦੇ ਕਿਲ੍ਹੇ ਵਿੱਚੋਂ ਰਿਹਾਅ ਹੋਣ ਪਿੱਛੋਂ ਜਦ ਅੰਮ੍ਰਿਤਸਰ ਪਹੁੰਚੇ ਤਾਂ ਉਸ ਦਿਨ ਦੀਵਾਲੀ ਦਾ ਤਿਉਹਾਰ ਸੀ।

ਮਹਾਨ ਕੋਸ਼ ਦੇ ਕਰਤਾ ਭਾਈ ਕਾਨ੍ਹ ਸਿੰਘ ਨਾਭਾ ਅਨੁਸਾਰ "ਸਿੱਖਾਂ ਵਿੱਚ ਦੀਵੇ ਮਚਾਉਣ (ਜਗਾਉਣ) ਦੀ ਰਸਮ ਬਾਬਾ ਬੁੱਢਾ ਜੀ ਨੇ ਚਲਾਈ ਕਿਉਂਕਿ ਗੁਰੂ ਹਰਿਗੋਬਿੰਦ ਸਾਹਿਬ ਦੀਵਾਲੀ ਦੇ ਦਿਨ ਗਵਾਲੀਅਰ ਦੇ ਕਿਲ੍ਹੇ ਤੋਂ ਰਿਹਾਅ ਹੋ ਕੇ ਅੰਮ੍ਰਿਤਸਰ ਪਧਾਰੇ ਸਨ। ਇਸ ਵਾਸਤੇ ਖ਼ੁਸ਼ੀ ਵਿੱਚ ਰੋਸ਼ਨੀ ਕੀਤੀ ਗਈ।"

ਗੁਰੂ ਗੋਬਿੰਦ ਸਿੰਘ ਜੀ ਦੇ ਹੁਕਮਨਾਮਿਆਂ ਵਿੱਚ ਦੀਵਾਲੀ ਨੂੰ ਆਉਣ ਦੀ ਤਾਕੀਦ ਕੀਤੀ ਗਈ ਹੈ। ਢਾਕੇ, ਲਸਕਰ ਚਟਗਾਂਵ, ਸਨਦੀਪ ਅਤੇ ਸਿਲਹਟ ਵੀ ਸੰਗਤ ਦੇ ਨਾਂ ਹੁਕਮਨਾਮਾ ਵਿੱਚ ਭਾਈ ਹੁਲਾਸ ਚੰਦ ਨੂੰ ਖ਼ਾਸ ਆਗਿਆ ਹੈ ਕਿ 'ਦੀਵਾਲੀ ਨੂੰ ਦਰਸ਼ਨ ਆਵਣਾ' ਹੁਕਮਨਾਮੇ ਦੇ ਸ਼ਬਦ ਹਨ। "ਸਰਬਤ ਸੰਗਤ ਢਾਕੇ ਕੀ, ਸੰਗਤ ਲਸ਼ਕਰ ਕੀ, ਚਟਾਗਾਂਵ ਕੀ, ਸਨਦੀਪ ਕੀ ਸੰਗਤ, ਸਿਲਹਟ ਕੀ, ਸਰਬ ਸੰਗਤ ਗੁਰੂ ਰਖੈਗਾ। ਜਿਨ ਸਿੱਖ ਵਾਹਿਗੁਰੂ ਕੀਤਾ ਹੈ, ਤਿਸ ਨੋ ਹੁਕਮ ਹੈ ਕਾਰ ਭੇਟ ਮਸਤ ਅਰਦਾਸ ਕਪੜਾ ਹਥਿਆਰ ਢਾਲ ਜੋ ਗੁਰੂ ਕੇ ਨਵਿਤ ਕਢਨੀ ਹੋਵੇ ਸੋ ਭਾਈ ਹੁਲਾਸ ਚੰਦ ਨੋ ਰਾਣੀ। ਹੋਰਸ ਕੋ ਨਾਹੀ ਦੇਣੀ। ਸੰਗਤ ਮੇਰੇ ਹੁਕਮ ਨਾਲ ਕੰਮ ਹੈ। ਭਾਈ ਹੁਲਾਸ ਚੰਦ ਸੰਗਤ ਕਾਰ ਭੇਟ ਲੈ ਕੇ ਦੀਵਾਲੀ ਨੋ ਦਰਸ਼ਨ ਆਵਣਾ। ਜੋ ਸਿੱਖ ਦਰਸ਼ਨ ਆਵਗ ਤਿਸ ਦੇ ਕਦਮ ਥਾਇ ਪਉਨਗੇ।"

ਸਿੱਖ ਇਤਿਹਾਸ ਵਿੱਚ ਦੂਜੀ ਘਟਨਾ ਭਾਈ ਮਨੀ ਸਿੰਘ ਜੀ ਬਾਰੇ ਪ੍ਰਸਿੱਧ ਹੈ। 18ਵੀਂ ਸਦੀ ਦੇ ਆਰੰਭ ਵਿੱਚ ਇਕ ਪਾਸੇ ਸਿੱਖਾਂ ਤੇ ਅੱਤਿਆਚਾਰ ਹੋ ਰਹੇ ਸਨ। ਦੂਜੇ ਪਾਸੇ ਉਹਨਾਂ ਨੂੰ ਸ੍ਰੀ ਹਰਿਮੰਦਰ ਸਾਹਿਬ ਆਉਣ ਦੀ ਆਗਿਆ ਨਹੀਂ ਸੀ ਦਿੱਤੀ ਜਾਂਦੀ। ਜਦੋਂ ਉਹ ਆਉਂਦੇ ਸਨ ਤਾਂ ਉਹਨਾਂ ਨੂੰ ਫੜ ਕੇ ਸ਼ਹੀਦ ਕਰ ਦਿੱਤਾ ਜਾਂਦਾ ਸੀ। ਹਰਿਮੰਦਰ ਸਾਹਿਬ ਜੀ ਦੇ ਗ੍ਰੰਥੀ ਭਾਈ ਮਨੀ ਸਿੰਘ ਜੀ ਨੂੰ ਮਾਤਾ ਸੁੰਦਰੀ ਜੀ ਨੇ ਦਿੱਲੀ ਤੋਂ ਹਰਿਮੰਦਰ ਸਾਹਿਬ ਦੀ ਸੇਵਾ ਕਰਨ ਲਈ ਅੰਮ੍ਰਿਤਸਰ ਭੇਜਿਆ ਸੀ, ਨੇ ਲਾਹੌਰ ਦੇ ਸੂਬੇਦਾਰ ਪਾਸੋਂ ਭਾਈ ਸੂਰਤ ਸਿੰਘ ਤੇ ਸੂਬੇਗ ਸਿੰਘ ਦੀ ਮਦਦ ਨਾਲ ਇਜਾਜਤ ਪ੍ਰਾਪਤ ਕਰ ਲਈ ਕਿ ਉਹ ਦੀਵਾਲੀ ਦੇ ਮੌਕੇ ਤੇ ਅੰਮ੍ਰਿਤਸਰ ਵਿੱਚ ਮੇਲਾ ਕਰਨਾ ਚਾਹੁੰਦੇ ਹਨ। ਲਾਹੌਰ ਦੇ ਸੂਬੇਦਾਰ ਨੇ ਇੱਕ ਸ਼ਰਤ ਤੇ ਮੇਲਾ ਕਰਨ ਦੀ ਆਗਿਆ ਦੇ ਦਿੱਤੀ ਕਿ ਜੇਕਰ ਉਹਨਾਂ ਨੂੰ ਬਤੌਰ ਮੇਲਾ ਟੈਕਸ ਪੰਜ ਹਜ਼ਾਰ ਰੁਪਏ ਕੁਝ ਇਤਿਹਾਸਕਾਰਾਂ ਅਨੁਸਾਰ ਦਸ ਹਜ਼ਾਰ ਰੁਪਏ ਅਦਾ ਕੀਤਾ ਜਾਵੇ। ਭਾਈ ਮਨੀ ਸਿੰਘ ਜੀ ਨੇ ਦੂਰ ਨੇੜੇ ਸਿੱਖਾਂ ਨੂੰ ਸੁਨੇਹਾ ਭੇਜਿਆ ਕਿ ਉਹ ਦੀਵਾਲੀ ਦੇ ਮੌਕੇ ਤੇ ਅੰਮ੍ਰਿਤਸਰ ਪੁੱਜਣ।

ਦੂਜੇ ਪਾਸੇ ਮੁਗ਼ਲ ਹਾਕਮਾਂ, ਪੰਥ ਵਿਰੋਧੀ ਤਾਕਤਾਂ, ਲਾਹੌਰ ਦਰਬਾਰ ਨੇ ਦਿੱਲੀ ਦੇ ਤਖ਼ਤ ਦੀ ਸ਼ਿਹ ਨਾਲ ਇੱਕ ਡੂੰਘੀ ਸਾਜਿਸ਼ ਤਿਆਰ ਕੀਤੀ ਕਿ ਜਦੋਂ ਸਿੱਖ ਭਾਰੀ ਗਿਣਤੀ ਵਿੱਚ ਇਕੱਠੇ ਹੋਣ ਤਾਂ ਉਹਨਾਂ ਨੂੰ ਘੇਰਾ ਪਾ ਕੇ ਕਤਲ ਕਰ ਦਿੱਤਾ ਜਾਵੇ। ਉਹਨਾਂ ਨੇ ਆਪਣੀਆਂ ਫ਼ੌਜਾਂ ਅੰਮ੍ਰਿਤਸਰ ਦੇ ਆਲੇ-ਦੁਆਲੇ ਉਤਾਰਨੀਆਂ ਸ਼ੁਰੂ ਕਰ ਦਿੱਤੀਆਂ। ਭਾਈ ਮਨੀ ਸਿੰਘ ਜੀ ਨੂੰ ਵੇਲੇ ਸਿਰ ਪਤਾ ਲੱਗ ਜਾਣ ਕਾਰਨ ਤੇ ਆਪਣੀ ਸੂਝ-ਬੂਝ ਨਾਲ ਕੌਮ ਨੂੰ ਬਚਾ ਲਿਆ। ਜਦੋਂ ਲਾਹੌਰ ਦੇ ਸੂਬੇਦਾਰ ਨੇ ਮੇਲਾ ਟੈਕਸ ਅਦਾ ਕਰਨ ਲਈ ਕਿਹਾ ਤਾਂ ਭਾਈ ਮਨੀ ਸਿੰਘ ਜੀ ਨੇ ਉੱਤਰ ਦਿੱਤਾ ਕਿ ਜਦੋਂ ਮੇਲਾ ਹੀ ਨਹੀਂ ਲੱਗਾ ਫਿਰ ਟੈਕਸ ਕਾਹਦਾ ਅਦਾ ਕਰਾਂ ?

ਭਾਈ ਮਨੀ ਸਿੰਘ ਜੀ ਨੂੰ ਫੜ ਕੇ ਲਾਹੌਰ ਲਿਜਾਇਆ ਗਿਆ। ਲਾਹੌਰ ਦੇ ਸੂਬੇਦਾਰ ਵੱਲੋਂ ਭਾਈ ਮਨੀ ਸਿੰਘ ਜੀ ਨੂੰ ਭਾਰੀ ਤਸੀਹੇ ਦਿੱਤੇ ਗਏ। ਭਾਈ ਮਨੀ ਸਿੰਘ ਜੀ ਨੇ ਜਵਾਬ ਦਿੱਤਾ ਕਿ ਭਾਵੇਂ ਮੇਰਾ ਬੰਦ-ਬੰਦ ਕੱਟ ਦਿਉ ਪਰ ਮੈਂ ਸਿੱਖੀ ਸਿਦਕ ਨਹੀਂ ਛੱਡ ਸਕਦਾ। ਲਾਹੌਰ ਦੇ ਸੂਬੇਦਾਰ ਨੇ ਜਲਾਦਾਂ ਨੂੰ ਕਿਹਾ ਕਿ ਭਾਈ ਮਨੀ ਸਿੰਘ ਜੀ ਦਾ ਬੰਦ-ਬੰਦ ਕੱਟ ਦਿੱਤਾ ਜਾਵੇ। ਜਦੋਂ ਜਲਾਦਾਂ ਨੇ ਭਾਈ ਮਨੀ ਸਿੰਘ ਜੀ ਦਾ ਹੱਥ ਪੱਥਰ ਤੇ ਰੱਖ ਕੇ ਵੀਣੀ (ਗੁੱਟ) ਕੋਲੋਂ ਵੱਢਣਾ ਸ਼ੁਰੂ ਕੀਤਾ ਤਾਂ ਭਾਈ ਮਨੀ ਸਿੰਘ ਜੀ ਨੇ ਉਸ ਨੂੰ ਕਿਹਾ ਕਿ ਉਸ ਨੇ ਉਂਗਲੀਆਂ ਦੇ ਕਿੰਨੇ ਜੋੜ ਛੱਡ ਦਿੱਤੇ ਹਨ। ਜਦੋਂ ਉਸ ਨੂੰ ਬੰਦ-ਬੰਦ ਕੱਟਣ ਲਈ ਕਿਹਾ ਗਿਆ ਹੈ ਤਾਂ ਮਾਲਕ ਦੇ ਹੁਕਮ ਦੀ ਪਾਲਣਾ ਕਿਉਂ ਨਹੀਂ ਕਰਦਾ। ਭਾਈ ਮਨੀ ਸਿੰਘ ਜੀ ਨੂੰ ਅਕਹਿ ਤੇ ਅਸਹਿ ਕਸ਼ਟ ਦਿੰਦਿਆਂ 1734ਈ: ਨੂੰ ਕੁਝ ਇਤਿਹਾਸਕਾਰਾਂ ਤੇ ਲੇਖਕਾਂ ਅਨੁਸਾਰ ਪਰ ਮਹਾਨ ਕੋਸ਼ ਦੇ ਕਰਤਾ ਭਾਈ ਕਾਨ੍ਹ ਸਿੰਘ ਨਾਭਾ ਅਨੁਸਾਰ ਸੰਮਤ 1794, ਹਾੜ ਸੁਦੀ ਪੰਚਮੀ ਨੂੰ 1737 ਈ: ਵਿੱਚ ਲਾਹੌਰ ਦੇ ਨਖਾਸ ਚੌਕ ਤੇ ਬੰਦ-ਬੰਦ ਕੱਟ ਕੇ ਸ਼ਹੀਦ ਕੀਤਾ ਗਿਆ।

ਬੁੱਧ ਧਰਮ ਦੇ ਬਾਨੀ ਮਹਾਤਮਾ ਬੁੱਧ ਨੂੰ ਵੀ ਇਸ ਦਿਨ ਹੀ ਸਖ਼ਤ ਤਪ ਤੋਂ ਬਾਅਦ ਗਿਆਨ ਦੀ ਪ੍ਰਾਪਤੀ ਹੋਈ ਸੀ। ਜੈਨ ਧਰਮ ਦੇ ਸੰਸਥਾਪਕ ਮਹਾਂਵੀਰ ਜੈਨ ਨੂੰ ਵੀ ਇਸੇ ਦਿਨ ਨਿਰਵਾਣ ਪਦ ਪ੍ਰਾਪਤ ਹੋਇਆ ਸੀ। ਮਹਾਰਾਜਾ ਬਿਕਰਮਾ ਦੱਤ ਨੇ ਵੀ ਇਸੇ ਦਿਨ ਹੀ ਰਾਜ ਸਿੰਘਾਸਣ ਸੰਭਾਲਿਆ ਸੀ, ਜਿਸ ਦੀ ਖ਼ੁਸ਼ੀ ਲੋਕਾਂ ਨੇ ਦੀਵੇ ਜਗਾ ਕੇ ਪ੍ਰਗਟਾਈ।

ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਦੀ ਦੀਵਾਲੀ ਪ੍ਰਸਿੱਧ ਹੈ। ਇੱਕ ਅਖਾਣ ਹੈ। 'ਦਾਲ ਰੋਟੀ ਘਰ ਦੀ, ਦੀਵਾਲੀ ਅੰਮ੍ਰਿਤਸਰ ਦੀ।' ਅੰਮ੍ਰਿਤਸਰ ਦੀ ਦੀਵਾਲੀ ਦਾ ਸ਼੍ਰੀ ਦਰਬਾਰ ਸਾਹਿਬ ਵਿਖੇ ਦੀਪਮਾਲਾ ਤੇ ਆਤਿਸ਼ਬਾਜ਼ੀ ਚੱਲਣ ਦਾ ਅਲੌਕਿਕ ਦ੍ਰਿਸ਼ ਦੇਖਣਯੋਗ ਹੁੰਦਾ ਹੈ।

ਦੀਵਾਲੀ ਤੋਂ ਕੁਝ ਦਿਨ ਪਹਿਲਾਂ ਦੁਕਾਨਦਾਰ (ਟੀ.ਵੀ.,ਫਰਿੱਜ,ਕੱਪੜੇ,ਭਾਂਡਿਆਂ ਤੇ ਹੋਰ ਕਈ ਸਮਾਨ) ਦਿਲ ਲੁਭਾਉਂਦੇ ਇਸ਼ਿਤਹਾਰਾਂ ਤੇ ਬੋਰਡਾਂ (ਹੋਰਡਿੰਗਜ਼) ਰਾਹੀਂ ਸਸਤੇ ਰੇਟਾਂ ਤੇ ਚੀਜ਼ਾਂ/ਵਸਤੂਆਂ ਦੀ ਸੇਲ ਲਗਾਉਂਦੇ ਹਨ। ਕੰਪਨੀਆਂ ਵੱਲੋਂ ਲੋਕਾਂ ਨੂੰ ਆਪਣੇ ਵੱਲ ਆਕਰਸ਼ਿਤ ਕਰਨ ਲਈ ਕਈ ਤਰ੍ਹਾਂ ਦੇ ਲਾਲਚ ਦਿੱਤੇ ਜਾਂਦੇ ਹਨ। ਕਈ ਲੋਕ ਇਸ ਦਿਨ ਜੂਏ 'ਚ ਹਜ਼ਾਰਾਂ/ਲੱਖਾਂ ਰੁਪਏ ਹਾਰ ਕੇ ਆਪਣਾ ਦੀਵਾਲਾ ਕਢਣਾ ਕੇ ਘਰ ਪਰਤਦੇ ਹਨ। ਇਸ ਦਿਨ ਸ਼ਰਾਬ ਤੇ ਜੂਏ ਕਾਰਨ ਪਿੰਡਾਂ, ਸ਼ਹਿਰਾਂ ਵਿੱਚ ਲੜਾਈਆਂ ਵੀ ਹੁੰਦੀਆਂ ਵੇਖੀਆਂ ਜਾਂਦੀਆਂ ਹਨ। ਦੀਵਾਲੀ ਦੇ ਤਿਉਹਾਰ ਨੂੰ ਮੁੱਖ ਰੱਖ ਕੇ ਦੁਕਾਨਦਾਰ ਸਾਈਕਲ, ਮੋਟਰ ਸਾਈਕਲ, 2100, 5100, 11000 ਰੁਪਏ, ਦੀਵਾਰ ਘੜੀਆਂ, ਸਿਲਾਈ ਮਸ਼ੀਨਾਂ, ਪ੍ਰੈਸਾਂ ਤੇ ਹੋਰ ਅਨੇਕਾਂ ਸਮਾਨ ਲਾਟਰੀ ਰਾਹੀਂ ਕੱਢਦੇ ਹਨ। ਇਸ ਦਿਨ ਘਰਾਂ, ਦੁਕਾਨਾਂ ਤੇ ਰਾਤ ਸਮੇਂ ਪਾਠ ਪੂਜਾ ਵੀ ਕੀਤੀ ਜਾਂਦੀ ਹੈ। ਕਈ ਲੋਕਾਂ ਦੇ ਵਿਚਾਰ ਅਨੁਸਾਰ ਘਰ ਦੇ ਸਾਰੇ ਬੂਹੇ (ਦਰਵਾਜ਼ੇ) ਬਾਰੀਆਂ (ਖਿੜਕੀਆਂ) ਖੁੱਲ੍ਹੇ ਰੱਖਣ ਨਾਲ ਲੱਛਮੀ ਜਾਂ ਮਾਇਆ ਘਰ ਵਿੱਚ ਪ੍ਰਵੇਸ਼ ਕਰਦੀ ਹੈ। ਦੀਵਾਲੀ ਦੀ ਰਾਤ ਨੂੰ ਪਟਾਕੇ, ਆਤਿਸ਼ਬਾਜ਼ੀ ਚਲਾਉਣ ਸਮੇਂ ਕਿਸੇ ਨਾਲ ਛੇੜ ਛਾੜ ਜਾਂ ਜਾਣ-ਬੁੱਝ ਕੇ ਕਿਸੇ ਦੇ ਉੱਪਰ, ਪੈਰਾਂ 'ਚ ਕਿਸੇ ਦੇ ਘਰ ਵਿੱਚ ਨਹੀਂ ਸੁੱਟਣੀ ਚਾਹੀਦੀ। ਇਸ ਕਰਕੇ ਕਈ ਵਾਰ ਅੱਗ ਲੱਗਣ ਕਰਕੇ ਹਜ਼ਾਰਾਂ/ਲੱਖਾਂ ਰੁਪਏ ਦਾ ਨੁਕਸਾਨ ਹੋ ਜਾਂਦਾ ਹੈ।

ਦੀਵਾਲੀ ਵਾਲੇ ਦਿਨ ਅਸੀਂ ਲੱਖਾਂ/ਕਰੋੜਾਂ ਰੁਪਏ ਪਟਾਕਿਆਂ ਤੇ ਖ਼ਰਚ ਕਰਦੇ ਹਾਂ। ਕੁਝ ਘੰਟਿਆਂ 'ਚ ਹੀ ਲੱਖਾਂ-ਕਰੋੜਾਂ ਰੁਪਏ ਖ਼ਰਚ ਕਰਨੇ ਭਾਰਤ ਵਰਗੇ ਗ਼ਰੀਬ ਦੇਸ਼ ਦੇ ਵਾਸੀਆਂ ਨੂੰ ਸੋਭਦਾ ਨਹੀਂ। ਇੱਕ ਪਾਸੇ ਗ਼ਰੀਬ ਲੋਕ ਰੋਟੀ ਨੂੰ ਤਰਸ ਰਹੇ ਹਨ, ਫੁੱਟਪਾਥਾਂ ਤੇ ਨੰਗੇ ਸੌਂ ਰਹੇ ਹਨ। ਮਜ਼ਦੂਰਾਂ ਦੇ ਬੱਚੇ ਨੰਗੇ ਪੈਰੀਂ ਸਕੂਲ ਜਾਂਦੇ ਹਨ। ਪੜ੍ਹਾਈ ਪੱਖੋਂ ਵਿਹੂਣੇ ਹਨ। ਜੇਕਰ ਗ਼ਰੀਬ ਵਿਅਕਤੀਆਂ ਲਈ ਰੋਟੀ ਤੇ ਤਨ ਢਕਣ ਲਈ ਐਨੀ ਵੱਡੀ ਰਕਮ ਖ਼ਰਚ ਕੀਤੀ ਜਾਵੇ ਤਾਂ ਕੁਝ ਹੱਦ ਤੱਕ ਇਸ ਕਦਮ ਨੂੰ ਜਾਇਜ਼ ਠਹਿਰਾਇਆ ਜਾ ਸਕਦਾ ਹੈ।

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਦੀਵਾਲੀ ਨਾਲ ਸੰਬੰਧਿਤ ਅਨੇਕਾਂ ਪ੍ਰਮਾਣ ਦਰਜ ਹਨ। ਵੰਨਗੀ ਮਾਤਰ ਕੁਝ ਟੂਕਾਂ ਇਸ ਤਰ੍ਹਾਂ ਹਨ।

ਦੀਵਾ ਬਲੈ ਅੰਧੇਰਾ ਜਾਇ॥ 1 ॥
(ਸੂਹੀ ਵਾਰ, ਸਲੋਕ ਮ:1, 790)
ਦੂਖੁ ਅੰਧੇਰਾ ਘਰ ਤੇ ਮਿਟਿਓ
ਗੁਰਿ ਗਿਆਨੁ ਦ੍ਰਿੜਾਇਓ ਦੀਪ ਬਲਿਓ॥ 7 ॥
(ਗਉੜੀ ਮਹਲਾ 5, ਅੰਗ 241)

ਭਾਈ ਗੁਰਦਾਸ ਜੀ ਦੀਆਂ ਵਾਰਾਂ ਵਿੱਚ ਦੀਵਾਲੀ ਸੰਬੰਧੀ ਕਈ ਪਉੜੀਆਂ ਵਿੱਚ ਜ਼ਿਕਰ ਹੈ। ਹੇਠ ਲਿਖੇ ਸ਼ਬਦ ਦਾ ਦੀਵਾਲੀ ਵਾਲੇ ਦਿਨ ਸੱਚ-ਖੰਡ ਸ੍ਰੀ ਹਰਿਮੰਦਰ ਸਾਹਿਬ ਤੇ ਦੇਸ਼ ਵਿਦੇਸ਼ ਦੇ ਗੁਰਦੁਆਰਿਆਂ ਵਿੱਚ ਕੀਰਤਨ ਕੀਤਾ ਜਾਂਦਾ ਹੈ।

ਦੀਵਾਲੀ ਦੀ ਰਾਤਿ ਦੀਵੇ ਬਾਲੀਅਨਿ।
ਤਾਰੇ ਜਾਤਿ ਸਨਾਤਿ ਅੰਬਰਿ ਭਾਲੀਅਨਿ।
ਫੁਲਾਂ ਦੀ ਬਾਗਾਤਿ ਚੁਣਿ ਚੁਣਿ ਚਾਲੀਅਨਿ।
ਤੀਰਥਿ ਜਾਤੀ ਜਾਤਿ ਨੈਣ ਨਿਹਾਲੀਅਨਿ।
ਹਰਿ ਚੰਦਉਰੀ ਝਾਤਿ ਵਸਾਇ ਉਚਾਲੀਅਨਿ।
ਗੁਰਮੁਖਿ ਸੁਖ ਫਲ ਦਾਤਿ ਸਬਦਿ ਸਮਾਲੀਅਨਿ।
(ਵਾਰ 19, ਪਉੜੀ 6)

-ਕਰਨੈਲ ਸਿੰਘ ਐੱਮ.ਏ. ਲੁਧਿਆਣਾ

ਸਿੱਖ ਇਤਿਹਾਸ 'ਚ ਬੰਦੀ ਛੋੜ ਦਿਵਸ ਦੀ ਮਹਾਨਤਾ



ਸਿੱਖ ਕੌਮ ਵੱਲੋਂ ਦੀਵਾਲੀ ਨੂੰ 'ਬੰਦੀ ਛੋੜ ਦਿਵਸ' ਵਜੋਂ ਮਨਾਉਣ ਦਾ ਸਬੰਧ ਛੇਵੇਂ ਪਤਾਸ਼ਾਹ ਗੁਰੂ ਹਰਗੋਬਿੰਦ ਸਾਹਿਬ ਦੀ 52 ਰਾਜਿਆਂ ਸਮੇਤ ਗਵਾਲੀਅਰ ਦੇ ਕਿਲ੍ਹੇ 'ਚੋਂ ਰਿਹਾਈ ਨਾਲ ਜੁੜਿਆ ਹੈ। ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਉਪਰੰਤ ਮੁਗ਼ਲਾਂ ਦੇ ਜਬਰ ਨਾਲ ਨਜਿੱਠਣ ਲਈ ਗੁਰੂ ਹਰਗੋਬਿੰਦ ਸਾਹਿਬ ਨੇ ਸਿੱਖ ਕੌਮ ਨੂੰ ਹਥਿਆਰਬੰਦ ਹੋਣ ਦਾ ਸੰਦੇਸ਼ ਦਿੱਤਾ। ਉਨ੍ਹਾਂ ਨੇ 'ਮੀਰੀ' ਤੇ 'ਪੀਰੀ' ਦੀਆਂ ਦੋ ਕਿਰਪਾਨਾਂ ਧਾਰਨ ਕੀਤੀਆਂ, ਸਿੱਖਾਂ ਨੂੰ ਘੋੜ ਸਵਾਰੀ ਸਮੇਤ ਯੁੱਧ ਕਲਾ 'ਚ ਨਿਪੁੰਨ ਹੋਣ ਦਾ ਸੰਦੇਸ਼ ਦਿੱਤਾ। ਗੁਰੂ ਸਾਹਿਬ ਨੇ ਅੰਮ੍ਰਿਤਸਰ ਵਿਚ ਸਿੱਖ ਕੌਮ ਸਬੰਧੀ ਨਿਰਣਿਆਂ ਲਈ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਥਾਪਨਾ ਕੀਤੀ।

ਗੁਰੂ ਸਾਹਿਬ ਦੀ ਸ਼ਾਹੀ, ਸੁਤੰਤਰ ਤੇ ਬੇਬਾਕ ਜੀਵਨ ਸ਼ੈਲੀ ਹਕੂਮਤ ਨੂੰ ਰੜਕਣ ਲੱਗੀ। ਗੁਰੂ ਘਰ ਦੇ ਦੋਖੀਆਂ ਨੇ ਮੁਗ਼ਲ ਹਾਕਮਾਂ ਨੂੰ ਭੜਕਾਉਣਾ ਸ਼ੁਰੂ ਕਰ ਦਿੱਤਾ। ਬਾਦਸ਼ਾਹ ਜਹਾਂਗੀਰ ਨੂੰ ਵੀ ਜਾਪਦਾ ਸੀ ਕਿ ਸ਼ਾਇਦ ਗੁਰੂ ਸਾਹਿਬ ਸਾਰੀ ਜੰਗੀ ਤਿਆਰੀ ਮੁਗ਼ਲ ਹਕੂਮਤ ਕੋਲੋਂ ਆਪਣੇ ਗੁਰੂ-ਪਿਤਾ ਦੀ ਸ਼ਹਾਦਤ ਦਾ ਬਦਲਾ ਲੈਣ ਲਈ ਕਰ ਰਹੇ ਹਨ। ਉਸ ਨੇ ਗੁਰੂ ਸਾਹਿਬ ਨੂੰ ਨਿਸ਼ਾਨਾ ਬਣਾਉਣ ਦੀਆਂ ਚਾਲਾਂ ਸ਼ੁਰੂ ਕਰਦਿਆਂ ਗੁਰੂ ਸਾਹਿਬ ਨੂੰ ਗਵਾਲੀਅਰ ਦੇ ਕਿਲ੍ਹੇ 'ਚ ਬੰਦੀ ਬਣਾ ਦਿੱਤਾ।

ਜਹਾਂਗੀਰ ਵੱਲੋਂ ਵੱਖ-ਵੱਖ ਰਿਆਸਤਾਂ ਦੇ ਬਵੰਜਾ ਰਾਜਿਆਂ ਦੀਆਂ ਰਿਆਸਤਾਂ ਹਥਿਆਉਣ ਉਪਰੰਤ ਉਨ੍ਹਾਂ ਨੂੰ ਵੀ ਬੰਦੀ ਬਣਾ ਕੇ ਗਵਾਲੀਅਰ ਦੇ ਕਿਲ੍ਹੇ 'ਚ ਰੱਖਿਆ ਹੋਇਆ ਸੀ। ਕਿਲ੍ਹੇ ਵਿਚ ਗੁਰੂ ਸਾਹਿਬ ਨੇ ਸਰਕਾਰੀ ਖ਼ਜ਼ਾਨੇ 'ਚੋਂ ਆ ਰਿਹਾ ਭੋਜਨ ਖਾਣ ਤੋਂ ਇਨਕਾਰ ਕਰ ਦਿੱਤਾ। ਬੰਦੀ ਰਾਜੇ ਆਪਣੀ ਆਜ਼ਾਦੀ ਦਾ ਵਿਚਾਰ ਤਿਆਗ ਕੇ ਘੋਰ ਨਿਰਾਸ਼ਾ 'ਚ ਰਹਿ ਰਹੇ ਸਨ। ਗੁਰੂ ਸਾਹਿਬ ਨੇ ਬੰਦੀ ਬਣਾਏ ਜਾਣ ਨੂੰ ਪਰਮਾਤਮਾ ਦੀ ਮਿਹਰ ਵਜੋਂ ਸਵੀਕਾਰ ਕਰਦਿਆਂ ਰਾਜਿਆਂ ਨੂੰ ਸਮਝਾਇਆ ਕਿ ਜ਼ਾਲਮ ਸਿਰਫ਼ ਸਰੀਰ ਨੂੰ ਬੰਦੀ ਬਣਾ ਸਕਦੇ ਹਨ ਆਤਮਾ ਨੂੰ ਨਹੀਂ। ਗੁਰੂ ਸਾਹਿਬ ਨੇ ਫੁਰਮਾਇਆ ਕਿ ਇਸ ਨਾਲ ਸਾਨੂੰ ਪਰਮਾਤਮਾ ਦੇ ਸਿਮਰਨ 'ਚ ਵਧੇਰੇ ਸਮਾਂ ਬਿਤਾਉਣ ਦਾ ਅਵਸਰ ਮਿਲਿਆ ਹੈ। ਗੁਰੂ ਸਾਹਿਬ ਦੇ ਚੜ੍ਹਦੀ ਕਲਾ ਵਾਲੇ ਵਿਚਾਰਾਂ ਦਾ ਰਾਜਿਆਂ ਦੇ ਮਨਾਂ 'ਤੇ ਭਾਰੀ ਅਸਰ ਹੋਇਆ।

ਗੁਰੂ ਸਾਹਿਬ ਨੂੰ ਤਰਕਹੀਣ ਢੰਗ ਨਾਲ ਕਿਲ੍ਹੇ 'ਚ ਬੰਦੀ ਬਣਾਏ ਜਾਣ ਦਾ ਸਿੱਖਾਂ ਸਮੇਤ ਸਭਨਾਂ ਧਰਮਾਂ ਦੇ ਲੋਕਾਂ ਵੱਲੋਂ ਵਿਰੋਧ ਕੀਤੇ ਜਾਣ 'ਤੇ ਮੁਗ਼ਲ ਹਕੂਮਤ ਨੇ ਗੁਰੂ ਸਾਹਿਬ ਨੂੰ ਰਿਹਾਅ ਕਰਨ ਦਾ ਨਿਰਣਾ ਲਿਆ। ਗੁਰੂ ਸਾਹਿਬ ਨੇ ਮੁਗ਼ਲ ਹਕੂਮਤ ਅੱਗੇ ਆਪਣੀ ਰਿਹਾਈ ਦੇ ਨਾਲ ਬਵੰਜਾ ਰਾਜਿਆਂ ਦੀ ਰਿਹਾਈ ਦੀ ਸ਼ਰਤ ਰੱਖੀ। ਰਿਹਾਈ ਵੇਲੇ ਗੁਰੂ ਸਾਹਿਬ ਵੱਲੋਂ ਪਹਿਨੇ ਬਵੰਜਾ ਕਲੀਆਂ ਵਾਲੇ ਚੋਲੇ ਨਾਲ ਇਨ੍ਹਾਂ ਬਵੰਜਾ ਰਾਜਿਆਂ ਦੀ ਵੀ ਰਿਹਾਈ ਹੋਈ। ਕਿਲ੍ਹੇ 'ਚੋਂ ਰਿਹਾਈ ਉਪਰੰਤ ਗੁਰੂ ਸਾਹਿਬ ਸ੍ਰੀ ਹਰਿਮੰਦਰ ਸਾਹਿਬ ਪਹੁੰਚੇ ਤਾਂ ਸਿੱਖ ਸੰਗਤ ਨੇ ਉਨ੍ਹਾਂ ਦੀ ਆਮਦ ਦੀ ਖ਼ੁਸ਼ੀ 'ਚ ਹਰਿਮੰਦਰ ਸਾਹਿਬ ਵਿਖੇ ਦੀਪਮਾਲਾ ਤੇ ਆਤਿਸ਼ਬਾਜ਼ੀ ਦੇ ਨਾਲ-ਨਾਲ ਆਪਣੇ ਘਰਾਂ ਦੇ ਬਨੇਰਿਆਂ 'ਚ ਵੀ ਦੀਪਮਾਲਾ ਕੀਤੀ। ਉਸ ਦਿਨ ਤੋਂ ਸਿੱਖ ਕੌਮ ਦਾ ਦੀਵਾਲੀ ਨਾਲ ਸਬੰਧ ਹੋਰ ਗਹਿਰਾ ਹੋ ਗਿਆ ਤੇ ਸਿੱਖਾਂ ਨੇ ਦੀਵਾਲੀ ਦਾ ਤਿਉਹਾਰ 'ਬੰਦੀ ਛੋੜ ਦਿਵਸ' ਵਜੋਂ ਮਨਾਉਣਾ ਸ਼ੁਰੂ ਕੀਤਾ। ਸਿੱਖਾਂ ਵੱਲੋਂ ਸ੍ਰੀ ਹਰਿਮੰਦਰ ਸਾਹਿਬ ਵਿਖੇ ਮਨਾਈ ਜਾਂਦੀ ਦਿਵਾਲੀ ਵਿਸ਼ਵ ਪ੍ਰਸਿੱਧ ਹੈ ਤੇ ਇਸ ਮੌਕੇ ਆਤਿਸ਼ਬਾਜ਼ੀ ਤੇ ਦੀਪਮਾਲਾ ਦਾ ਨਜ਼ਾਰਾ ਵਿਲੱਖਣ ਹੁੰਦਾ ਹੈ। ਇਹ ਆਲੌਕਿਕ ਨਜ਼ਾਰਾ ਵੇਖਣ ਅਤੇ ਗੁਰੂ ਸਾਹਿਬ ਨੂੰ ਸੀਸ ਝੁਕਾਉਣ ਲਈ ਵੱਡੀ ਗਿਣਤੀ 'ਚ ਸੰਗਤਾਂ ਹਰ ਵਰ੍ਹੇ ਹੁਮ ਹੁੰਮਾ ਕੇ ਸ੍ਰੀ ਹਰਿਮੰਦਰ ਸਾਹਿਬ ਪੁੱਜਦੀਆਂ ਹਨ।

ਸਿੱਖ ਕੌਮ ਵੱਲੋਂ ਜਬਰ-ਜ਼ੁਲਮ ਨਾਲ ਟਕਰਾਉਣ 'ਚ ਵਿਖਾਏ ਜਾਣ ਵਾਲੇ ਜੋਸ਼ ਤੋਂ ਮੁਗ਼ਲ ਹਕੂਮਤ ਬਹੁਤ ਪਰੇਸ਼ਾਨ ਸੀ। ਮੁਗ਼ਲਾਂ ਵੱਲੋਂ ਵਿਖਾਇਆ ਜਾਂਦਾ ਭੈਅ ਸਿੱਖਾਂ ਨੂੰ ਡਰਾਉਣ 'ਚ ਅਸਫਲ ਹੁੰਦਾ ਵੇਖ ਕੇ ਉਨ੍ਹਾਂ ਨੇ ਸਿੱਖਾਂ ਦੀ ਸ਼ਕਤੀ ਦੇ ਸੋਮੇ ਸ੍ਰੀ ਹਰਿਮੰਦਰ ਸਾਹਿਬ ਨੂੰ ਨਿਸ਼ਾਨਾ ਬਣਾਉਣਾ ਸ਼ੁਰੂ ਕੀਤਾ। ਸਿੱਖਾਂ ਦੀ ਸ੍ਰੀ ਦਰਬਾਰ ਸਾਹਿਬ ਵਿਖੇ ਆਮਦ 'ਤੇ ਤਰ੍ਹਾਂ-ਤਰ੍ਹਾਂ ਦੀਆਂ ਪਾਬੰਦੀਆਂ ਲਗਾਈਆਂ ਜਾਣ ਲੱਗੀਆਂ। ਦਸ਼ਮ ਪਿਤਾ ਗੁਰੂ ਗੋਬਿੰਦ ਸਿੰਘ ਜੀ ਦੇ ਜੋਤੀ ਜੋਤਿ ਸਮਾਉਣ ਅਤੇ ਬਾਬਾ ਬੰਦਾ ਸਿੰਘ ਬਹਾਦਰ ਦੀ ਸ਼ਹਾਦਤ ਉਪਰੰਤ ਮੁਗ਼ਲਾਂ ਦੇ ਸਿੱਖ ਕੌਮ 'ਤੇ ਅੱਤਿਆਚਾਰ ਵੱਧ ਗਏ। ਸਿੱਖ ਜੰਗਲਾਂ ਤੇ ਵੀਰਾਨ ਥਾਵਾਂ 'ਤੇ ਸਮਾਂ ਗੁਜ਼ਾਰਦੇ ਹੋਏ ਵੀ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨਾਂ ਲਈ ਜਰੂਰ ਪਹੁੰਚਦੇ। ਮੁਗ਼ਲਾਂ ਵੱਲੋਂ ਸ੍ਰੀ ਹਰਿਮੰਦਰ ਸਾਹਿਬ ਵਿਖੇ ਬੰਦੀ ਛੋੜ ਦਿਵਸ ਮਨਾਉਣ ਤੋਂ ਰੋਕਣ ਲਈ ਵੀ ਸਿੱਖ ਸੰਗਤ ਦੀ ਆਮਦ ਨੂੰ ਰੋਕਣ ਦੀਆਂ ਕੋਸ਼ਿਸ਼ਾਂ ਕੀਤੀਆਂ ਗਈਆਂ। ਉਸ ਸਮੇਂ ਦਰਬਾਰ ਸਾਹਿਬ ਵਿਖੇ ਮੁੱਖ ਗ੍ਰੰਥੀ ਦੀ ਸੇਵਾ ਨਿਭਾਅ ਰਹੇ ਭਾਈ ਮਨੀ ਸਿੰਘ ਜੀ ਨੇ ਮੁਗ਼ਲ ਹਕੂਮਤ ਤੋਂ ਬੰਦੀ ਛੋੜ ਦਿਵਸ ਮਨਾਉਣ ਦੀ ਇਜਾਜ਼ਤ ਮੰਗੀ। ਹਕੂਮਤ ਨੇ ਮੰਦਭਾਵਨਾ ਤਹਿਤ ਟੈਕਸ ਦੀ ਅਦਾਇਗੀ ਬਦਲੇ ਇਹ ਮਨਜ਼ੂਰੀ ਦਿੱਤੀ।

ਭਾਈ ਮਨੀ ਸਿੰਘ ਜੀ ਵੱਲੋਂ ਸੰਗਤ ਨੂੰ ਸ੍ਰੀ ਦਰਬਾਰ ਸਾਹਿਬ ਪਹੁੰਚਣ ਲਈ ਕੀਤੀ ਅਪੀਲ ਨਾਲ ਭਾਰੀ ਉਤਸ਼ਾਹ ਵੇਖਣ ਨੂੰ ਮਿਲਿਆ। ਬੰਦੀ ਛੋੜ ਦਿਵਸ ਮੌਕੇ ਇਕੱਤਰ ਸਿੱਖਾਂ 'ਤੇ ਹਕੂਮਤ ਵੱਲੋਂ ਕੀਤੇ ਜਾਣ ਵਾਲੇ ਅਤਿਆਚਾਰ ਦੀ ਭਾਈ ਮਨੀ ਸਿੰਘ ਜੀ ਨੂੰ ਖ਼ਬਰ ਲੱਗੀ ਤਾਂ ਉਨ੍ਹਾਂ ਨੇ ਸਿੱਖਾਂ ਨੂੰ ਸ੍ਰੀ ਦਰਬਾਰ ਸਾਹਿਬ ਆਉਣ ਤੋਂ ਰੋਕ ਦਿੱਤਾ।

ਸਿੱਖਾਂ ਉੱਪਰ ਹਮਲੇ ਕਰ ਕੇ ਉਨ੍ਹਾਂ ਨੂੰ ਭਾਰੀ ਜਾਨੀ-ਮਾਲੀ ਨੁਕਸਾਨ ਪਹੁੰਚਾਉਣ ਦੇ ਮਨਸੂਬੇ ਮਿੱਟੀ 'ਚ ਮਿਲਣ 'ਤੇ ਲੋਹੀ-ਲਾਖੀ ਹੋਈ ਮੁਗ਼ਲ ਹਕੂਮਤ ਨੇ ਭਾਈ ਮਨੀ ਸਿੰਘ ਨੂੰ ਨਿਸ਼ਾਨਾ ਬਣਾਉਣਾ ਸ਼ੁਰੂ ਕਰ ਦਿੱਤਾ। ਭਾਈ ਮਨੀ ਸਿੰਘ ਵੱਲੋਂ ਹਕੂਮਤ ਨੂੰ ਬੰਦੀ ਛੋੜ ਦਿਵਸ ਮਨਾਉਣ ਲਈ ਅਦਾ ਕੀਤੇ ਜਾਣ ਵਾਲੇ ਟੈਕਸ ਦੀ ਅਦਾਇਗੀ ਤੋਂ ਇਨਕਾਰ ਕਰ ਦੇਣ ਨਾਲ ਭਾਈ ਮਨੀ ਸਿੰਘ ਨੂੰ ਗ੍ਰਿਫ਼ਤਾਰ ਕਰਨ ਦਾ ਹਕੂਮਤ ਨੂੰ ਬਹਾਨਾ ਮਿਲ ਗਿਆ। ਭਾਈ ਸਾਹਿਬ ਨੂੰ ਗ੍ਰਿਫ਼ਤਾਰ ਕਰ ਕੇ ਇਸਲਾਮ ਜਾਂ ਮੌਤ ਨੂੰ ਕਬੂਲ ਕਰਨ ਦਾ ਫੁਰਮਾਨ ਸੁਣਾਇਆ ਗਿਆ। ਭਾਈ ਮਨੀ ਸਿੰਘ ਜੀ ਨੇ ਸ਼ਹਾਦਤਾਂ ਦੇ ਗੌਰਵਮਈ ਇਤਿਹਾਸ 'ਤੇ ਪਹਿਰਾ ਦਿੰਦਿਆਂ ਸ਼ਹਾਦਤ ਦੇਣੀ ਪ੍ਰਵਾਨ ਕੀਤਾ। ਭਾਈ ਮਨੀ ਸਿੰਘ ਜੀ ਨੇ ਗੱਜ ਕੇ ਕਿਹਾ 'ਮੈਨੂੰ ਜਾਨ ਨਹੀਂ ਸਿੱਖੀ ਪਿਆਰੀ ਹੈ। ਮੇਰੀ ਜ਼ਿੰਦਗੀ ਮੇਰੇ ਗੁਰੂਆਂ ਦੀ ਅਮਾਨਤ ਹੈ। ਮੈਂ ਇਸ ਨੂੰ ਉਨ੍ਹਾਂ ਦੇ ਪਾਏ ਪੂਰਨਿਆਂ ਨੂੰ ਨਿਭਾਉਣ ਲਈ ਲੇਖੇ ਲਾ ਕੇ ਖ਼ੁਦ ਨੂੰ ਵਡਭਾਗਾ ਸਮਝਦਾ ਹਾਂ।' ਮੁਗ਼ਲ ਹਕੂਮਤ ਵੱਲੋਂ ਭਾਈ ਮਨੀ ਸਿੰਘ ਜੀ ਨੂੰ ਬੰਦ-ਬੰਦ ਕੱਟ ਕੇ ਸ਼ਹੀਦ ਕਰ ਦਿੱਤਾ ਗਿਆ। ਭਾਈ ਮਨੀ ਸਿੰਘ ਵੱਲੋਂ ਸਿੱਖੀ ਸਿਦਕ ਨਿਭਾਉਣ ਲਈ ਦਿੱਤੀ ਸ਼ਹਾਦਤ ਦਾ ਦਿਨ ਬੇਸ਼ੱਕ ਦਿਵਾਲੀ ਵਾਲਾ ਨਹੀਂ ਸੀ ਪਰ ਉਨ੍ਹਾਂ ਦੀ ਸ਼ਹਾਦਤ ਦਾ ਕਾਰਨ ਦੀਵਾਲੀ ਮਨਾਉਣਾ ਜਰੂਰ ਬਣਿਆ। ਇਸ ਤਰ੍ਹਾਂ ਸਿੱਖ ਕੌਮ ਦੇ ਕੁਰਬਾਨੀਆਂ ਭਰੇ ਮਾਣਮੱਤੇ ਇਤਿਹਾਸ ਦੀ ਭਾਈ ਮਨੀ ਸਿੰਘ ਜੀ ਦੀ ਸ਼ਹਾਦਤ ਵਾਲੀ ਦੂਜੀ ਗੌਰਵਮਈ ਘਟਨਾ ਦਾ ਸਬੰਧ ਵੀ ਬੰਦੀ ਛੋੜ ਦਿਵਸ ਨਾਲ ਜੁੜ ਗਿਆ।

ਕੌਮ ਵੱਲੋਂ ਬੰਦੀ ਛੋੜ ਦਿਵਸ ਮਨਾਏ ਜਾਣ ਦਾ ਮਨੋਰਥ ਗੁਰੂ ਸਾਹਿਬ ਅਤੇ ਭਾਈ ਮਨੀ ਸਿੰਘ ਵਾਂਗ ਜਬਰ-ਜ਼ੁਲਮ ਨਾਲ ਜ਼ਿੰਦਗੀ ਦੀ ਕੀਮਤ 'ਤੇ ਟਕਰਾਉਣ ਦੇ ਵਿਲੱਖਣ ਜਜ਼ਬੇ ਨਾਲ ਹੀ ਪੂਰਾ ਹੋ ਸਕਦਾ ਹੈ। ਗੁਰੂ ਸਾਹਿਬ ਤੇ ਸ਼ਹੀਦਾਂ ਵੱਲੋਂ ਪਰਉਪਕਾਰ ਤੇ ਇਨਸਾਨੀਅਤ ਦੀ ਰਖਵਾਲੀ ਦੇ ਪਾਏ ਪੂਰਨਿਆਂ 'ਤੇ ਪਹਿਰਾ ਦੇਣ ਦੀ ਪਰਪੱਕਤਾ ਮਨਾਂ ਅੰਦਰ ਪੈਦਾ ਕਰਨ ਨਾਲ ਹੀ ਬੰਦੀ ਛੋੜ ਦਿਵਸ ਮਨਾਉਣ ਦਾ ਮਨੋਰਥ ਪੂਰਾ ਹੋਣਾ ਹੈ।

- ਬਿੰਦਰ ਸਿੰਘ ਖੁੱਡੀ ਕਲਾਂ



ਅੱਜ ਦੇ ਦਿਨ ਮੀਰੀ-ਪੀਰੀ ਦੇ ਮਾਲਕ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਗਵਾਲੀਅਰ ਦੇ ਕਿਲ੍ਹੇ ਵਿਚੋਂ 52 ਰਾਜਿਆਂ ਸਮੇਤ ਰਿਹਾਅ ਹੋ ਕੇ ਆਏ ਸਨ। ਸਿੱਖ ਸੰਗਤ ਵੱਲੋਂ ਇਸ ਦਿਨ ਨੂੰ ਬੰਦੀ ਛੋੜ ਦਿਵਸ ਵਜੋਂ ਮਨਾਇਆ ਜਾਂਦਾ ਹੈ।

ਆਪ ਸਭ ਨੂੰ ਕੋਟਿਨ-ਕੋਟਿ ਵਧਾਈਆਂ

ਆਓ ਅੱਜ ਉਨ੍ਹਾਂ ਮਹਾਨ ਸਿੰਘਾਂ ਦੀਆਂ ਕੁਰਬਾਨੀਆਂ ਨੂੰ ਯਾਦ ਕਰਦਿਆਂ ਧੰਨ-ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲੱਗ ਕੇ ਆਪਣਾ ਜੀਵਨ ਸਫਲਾ ਕਰੀਏ ਜੀ।

-- ★ ਵੱਲੋਂ ★--

ਭਾਈ ਸੁਖਮੰਦਰ ਸਿੰਘ ਬਰਾੜ

ਪੰਥਕ ਕਵੀ ਅਤੇ ਲਿਖਾਰੀ ਇੰਗਲੈਂਡ (ਯੂ ਕੇ)



ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭਗਵਾਨਗੜ੍ਹ ਵਿਖੇ

‘ਸੁਰੱਖਿਅਤ ਬਚਪਨ’ ਵਿਸ਼ੇ ਤਹਿਤ ਜਾਗਰੂਕਤਾ ਪ੍ਰੋਗਰਾਮ ਕਰਵਾਇਆ







आवाज़ि कौम AWAZE QAUM International Newspaper & WEB TV

ਤਲਵੰਡੀ ਸਾਬੋ, 07 ਨਵੰਬਰ (ਗੁਰਜੰਟ ਸਿੰਘ ਨਥੇਹਾ)– ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਭਗਵਾਨਗੜ੍ਹ ਵਿਖੇ ਸਕੂਲ ਇੰਚਾਰਜ ਸ. ਸਤਨਾਮ ਸਿੰਘ ਦੀ ਅਗਵਾਈ ਹੇਠ ਲੀਗਲ ਲਿਟਰੇਸੀ ਕਲੱਬ ਦੇ ਤਹਿਤ ‘ਸੁਰੱਖਿਅਤ ਬਚਪਨ’ ਵਿਸ਼ੇ ਸਬੰਧੀ ਸਵੇਰ ਦੀ ਸਭਾ ਦੌਰਾਨ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਇਸ ਪ੍ਰੋਗਰਾਮ ਨੂੰ ਸਫਲ ਬਣਾਉਣ ਵਿੱਚ ਸਕੂਲ ਦੇ ਲੀਗਲ ਲਿਟਰੇਸੀ ਕਲੱਬ ਦੇ ਨੋਡਲ ਅਧਿਆਪਕ ਸ੍ਰੀ ਮੋਤੀ ਰਾਮ ਦਾ ਵਿਸ਼ੇਸ਼ ਸਹਿਯੋਗ ਰਿਹਾ। ਇਸ ਮੌਕੇ ਸਰਗਰਮ ਸਮਾਜ ਸੇਵੀ ਅਤੇ ਰਾਸ਼ਟਰੀ ਕਾਨੂੰਨੀ ਸੇਵਾਵਾਂ ਅਥਾਰਟੀ ਬਠਿੰਡਾ ਦੇ ਮੈਂਬਰ ਸ੍ਰੀ ਰਾਕੇਸ਼ ਨਰੂਲਾ ਵਿਸ਼ੇਸ਼ ਤੌਰ ’ਤੇ ਪਹੁੰਚੇ। ਉਨ੍ਹਾਂ ਨੇ ਆਪਣੇ ਸੰਬੋਧਨ ਦੌਰਾਨ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਕਾਨੂੰਨੀ ਅਧਿਕਾਰਾਂ, ਔਰਤਾਂ ਅਤੇ ਲੜਕੀਆਂ ਦੀ ਭਲਾਈ ਲਈ ਚਲਾਈਆਂ ਜਾ ਰਹੀਆਂ ਵਿਸ਼ੇਸ਼ ਯੋਜਨਾਵਾਂ, ਲੋਕ ਅਦਾਲਤਾਂ ਅਤੇ ਮੁਫ਼ਤ ਕਾਨੂੰਨੀ ਸੇਵਾਵਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਇਸ ਦੇ ਨਾਲ ਹੀ ਉਨ੍ਹਾਂ ਵੱਖ-ਵੱਖ ਟੋਲ ਫਰੀ ਨੰਬਰਾਂ ਦੀ ਮਹੱਤਤਾ ਬਾਰੇ ਦੱਸਦਿਆਂ ਬੱਚਿਆਂ ਦੀ ਸੁਰੱਖਿਆ ਲਈ ਜਾਰੀ ਹੈਲਪਲਾਈਨ ਨੰਬਰ 1098 ਸਬੰਧੀ ਵੀ ਵਿਸਥਾਰ ਨਾਲ ਜਾਣਕਾਰੀ ਦਿੱਤੀ। ਸ੍ਰੀ ਨਰੂਲਾ ਨੇ ਵਿਦਿਆਰਥੀਆਂ ਨੂੰ ਹਰ ਸਮੇਂ ਸੁਚੇਤ ਅਤੇ ਜਾਗਰੂਕ ਰਹਿਣ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਆਪਣੇ ਅਧਿਕਾਰਾਂ ਅਤੇ ਕਾਨੂੰਨੀ ਸਹੂਲਤਾਂ ਬਾਰੇ ਜਾਣਕਾਰੀ ਹੋਣਾ ਬੇਹੱਦ ਜ਼ਰੂਰੀ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਸਗੀਰ ਦਾਨ ਦੀ ਮਹੱਤਤਾ ਸਬੰਧੀ ਵੀ ਜਾਣਕਾਰੀ ਦਿੱਤੀ। ਪ੍ਰੋਗਰਾਮ ਦਾ ਮੰਚ ਸੰਚਾਲਨ ਸ੍ਰੀ ਮੋਤੀ ਰਾਮ, ਨੋਡਲ ਅਧਿਆਪਕ, ਲੀਗਲ ਲਿਟਰੇਸੀ ਕਲੱਬ ਵੱਲੋਂ ਕੀਤਾ ਗਿਆ। ਪ੍ਰੋਗਰਾਮ ਦੇ ਅਖੀਰ ਵਿੱਚ ਸਕੂਲ ਇੰਚਾਰਜ ਸ. ਸਤਨਾਮ ਸਿੰਘ ਨੇ ਪਹੁੰਚੇ ਮਹਿਮਾਨਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਹਰੇਕ ਵਿਅਕਤੀ ਨੂੰ ਆਪਣੇ ਅਧਿਕਾਰਾਂ ਪ੍ਰਤੀ ਜਾਗਰੂਕ ਰਹਿਣਾ ਚਾਹੀਦਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਵੱਖ-ਵੱਖ ਹੈਲਪਲਾਈਨ ਅਤੇ ਟੋਲ ਫਰੀ ਨੰਬਰਾਂ ਦੀ ਮੁੜ ਜਾਣਕਾਰੀ ਵੀ ਦਿੱਤੀ। ਇਸ ਮੌਕੇ ਸਕੂਲ ਦਾ ਸਮੁੱਚਾ ਸਟਾਫ਼ ਹਾਜ਼ਰ ਸੀ।

ਪੰਜਾਬ ਵਕਫ਼ ਬੋਰਡ ਦੇ ਮੈਂਬਰ ਡਾ. ਅਨਵਰ ਭਸੌੜ ਨੇ ਜੇਰੇ ਬਿਲਾਲ ਮਸਜਿਦ ਦੇ ਉਸਾਰੀ ਕਾਰਜ ਦੀ ਕਰਵਾਈ ਸ਼ੁਰੂਆਤ

ਪਿੰਡ ਭੁੱਲਰਹੇੜੀ ਵਿਖੇ ਮਸਜਿਦ ਦੀ ਉਸਾਰੀ ਲਈ 5 ਲੱਖ ਰੁਪਏ ਦਾ ਚੈੱਕ ਭੇਟ



आवाज़ि कौम AWAZE QAUM International Newspaper & WEB TV

ਧੂਰੀ (ਰਣਜੀਤ ਸਿੰਘ ਪੇਧਨੀ)-ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਸਰਬਪੱਖੀ ਵਿਕਾਸ ਦੇ ਨਾਲ-ਨਾਲ ਵੱਖ-ਵੱਖ ਧਰਮਾਂ ਅਤੇ ਭਾਈਚਾਰਿਆਂ ਨਾਲ ਸਬੰਧਤ ਧਾਰਮਿਕ ਸਥਾਨਾਂ ਦੇ ਵਿਕਾਸ ਅਤੇ ਬੁਨਿਆਦੀ ਸਹੂਲਤਾਂ ਨੂੰ ਉਤਸ਼ਾਹਿਤ ਕਰਨ ਦੇ ਉਪਰਾਲਿਆਂ ਤਹਿਤ ਅੱਜ ਧੂਰੀ ਹਲਕੇ ਦੇ ਪਿੰਡ ਭੁੱਲਰਹੇੜੀ ਵਿਖੇ ਜੇਰੇ ਬਿਲਾਲ ਮਸਜਿਦ ਦੀ ਉਸਾਰੀ ਲਈ 5 ਲੱਖ ਰੁਪਏ ਦਾ ਚੈੱਕ ਭੇਟ ਕੀਤਾ ਗਿਆ। ਪੰਜਾਬ ਵਕਫ਼ ਬੋਰਡ ਦੇ ਮੈਂਬਰ ਡਾ. ਅਨਵਰ ਭਸੌੜ ਨੇ ਮਸਜਿਦ ਦੀ ਉਸਾਰੀ ਲਈ ਇਹ ਚੈੱਕ ਸਬੰਧਤ ਨੁਮਾਇੰਦਿਆਂ ਨੂੰ ਸੌਂਪਿਆ ਅਤੇ ਉਸਾਰੀ ਕਾਰਜ ਦੀ ਸ਼ੁਰੂਆਤ ਵੀ ਕਰਵਾਈ। ਇਸ ਮੌਕੇ ਡਾ. ਅਨਵਰ ਭਸੌੜ ਨੇ ਕਿਹਾ ਕਿ ਧਾਰਮਿਕ ਸਥਾਨ ਸਿਰਫ਼ ਇਬਾਦਤ ਦੇ ਕੇਂਦਰ ਹੀ ਨਹੀਂ ਹੁੰਦੇ, ਸਗੋਂ ਇਹ ਸਮਾਜ ਵਿੱਚ ਆਪਸੀ ਪਿਆਰ, ਸਦਭਾਵਨਾ, ਭਾਈਚਾਰਕ ਸਾਂਝ ਅਤੇ ਨੈਤਿਕ ਕਦਰਾਂ-ਕੀਮਤਾਂ ਨੂੰ ਮਜ਼ਬੂਤ ਕਰਨ ਵਿੱਚ ਵੀ ਅਹਿਮ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਕਿਹਾ ਕਿ ਮਸਜਿਦ ਦੀ ਉਸਾਰੀ ਲਈ ਦਿੱਤੀ ਗਈ ਇਹ ਵਿੱਤੀ ਸਹਾਇਤਾ ਇਲਾਕੇ ਦੀ ਸੰਗਤ ਅਤੇ ਪਿੰਡ ਵਾਸੀਆਂ ਦੀ ਲੰਮੇ ਸਮੇਂ ਤੋਂ ਚੱਲੀ ਆ ਰਹੀ ਲੋੜ ਨੂੰ ਪੂਰਾ ਕਰਨ ਵਿੱਚ ਸਹਾਈ ਹੋਵੇਗੀ। ਉਨ੍ਹਾਂ ਕਿਹਾ ਕਿ ਧਾਰਮਿਕ ਸਥਾਨਾਂ ਦੇ ਵਿਕਾਸ ਲਈ ਅਜਿਹੇ ਉਪਰਾਲੇ ਸਮਾਜ ਦੇ ਹਰ ਵਰਗ ਦੀਆਂ ਧਾਰਮਿਕ ਭਾਵਨਾਵਾਂ ਦਾ ਸਤਿਕਾਰ ਕਰਨ ਅਤੇ ਆਪਸੀ ਭਾਈਚਾਰਕ ਸਾਂਝ ਨੂੰ ਹੋਰ ਮਜ਼ਬੂਤ ਬਣਾਉਣ ਦੀ ਦਿਸ਼ਾ ਵਿੱਚ ਮਹੱਤਵਪੂਰਨ ਹਨ। ਉਨ੍ਹਾਂ ਨੇ ਮਸਜਿਦ ਦੀ ਉਸਾਰੀ ਨਾਲ ਜੁੜੇ ਸਮੂਹ ਨੁਮਾਇੰਦਿਆਂ ਅਤੇ ਪਿੰਡ ਵਾਸੀਆਂ ਨੂੰ ਉਸਾਰੀ ਕਾਰਜ ਸ਼ੁਰੂ ਹੋਣ ’ਤੇ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਦੇ ਚੇਅਰਮੈਨ ਰਛਪਾਲ ਸਿੰਘ ਭੁੱਲਰ ਅਤੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ ਸਮੇਤ ਪਿੰਡ ਦੇ ਪਤਵੰਤੇ ਅਤੇ ਹੋਰ ਮੋਹਤਬਰ ਵਿਅਕਤੀ ਮੌਜੂਦ ਸਨ।

ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੀ ਅਹਿਮ ਮੀਟਿੰਗ 10 ਨਵੰਬਰ ਨੂੰ ਗੁਰਦੁਆਰਾ ਰੇਰੂ ਸਾਹਿਬ, ਸਾਹਨੇਵਾਲ ਵਿਖੇ ਹੋਵੇਗੀ- ਸ ਕੋਹਲੀ

ਚੰਡੀਗੜ੍ਹ, 7 ਨਵੰਬਰ (ਆਵਾਜ਼ਿ ਕੌਮ ਬਿਊਰੋ)-ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਜੀ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਪਾਰਟੀ ਦੇ ਸਮੂਹ ਅਹੁਦੇਦਾਰਾਂ, ਆਗੂਆਂ ਅਤੇ ਡੈਲੀਗੇਟਾਂ ਦੀ ਇੱਕ ਅਤਿ ਮਹੱਤਵਪੂਰਨ ਮੀਟਿੰਗ ਮਿਤੀ 10 ਨਵੰਬਰ, ਦਿਨ ਮੰਗਲਵਾਰ, ਦੁਪਹਿਰ 12 ਵਜੇ ਗੁਰਦੁਆਰਾ ਰੇਰੂ ਸਾਹਿਬ, ਸਾਹਨੇਵਾਲ (ਨੇੜੇ ਲੁਧਿਆਣਾ) ਵਿਖੇ ਬੁਲਾਈ ਗਈ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪਾਰਟੀ ਦੇ ਦਫ਼ਤਰ ਸਕੱਤਰ ਸ ਜਗਜੀਤ ਸਿੰਘ ਕੋਹਲੀ ਨੇ ਦੱਸਿਆ ਕਿ ਮੌਜੂਦਾ ਸਮੇਂ ਪੰਥ ਅਤੇ ਪੰਜਾਬ ਕਈ ਗੰਭੀਰ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ। ਇਨ੍ਹਾਂ ਹਾਲਾਤਾਂ ਨੂੰ ਧਿਆਨ ਵਿੱਚ ਰੱਖਦਿਆਂ ਪਾਰਟੀ ਵੱਲੋਂ ਇਹ ਵਿਸ਼ੇਸ਼ ਮੀਟਿੰਗ ਸੱਦੀ ਗਈ ਹੈ, ਜਿਸ ਦੌਰਾਨ ਪੰਥਕ ਮੁੱਦਿਆਂ, ਪੰਜਾਬ ਦੇ ਸਮਾਜਿਕ, ਆਰਥਿਕ ਅਤੇ ਰਾਜਨੀਤਿਕ ਹਾਲਾਤਾਂ, ਪਾਰਟੀ ਦੀ ਮਜ਼ਬੂਤੀ ਅਤੇ ਆਉਣ ਵਾਲੇ ਕਾਰਜਕ੍ਰਮਾਂ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਮੀਟਿੰਗ ਵਿੱਚ ਸਿਆਸੀ ਅਤੇ ਪੰਥਕ ਏਕਤਾ ਨੂੰ ਹੋਰ ਮਜ਼ਬੂਤ ਕਰਨ, ਸਿੱਖ ਕੌਮ ਦੀਆਂ ਭਾਵਨਾਵਾਂ ਨਾਲ ਜੁੜੇ ਮੁੱਦਿਆਂ ਅਤੇ ਪੰਜਾਬ ਦੇ ਹੱਕਾਂ ਲਈ ਸਾਂਝੀ ਰਣਨੀਤੀ ਤਿਆਰ ਕਰਨ ਸਬੰਧੀ ਵੀ ਅਹਿਮ ਚਰਚਾ ਹੋਵੇਗੀ। ਜਿਸ ਲਈ ਪਾਰਟੀ ਆਗੂਆਂ ਅਤੇ ਵਰਕਰਾਂ ਦੇ ਸੁਝਾਅ ਲਏ ਜਾਣਗੇ ਤਾਂ ਜੋ ਸੰਗਠਨ ਨੂੰ ਜ਼ਮੀਨੀ ਪੱਧਰ ‘ਤੇ ਹੋਰ ਮਜ਼ਬੂਤ ਬਣਾਇਆ ਜਾ ਸਕੇ। ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵੱਲੋਂ ਪਾਰਟੀ ਦੀ ਕੋਰ ਕਮੇਟੀ ਦੇ ਸਮੂਹ ਮੈਂਬਰਾਂ, ਪੀ ਏ ਸੀ ਮੈਂਬਰਾਂ, ਵਰਕਿੰਗ ਕਮੇਟੀ, ਸੂਬਾ ਪੱਧਰੀ ਅਹੁਦੇਦਾਰਾਂ, ਵੱਖ-ਵੱਖ ਵਿੰਗਾਂ ਦੇ ਪ੍ਰਧਾਨਾਂ ਅਤੇ ਅਹੁਦੇਦਾਰਾਂ, ਸਮੂਹ ਡੈਲੀਗੇਟਾਂ, ਜ਼ਿਲ੍ਹਾ ਅਤੇ ਸਰਕਲ ਪ੍ਰਧਾਨਾਂ ਸਮੇਤ ਸਾਰੇ ਅਹੁਦੇਦਾਰਾਂ ਨੂੰ ਮੀਟਿੰਗ ਵਿੱਚ ਲਾਜ਼ਮੀ ਤੌਰ ’ਤੇ ਸ਼ਾਮਲ ਹੋਣ ਦੀ ਅਪੀਲ ਕੀਤੀ ਗਈ ਹੈ। ਜਗਜੀਤ ਸਿੰਘ ਕੋਹਲੀ ਨੇ ਕਿਹਾ ਕਿ ਪਾਰਟੀ ਦੀ ਮਜ਼ਬੂਤੀ ਅਤੇ ਪੰਥਕ ਉਦੇਸ਼ਾਂ ਦੀ ਪੂਰਤੀ ਲਈ ਇਹ ਮੀਟਿੰਗ ਬਹੁਤ ਮਹੱਤਵ ਰੱਖਦੀ ਹੈ, ਇਸ ਲਈ ਸਾਰੇ ਸੱਦੇ ਗਏ ਆਗੂ ਅਤੇ ਅਹੁਦੇਦਾਰ ਸਮੇਂ ਸਿਰ ਪਹੁੰਚ ਕੇ ਆਪਣੇ ਕੀਮਤੀ ਵਿਚਾਰ ਸਾਂਝੇ ਕਰਨ। ਪ੍ਰੈੱਸ ਨੂੰ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।

ਸਰਕਾਰੀ ਸਕੂਲਾਂ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਕਰਕੇ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕ ਰਹੀ ਪੰਜਾਬ ਸਰਕਾਰ: ਰਾਜਵੰਤ ਸਿੰਘ ਘੁੱਲੀ

ਸਿੱਖਿਆ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਪੰਜਾਬ ਸਰਕਾਰ ਵਚਨਬੱਧ: ਹਰਜਿੰਦਰ ਸਿੰਘ ਕਾਂਝਲਾ



आवाज़ि कौम AWAZE QAUM International Newspaper & WEB TV

ਧੂਰੀ (ਰਣਜੀਤ ਸਿੰਘ ਪੇਧਨੀ)-ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਸਿੱਖਿਆ ਦੇ ਮਿਆਰ ਨੂੰ ਹੋਰ ਉੱਚਾ ਚੁੱਕਣ ਅਤੇ ਸਰਕਾਰੀ ਸਕੂਲਾਂ ਨੂੰ ਆਧੁਨਿਕ ਸਹੂਲਤਾਂ ਨਾਲ ਲੈਸ ਕਰਨ ਦੇ ਉਦੇਸ਼ ਨਾਲ ਚਲਾਈ ਜਾ ਰਹੀ ‘ਪੰਜਾਬ ਸਿੱਖਿਆ ਕ੍ਰਾਂਤੀ’ ਤਹਿਤ ਧੂਰੀ ਹਲਕੇ ਦੇ ਪਿੰਡ ਬੇਨੜਾ ਅਤੇ ਧੂਰਾ ਵਿਖੇ ਸਕੂਲਾਂ ਵਿੱਚ ਕਰਵਾਏ ਗਏ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ ਅਤੇ ਹਲਕਾ ਕੋਆਰਡੀਨੇਟਰ ਦਰਸ਼ਨ ਸਿੰਘ ਪਾਠਕ ਵਿਸ਼ੇਸ਼ ਤੌਰ ’ਤੇ ਮੌਜੂਦ ਰਹੇ। ਇਸ ਮੌਕੇ ਪਿੰਡ ਧੂਰਾ ਦੇ ਸਰਕਾਰੀ ਸਕੂਲ ਵਿੱਚ ਨਵੀਂ ਬਣਾਈ ਗਈ ਲਾਇਬ੍ਰੇਰੀ ਅਤੇ ਆਰਟ ਐਂਡ ਕਰਾਫਟ ਸਹੂਲਤ ਦਾ ਉਦਘਾਟਨ ਕੀਤਾ ਗਿਆ, ਜਦਕਿ ਪਿੰਡ ਬੇਨੜਾ ਦੇ ਸਰਕਾਰੀ ਸਕੂਲ ਵਿੱਚ ਆਧੁਨਿਕ ਕਲਾਸ ਰੂਮ ਕਮ ਵਰਕਸ਼ਾਪ ਦੇ ਕਾਰਜਾਂ ਦੀ ਸ਼ੁਰੂਆਤ ਕੀਤੀ ਗਈ। ਇਸ ਮੌਕੇ ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸਿੱਖਿਆ ਖੇਤਰ ਵਿੱਚ ਇਤਿਹਾਸਕ ਤਬਦੀਲੀਆਂ ਲਿਆਉਣ ਲਈ ਲਗਾਤਾਰ ਯਤਨਸ਼ੀਲ ਹੈ। ਉਨ੍ਹਾਂ ਕਿਹਾ ਕਿ ਸਰਕਾਰੀ ਸਕੂਲਾਂ ਵਿੱਚ ਆਧੁਨਿਕ ਬੁਨਿਆਦੀ ਢਾਂਚਾ, ਲਾਇਬ੍ਰੇਰੀਆਂ, ਸਮਾਰਟ ਕਲਾਸ ਰੂਮ ਅਤੇ ਹੋਰ ਸਹੂਲਤਾਂ ਮੁਹੱਈਆ ਕਰਵਾਉਣ ਨਾਲ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਪ੍ਰਾਪਤ ਕਰਨ ਦੇ ਬਿਹਤਰ ਮੌਕੇ ਮਿਲ ਰਹੇ ਹਨ। ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ ਨੇ ਕਿਹਾ ਕਿ ਸਿੱਖਿਆ ਕਿਸੇ ਵੀ ਸਮਾਜ ਦੀ ਤਰੱਕੀ ਦੀ ਨੀਂਹ ਹੁੰਦੀ ਹੈ ਅਤੇ ਸਰਕਾਰੀ ਸਕੂਲਾਂ ਦਾ ਮਿਆਰ ਉੱਚਾ ਚੁੱਕਣਾ ਸਮੇਂ ਦੀ ਮੁੱਖ ਲੋੜ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਕੀਤੇ ਜਾ ਰਹੇ ਕਾਰਜ ਵਿਦਿਆਰਥੀਆਂ ਦੇ ਸਰਬਪੱਖੀ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਣਗੇ। ਹਲਕਾ ਕੋਆਰਡੀਨੇਟਰ ਦਰਸ਼ਨ ਸਿੰਘ ਪਾਠਕ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਕੀਤੇ ਜਾ ਰਹੇ ਉਪਰਾਲਿਆਂ ਦਾ ਮਕਸਦ ਹਰ ਬੱਚੇ ਨੂੰ ਬਰਾਬਰ ਅਤੇ ਮਿਆਰੀ ਸਿੱਖਿਆ ਦੇ ਮੌਕੇ ਪ੍ਰਦਾਨ ਕਰਨਾ ਹੈ। ਉਨ੍ਹਾਂ ਕਿਹਾ ਕਿ ਸਕੂਲਾਂ ਵਿੱਚ ਲਾਇਬ੍ਰੇਰੀਆਂ, ਆਰਟ ਐਂਡ ਕਰਾਫਟ ਅਤੇ ਆਧੁਨਿਕ ਕਲਾਸ ਰੂਮ ਵਰਗੀਆਂ ਸਹੂਲਤਾਂ ਵਿਦਿਆਰਥੀਆਂ ਦੀ ਸਿਰਜਣਾਤਮਕਤਾ, ਹੁਨਰ ਅਤੇ ਆਤਮ-ਵਿਸ਼ਵਾਸ ਨੂੰ ਨਿਖਾਰਨ ਵਿੱਚ ਸਹਾਈ ਹੋਣਗੀਆਂ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਕੀਤੇ ਜਾ ਰਹੇ ਉਪਰਾਲਿਆਂ ਨਾਲ ਸਰਕਾਰੀ ਸਕੂਲਾਂ ਵਿੱਚ ਪੜ੍ਹਦੇ ਵਿਦਿਆਰਥੀਆਂ ਨੂੰ ਬਿਹਤਰ ਵਿੱਦਿਅਕ ਮਾਹੌਲ ਮਿਲ ਰਿਹਾ ਹੈ।


आवाज़ि कौम AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243



ਆਵਾਜ਼ਿ ਕੌਮ AWAZE QAUM International Newspaper & WEB TV

ਸ਼ਹੀਦ ਭਾਈ ਮਨੀ ਸਿੰਘ ਜੀ

ਦੀਵਾਲੀ 'ਤੇ ਵਿਸ਼ੇਸ਼



ਭਾਈ ਮਨੀ ਸਿੰਘ ਜੀ ਇੱਕ ਬਹੁਤ ਹੀ ਆਦਰਯੋਗ ਤੇ ਵਿਦਵਾਨ ਸਿੱਖ ਸਨ। ਭਾਈ ਸਾਹਬ ਦਾ ਜਨਮ 10 ਮਾਰਚ 1644 ਈ: ਨੂੰ ਪਿਤਾ ਮਾਈ ਦਾਸ ਤੇ ਮਾਤਾ ਮੱਧਰੀ ਬਾਈ ਦੇ ਘਰ ਪਿੰਡ ਅਲੀਪੁਰ ਜਿਲ੍ਹਾ ਮੁਜ਼ੱਫਰਗੜ ਪਾਕਿਸਤਾਨ ਵਿੱਚ ਹੋਇਆ। ਭਾਈ ਸਾਹਬ ਦਾ ਗੁਰੂ ਘਰ ਨਾਲ ਨਾਤਾ ਗੁਰੂ ਹਰਿਰਾਏ ਸਾਹਬ ਦੇ ਸਮੇਂ ਤੋਂ ਹੈ। ਆਪ ਦੀ ਸ਼ਾਦੀ ਪੰਦਰਵੇਂ ਵਰੇ ਵਿੱਚ ਲੱਖੀ ਰਾਇ ਜੀ ਦੀ ਲੜਕੀ ਸੀਤੋ ਜੀ ਨਾਲ ਹੋਈ।

ਜਦ ਗੁਰੂ ਗੋਬਿੰਦ ਸਿੰਘ ਜੀ ਨੇ ਵਿਸਾਖੀ ਤੇ ਖਾਲਸਾ ਸਾਜਿਆ ਤਾਂ ਭਾਈ ਮਨੀ ਸਿੰਘ ਜੀ ਨੇ ਆਪਣੇ ਭਰਾਵਾਂ ਤੇ ਪੰਜ ਪੁੱਤਰਾਂ ਨਾਲ ਅੰਮ੍ਰਿਤ ਦੀ ਪਵਿੱਤਰ ਦਾਤ ਗੁਰੂ ਗੋਬਿੰਦ ਸਿੰਘ ਜੀ ਕੋਲੋਂ ਪ੍ਰਾਪਤ ਕੀਤੀ।ਗੁਰੂ ਸਾਹਬ ਜੀ ਦੇ ਸਾਰੇ ਯੁੱਧਾਂ ਵਿੱਚ ਭਾਈ ਮਨੀ ਸਿੰਘ ਨੇ ਆਪਣੇ ਕਰਤੱਵ ਦਿਖਾਏ।ਭਾਈ ਮਨੀ ਸਿੰਘ ਜੀ ਗੁਰੂ ਸਾਹਿਬ ਦਾ ਹੁਕਮ ਪਾ ਕੇ ਅੰਮ੍ਰਿਤਸਰ ਦਰਬਾਰ ਸਾਹਿਬ ਦੇ ਹੈਡ ਗ੍ਰੰਥੀ ਵਜ਼ੋਂ ਸੇਵਾ ਨਿਭਾਉਣ ਲੱਗੇ। ਆਪ ਦਰਬਾਰ ਸਾਹਿਬ ਦੇ ਤੀਜੇ ਹੈਡ ਗ੍ਰੰਥੀ ਸਨ। ਪਹਿਲੇ ਬਾਬਾ ਬੁੱਢਾ ਜੀ, ਦੂਜੇ ਭਾਈ ਗੁਰਦਾਸ ਜੀ ਤੇ ਤੀਜੇ ਭਾਈ ਮਨੀ ਸਿੰਘ ਜੀ ਸਨ।ਜੰਗਾਂ ਯੁੱਧਾਂ ਤੋਂ ਬਾਦ ਗੁਰੂ ਗੋਬਿੰਦ ਸਿੰਘ ਜੀ ਮਾਲਵਾ ਦੇਸ਼ ਵੱਲ ਚਲੇ ਗਏ।


ਵੱਡੇ ਸਾਹਿਬਜ਼ਾਦੇ, ਛੋਟੇ ਸਾਹਿਬਜ਼ਾਦੇ, ਮਾਤਾ ਗੁਜਰੀ ਜੀ ਤੇ ਭਾਈ ਮਨੀ ਸਿੰਘ ਜੀ ਦੇ ਪੰਜ ਪੁੱਤਰਾਂ ਦੇ ਸ਼ਹੀਦ ਹੋਣ ਦੀ ਖਬਰ ਭਾਈ ਮਨੀ ਸਿੰਘ ਜੀ ਨੂੰ ਅੰਮ੍ਰਿਤਸਰ ਸਾਹਬ ਵਿੱਚ ਮਿਲੀ। ਆਪ ਨੇ ਫਿਰ ਵੀ ਵਾਹਿਗੁਰੂ ਦਾ ਸ਼ੁਕਰਾਨਾ ਕੀਤਾ।ਸਿੱਖਾਂ ਤੇ ਹਰ ਪਾਸਿਉਂ ਦੁੱਖਾਂ ਦੇ ਪਹਾੜ ਟੁੱਟਣ ਲੱਗੇ। ਭਾਈ ਮਨੀ ਸਿੰਘ ਜੀ ਦੀ ਉਮਰ ਉਸ ਵਕਤ 90 ਸਾਲ ਦੇ ਕਰੀਬ ਹੋ ਚੁੱਕੀ ਸੀ। ਸੰਮਤ 1790 ਬਿ: ਸੰਨ 1733 ਈ: ਦਾ ਦੀਵਾਲੀ ਪੁਰਬ ਨਜ਼ਦੀਕ ਆ ਰਿਹਾ ਸੀ।ਪਿਛਲੇ ਕਾਫੀ ਸਮੇਂ ਤੋਂ ਦੀਵਾਲੀ ਪੁਰਬ ਤੇ ਸਰਕਾਰ ਵੱਲੋਂ ਪਾਬੰਦੀ ਲਗਾਈ ਹੋਈ ਸੀ। ਭਾਈ ਮਨੀ ਸਿੰਘ ਜੀ ਇਸ ਵਾਰ ਦੀਵਾਲੀ ਪੁਰਬ ਮਨਾਉਣ ਦੀ ਇਜ਼ਾਜਤ ਲੈਣ ਲਈ ਲਾਹੌਰ ਜ਼ਕਰੀਆ ਖਾਨ ਕੋਲ ਲਾਹੌਰ ਨਿਵਾਸੀ ਸਿੱਖਾਂ ਦੀ ਮਦਦ ਨਾਲ ਗਏ। ਜ਼ਕਰੀਆ ਖਾਨ ਨੇ ਦੀਵਾਲੀ ਪੁਰਬ ਮਨਾਉਣ ਲਈ ਜ਼ਜੀਆ (ਟੈਕਸ) ਮੰਗਿਆ। ਕਈਆਂ ਵਿਦਵਾਨਾਂ ਨੇ ਇਹ ਰਕਮ ਪੰਜ ਹਜ਼ਾਰ ਤੇ ਕਈ ਵਿਦਵਾਨਾਂ ਨੇ ਦਸ ਹਜ਼ਾਰ ਵੀ ਲਿਖੀ ਹੈ। ਰਕਮ ਦੀਵਾਲੀ ਪੁਰਬ ਤੋਂ ਬਾਦ ਦੇਣੀ ਤੈਅ ਹੋ ਗਈ। ਭਾਈ ਮਨੀ ਸਿੰਘ ਜੀ ਨੇ ਸਭ ਸਿੱਖਾਂ ਨੂੰ ਦੀਵਾਲੀ ਪੁਰਬ ਤੇ ਗੁਰੂ ਘਰ ਵਿੱਚ ਦੀਵਾਲੀ ਤੇ ਸ਼ਾਮਿਲ ਹੋਣ ਲਈ ਸੱਦਾ ਭੇਜਿਆ। ਦੂਜੇ ਪਾਸੇ ਗੁਰੂ ਘਰ ਦੇ ਦੋਖੀਆਂ ਨੇ ਸੂਬੇ ਨੂੰ ਉਕਸਾਇਆ ਕਿ ਦੀਵਾਲੀ ਤੇ ਕਈ ਨਾਮੀ ਸਿੱਖ ਵੀ ਅੰਮ੍ਰਿਤਸਰ ਸਾਹਬ ਆਉਣਗੇ ਤੇ ਕਿਉਂ ਨਾ ਉਹਨਾਂ ਨੂੰ ਫੜ੍ਹ ਕੇ ਖਤਮ ਕਰ ਦਿੱਤਾ ਜਾਵੇ। ਲਾਹੌਰ ਦੇ ਸਿੱਖਾਂ ਨੇ ਇਹ ਖਬਰ ਭਾਈ ਮਨੀ ਸਿੰਘ ਜੀ ਨੂੰ ਕਿਸੇ ਤਰ੍ਹਾਂ ਭੇਜੀ ਤਾਂ ਭਾਈ ਮਨੀ ਸਿੰਘ ਜੀ ਨੇ ਦੁਬਾਰਾ ਚਿੱਠੀਆਂ ਲਿੱਖ ਕੇ ਸਭ ਸਿੱਖਾਂ ਨੂੰ ਅੰਮ੍ਰਿਤਸਰ ਸਾਹਿਬ ਆਉਣ ਤੋਂ ਵਰਜ ਦਿੱਤਾ। ਦੀਵਾਲੀ ਪੁਰਬ ਤੇ ਸੰਗਤ ਪਹੁੰਚੀ ਨਹੀ ਤੇ ਮਾਇਆ ਇੱਕਠੀ ਨਹੀ ਹੋਈ। ਜਿਸ ਕਰਕੇ ਟੈਕਸ ਦੀ ਰਕਮ ਅਦਾ ਨਾ ਹੋਈ ਤੇ ਸੂਬੇ ਨੇ ਟੈਕਸ ਦੀ ਰਕਮ ਵਸੂਲਣ ਲਈ ਭਾਈ ਸਾਹਬ ਨੂੰ ਗ੍ਰਿਫਤਾਰ ਕਰ ਕੇ ਲਾਹੌਰ ਲਿਆਦਾ ਗਿਆ।ਸੂਬੇ ਨੇ ਭਾਈ ਸਾਹਬ ਨੂੰ ਕਿਹਾ ਕਿ 'ਜਾ ਤੇ ਪੰਜ ਹਜ਼ਾਰ ਰੁਪਿਆ ਅਦਾ ਕਰ ਜਾਂ ਮੋਮਨ ਹੋ ਜਾ'। ਭਾਈ ਮਨੀ ਸਿੰਘ ਜੀ ਨੇ ਮੁਸਲਮਾਨ ਹੋਣ ਤੋਂ ਇਨਕਾਰ ਕਰ ਦਿੱਤਾ। ਸੂਬੇ ਨੇ ਮੁਫਤੀ ਨਾਂ ਦੇ ਕਾਜ਼ੀ ਨੂੰ ਸਜ਼ਾ ਸੁਣਾਉਣ ਲਈ ਕਿਹਾ ਤਾਂ ਉਸਨੇ ਭਾਈ ਸਾਹਬ ਜੀ ਦਾ ਬੰਦ-ਬੰਦ ਕੱਟਣ ਦੀ ਸਜ਼ਾ ਦਾ ਹੁਕਮ ਸੁਣਾਇਆ। ਸ੍ਰੀ ਗੁਰੂ ਪੰਥ ਪ੍ਰਕਾਸ਼ ਵਿੱਚ ਭਾਈ ਰਤਨ ਸਿੰਘ ਭੰਗੂ ਸ਼ਹੀਦ ਲਿੱਖਦੇ ਹਨ।

ਆਵਾਜ਼ਿ ਕੌਮ
AWAZE QAUM
International Newspaper & WEB TV

ਗੁਰਸਿਖ ਕਹਾਵੈ ਜੋਊ ਕਰਨੀ ਯਹਿ ਕਮਾਵੈ ਸੋਊ,
ਮਨੀ ਸਿੰਘ ਤੁੱਲ ਭਯੋ ਕੋ ਰਾਣਾ ਔ ਨਹਿ ਰੰਕ ਜੀ।
ਦੋਹਰਾ
ਅਬਹਿ ਹਕੀਕਤ ਮੈਂ ਕਹੌਂ ਸੁਨੋ ਸੰਤ ਲਾਇ ਪ੍ਰੀਤ।
ਮਨੀ ਸਿੰਘ ਜੀ ਰਖ ਸਿੱਖੀ ਮਹਾਂ ਸ਼ਹੀਦੀ ਲੀਤ।।

ਭਾਈ ਮਨੀ ਸਿੰਘ ਜੀ ਨੂੰ ਹੋਰ ਸਿੱਖਾਂ ਸਮੇਤ ਕਈ ਤਸੀਹੇ ਦਿੱਤੇ ਗਏ ਤੇ ਅੰਤ ਸੰਮਤ 1791 ਸੰਨ 1734 ਈ: ਨੂੰ ਹੋਰ ਸਿੰਘਾਂ ਸਮੇਤ ਲਾਹੌਰ ਦੇ ਨਿਖਾਸ ਚੌਂਕ ਵਿੱਚ ਬੰਦ-ਬੰਦ ਕੱਟ ਕੇ ਸ਼ਹੀਦ ਕੀਤਾ ਗਿਆ।ਇਸ ਤਰ੍ਹਾਂ ਭਾਈ ਮਨੀ ਸਿੰਘ ਜੀ ਨੇ 90 ਵਰਿਆਂ ਦੀ ਵੱਡੀ ਉਮਰ ਵਿੱਚ ਬੰਦ-ਬੰਦ ਕਟਵਾ ਕੇ ਸਿੱਖੀ ਸਿਧਾਤਾਂ ਤੇ ਪਹਿਰਾ ਦਿੱਤਾ।

-ਧਰਮਿੰਦਰ ਸਿੰਘ(ਚੱਬਾ), ਪਿੰਡ ਤੇ ਡਾਕ: ਚੱਬਾ, ਤਰਨ ਤਾਰਨ ਰੋਡ, ਅੰਮ੍ਰਿਤਸਰ-143022







ਸਮੂਹ ਪੱਤਰਕਾਰਾਂ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੇ ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਗ਼ੈਰ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ ਨੂੰ ਛਾਪਣ ਤੋਂ ਅਸਮਰਥ ਹੋਵਾਂਗੇ। -ਭਾਈ ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ



ਆਵਾਜ਼ਿ ਕੌਮ AWAZE QAUM
International Newspaper & WEB TV

ਘੜੀਐ ਸਬਦੁ ਸਚੀ ਟਕਸਾਲ ।।

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ ।।

ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

Gurdwara Sahib Shaeed Baba Deep Singh ji Casalmorano Cremona (Italy)



ਬੰਦੀ ਛੋੜ ਦਿਵਸ ਪਾ: 6

ਦੀਵਾਲੀ ਦਿਵਸ

ਗੁਰੂ ਸਾਹਿਬ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਲਈ ਦੇਸੀ ਘਿਓ ਦੇ ਦੀਵੇ 'ਤੇ ਦੀਪ ਮਾਲਾ ਕੀਤੀ ਜਾਵੇਗੀ।

ਬੰਦੀ ਛੋੜ ਦਿਵਸ : ਧੰਨ ਧੰਨ ਸ਼੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ। ਗੁਰਦੁਆਰਾ ਸਾਹਿਬ ਦੇ ਕੋਲ ਪਰਿਵਾਰਾਂ ਦੀ ਰਿਹਾਇਸ਼ ਹੋਣ ਕਰਕੇ ਆਤਿਸ਼ਬਾਜ਼ੀ ਅਤੇ ਪਟਾਕਿਆਂ ਦੀ ਆਗਿਆ ਨਹੀਂ ਮਿਲੀ ਹੈ।



ਭਾਈ ਗੁਰਜੀਤ ਸਿੰਘ ਘਰਿਆਲੀ

☛ ਕਥਾ ਵਾਚਕ ਬਾਬਾ ਹਰਜਿੰਦਰ ਸਿੰਘ ਦਮਦਮੀ ਟਕਸਾਲ ਵਾਲੇ ਅਤੇ ਕੀਰਤਨੀ ਜਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।
☛ ਕਵੀਸ਼ਰੀ ਜਥਾ ਗਿਆਨੀ ਗੁਰਜੀਤ ਸਿੰਘ ਘਰਿਆਲੀ ਵਾਲੇ ਕਵੀਸ਼ਰੀ ਵਾਰਾਂ ਰਾਹੀਂ ਗੁਰਬਾਣੀ, ਗੁਰ ਇਤਿਹਾਸ , ਸਿੱਖ ਇਤਿਹਾਸ ਨਾਲ ਸਿੱਖ ਸੰਗਤਾਂ ਨੂੰ ਜੋੜਨਾ ਕਰਨਗੇ।

ਐਤਵਾਰ 8 ਨਵੰਬਰ
ਸ਼ਾਮ 5 ਤੋਂ 8:30 ਵਜੇ
ਤੱਕ ਦੀਵਾਨ ਸੱਜਣਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

ਸਾਧ ਸੰਗਤ, ਪ੍ਰਬੰਧਕ ਕਮੇਟੀ
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

ਸ਼ੇਅਰ ਜ਼ਰੂਰ ਕਰੋ ਜੀ।
☛ਸਿੱਖ ਸੰਗਤਾਂ ਦੇ ਚਰਨਾਂ 'ਚ ਬੇਨਤੀ ਹੈ ਕਿ ਹੁੰਮ-ਹੁੰਮਾ ਕੇ ਪੁੱਜਣ ਦੀ ਕ੍ਰਿਪਾਲਤਾ ਕਰਨੀ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap 26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਰਵਾਇਤੀ ਪਾਰਟੀਆਂ ਨੇ ਗ਼ਰੀਬੀ, ਮਹਿੰਗਾਈ, ਸਿਹਤ, ਸਿੱਖਿਆ ਤੇ ਬੇਰੁਜ਼ਗਾਰੀ

ਅਹਿਮ ਮੁੱਦਿਆਂ ਨੂੰ ਵਿਸਾਰਿਆ : ਇੰਜ ਸੁਰਿੰਦਰ ਸਿੰਘ ਭਿੰਡਰ



ਫ਼ਿਰੋਜ਼ਪੁਰ, 07 ਨਵੰਬਰ (ਮਨੋਹਰ ਲਾਲ) :— ਅਧਿਕਾਰ ਸੰਘਰਸ਼ ਪਾਰਟੀ ਦੇ ਪੰਜਾਬ ਪ੍ਰਧਾਨ ਤੇ ਪ੍ਰਮੁੱਖ ਸਲਾਹਕਾਰ ਇੰਜ ਸੁਰਿੰਦਰ ਸਿੰਘ ਭਿੰਡਰ ਨੇ ਗੱਲਬਾਤ ਕਰਦਿਆਂ ਕਿਹਾ ਕਿ ਸੱਤਾ ਹੰਢਾ ਚੁੱਕੀਆਂ ਜਾਂ ਹੰਢਾ ਰਹੀਆਂ ਰਾਜਨੀਤਕ ਪਾਰਟੀਆਂ ਗ਼ਰੀਬੀ, ਮਹਿੰਗਾਈ, ਸਿਹਤ ਤੇ ਸਿੱਖਿਆ ਅਤੇ ਬੇਰੁਜ਼ਗਾਰੀ ਅਜਿਹੇ ਮਹੱਤਵਪੂਰਨ ਮੁੱਦਿਆਂ ਨੂੰ ਭੁਲਾ ਕੇ ਕੇਵਲ ਨਸ਼ਿਆਂ ਦੇ ਮੁੱਦੇ ਦੀ ਰਾਜਨੀਤੀ ਕਰ ਰਹੀਆਂ ਹਨ। ਉਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਬਾਦਲ, ਬੀਜੇਪੀ, ਕਾਂਗਰਸ ਅਤੇ ਆਮ ਆਦਮੀ ਪਾਰਟੀ ਪੰਜਾਬੀਆਂ ਦੇ ਲੋੜੀਂਦੇ ਸਾਰੇ ਮੁੱਦੇ ਤਿਆਗ ਕੇ ਸਿਰਫ਼ ਨਸ਼ਿਆਂ ਦੇ ਖਾਤਮੇ ਨੂੰ ਲੈ ਕੇ 2027 ਦੀਆਂ ਚੋਣਾਂ ਲੜਨ ਦੀ ਤਾਕ ਵਿੱਚ ਹਨ, ਇਹ ਠੀਕ ਹੈ ਕਿ ਨਸ਼ੇ ਅੱਜ ਪੰਜਾਬ ਵਿਚ ਇਕ ਭਿਅੰਕਰ ਅਲਾਮਤ ਦਾ ਰੂਪ ਅਖ਼ਿਤਆਰ ਕਰ ਚੁੱਕੇ ਹਨ, ਖ਼ਾਸ ਕਰਕੇ ਚਿੱਟੇ ਅਤੇ ਡਰੱਗ ਨਸ਼ਿਆਂ ਦਾ ਇਸਤੇਮਾਲ ਕਰਨ ਨਾਲ ਰੋਜ਼ਾਨਾ ਨੌਜਵਾਨ ਮੌਤ ਨੂੰ ਗਲੇ ਲਗਾ ਰਹੇ ਹਨ, ਅੱਜ ਇੰਨ੍ਹਾਂ ਖ਼ਤਰਨਾਕ ਨਸ਼ਿਆਂ ਦਾ ਅੰਤ ਅਤੀ ਜ਼ਰੂਰੀ ਹੈ ।ਗੱਲਬਾਤ ਕਰਦਿਆਂ ਇੰਜ. ਭਿੰਡਰ ਨੇ ਕਿਹਾ ਕਿ ਬੀਜੇਪੀ ਦੀ ਕੇਂਦਰ ਸਰਕਾਰ ਦੇ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਨੇ ਪੰਜਾਬ ਵਿੱਚ ਇੱਕ ਰੈਲੀ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਜੇ ਪੰਜਾਬ ਵਿੱਚ ਐਤਕੀਂ ਪੰਜਾਬੀ ਬੀਜੇਪੀ ਦੀ ਸਰਕਾਰ ਬਣਾਉਂਦੇ ਹਨ ਤਾਂ 2029 ਤੱਕ ਬੀਜੇਪੀ ਸਰਕਾਰ ਨਸ਼ਿਆਂ ਦੀ ਇਸ ਗੰਭੀਰ ਬੀਮਾਰੀ ਨੂੰ ਖਤਮ ਕਰ ਦੇਵੇਗੀ। ਉਨ੍ਹਾਂ ਅੱਗੇ ਕਿਹਾ ਕਿ 2007 ਤੋਂ 2017 ਤੱਕ ਸ਼੍ਰੋਮਣੀ ਅਕਾਲੀ ਦਲ ਬਾਦਲ ਅਤੇ ਬੀਜੇਪੀ ਗਠਜੋੜ ਦੀ 10 ਸਾਲ ਸਰਕਾਰ ਨੇ ਰਾਜ ਕੀਤਾ ਉਦੋਂ ਨਸ਼ੇ ਖਤਮ ਕਰਨ ਦੇ ਯਤਨ ਕਿਉਂ ਨਹੀਂ ਕੀਤੇ ਗਏ। ਉਨ੍ਹਾਂ ਕਿਹਾ ਕਿ ਖ਼ਾਸ ਕਰਕੇ ਚਿੱਟਾ ਅਤੇ ਡਰੱਗ ਨਸ਼ਾ ਇਸ ਗਠਜੋੜ ਸਰਕਾਰ ਦੇ ਕਾਰਜਕਾਲ ਦੋਰਾਨ ਹੋਂਦ ਵਿੱਚ ਆਇਆ, ਜਿਸ ਲਈ ਸ਼੍ਰੋਮਣੀ ਅਕਾਲੀ ਦਲ ਬਾਦਲ ਅਤੇ ਬੀਜੇਪੀ ਗਠਜੋੜ ਸਰਕਾਰ ਸਿੱਧੇ ਤੌਰ ਤੇ ਜਿੰਮੇਵਾਰ ਹੈ। ਪੰਜਾਬ ਪ੍ਰਧਾਨ ਇੰਜ ਸੁਰਿੰਦਰ ਸਿੰਘ ਭਿੰਡਰ ਨੇ ਕਿਹਾ ਕਿ ਕਾਂਗਰਸ ਪਾਰਟੀ ਦੀ ਸੰਗਰੂਰ ਇੰਨਸਾਫ਼ ਰੈਲੀ ਵਿਚ ਬੋਲਦਿਆਂ ਵਿਰੋਧੀ ਧਿਰ ਦੇ ਨੇਤਾ ਸ੍ਰੀ ਰਾਹੁਲ ਗਾਂਧੀ ਨੇ ਕਿਹਾ ਕਿ ਸਟੇਟ ਲੀਡਰਸ਼ਿਪ ਅਜਿਹਾ ਰੋਡਮੈਪ ਤਿਆਰ ਕਰੇ ਜਿਸ ਨਾਲ ਪੰਜਾਬ ਵਿੱਚ ਕਾਂਗਰਸ ਸਰਕਾਰ ਬਣ ਸਕੇ, ਪੰਜਾਬ ਵਿੱਚ ਕਾਂਗਰਸ ਸਰਕਾਰ ਹੋਂਦ ਵਿੱਚ ਆਉਣ ਤੇ ਮੁਕੰਮਲ ਨਸ਼ਿਆਂ ਦਾ ਖਾਤਮਾ ਕਰੇਗੀ। ਉਨ੍ਹਾਂ ਕਿਹਾ ਕਿ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਇਹ ਭੁੱਲ ਗਏ ਕਿ ਨਸ਼ਿਆਂ ਦੇ ਮੁੱਦੇ ਨੂੰ ਲੈਕੇ 2017 ਵਿੱਚ ਕੈਪਟਨ ਦੀ ਅਗਵਾਈ ਹੇਠ ਕਾਂਗਰਸ ਸਰਕਾਰ ਹੋਂਦ ਵਿੱਚ ਆਈ ਸੀ, ਪਰ ਕਾਂਗਰਸ ਪਾਰਟੀ ਦੀ ਹਾਈਕਮਾਂਡ ਆਪਣੇ ਕਾਰਜਕਾਲ ਦੌਰਾਨ ਨਸ਼ੇ ਬੰਦ ਕਰਵਾਉਣ ਵਿਚ ਅਸਫਲ ਕਿਉਂ ਰਹੀ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ 1984 ਵਿੱਚ ਸਿੱਖਾਂ ਦੀ ਹੋਈ ਨਸਲਕੁਸ਼ੀ ਦਾ ਹੁਣ ਤੱਕ ਇੰਨਸਾਫ਼ ਨਹੀਂ ਦਿਵਾ ਸਕੀ, ਸੰਗਰੂਰ ਰੈਲੀ ਨੂੰ ਇੰਨਸਾਫ ਰੈਲੀ ਦਾ ਨਾਂ ਦੇਣਾ ਪੰਜਾਬੀਆਂ ਅਤੇ ਸਿੱਖਾਂ ਨੂੰ ਮੂਰਖ ਬਣਾਉਣਾ ਹੈ। ਗੱਲਬਾਤ ਕਰਦਿਆਂ ਇੰਜ. ਭਿੰਡਰ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ 2022 ਵਿੱਚ ਵਾਆਦਾ ਕੀਤਾ ਸੀ ਕਿ ਝਾੜੂ ਦੀ ਸਰਕਾਰ ਬਣਨ ਤੇ ਚਾਰ ਹਫ਼ਤਿਆਂ ਅੰਦਰ ਨਸ਼ਿਆ ਦਾ ਸਫ਼ਾਇਆ ਕੀਤਾ ਜਾਵੇਗਾ, ਝਾੜੂ ਸਰਕਾਰ ਦੇ ਕਾਰਜਕਾਲ ਦੌਰਾਨ ਨਸ਼ੇ ਖਤਮ ਤਾਂ ਕੀ ਹੋਣੇ ਸਨ ਸਗੋਂ ਨਸ਼ੇ ਘਰ—ਘਰ, ਇਥੋਂ ਤੱਕ ਸਕੂਲਾਂ ਤੇ ਕਾਲਜਾਂ ਵਿੱਚ ਵੀ ਦਸਤਕ ਦੇ ਚੁੱਕੇ ਹਨ। ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਦੇ ਚੱਲਦੇ ਲਾਅ ਐਂਡ ਆਰਡਰ ਦੀ ਸਥਿਤੀ ਵੀ ਡਾਵਾਂਡੋਲ ਹੋਈ ਹੈ, ਲੁੱਟ ਖਸੁੱਟ, ਜ਼ਬਰੀ ਵਸੂਲੀ ਅਤੇ ਕਤਲੇਆਮ ਇਕ ਆਮ ਵਰਤਾਰਾ ਬਣ ਕੇ ਰਹਿ ਗਿਆ ਹੈ। ਇੰਜ ਭਿੰਡਰ ਨੇ ਕਿਹਾ ਕਿ ਸਾਰੀਆਂ ਰਵਾਇਤੀ ਪਾਰਟੀਆਂ ਗ਼ਰੀਬੀ, ਬੇਰੁਜ਼ਗਾਰੀ, ਸਿਹਤ ਤੇ ਸਿੱਖਿਆ ਅਤੇ ਮਹਿੰਗਾਈ ਵਰਗੇ ਅਹਿਮ ਮੁੱਦੇ ਵਿਸਾਰ ਕੇ ਕੇਵਲ ਨਸ਼ਿਆਂ ਦੀ ਰਾਜਨੀਤੀ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਅਧਿਕਾਰ ਸੰਘਰਸ਼ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਅਤੇ ਵਰਕਰ ਉਪਰੋਕਤ ਸਾਰਿਆਂ ਮਹੱਤਵਪੂਰਨ ਮਸਲਿਆਂ ਨੂੰ ਲੈਕੇ ਘਰ—ਘਰ ਜਾ ਰਹੇ ਹਨ ਅਤੇ ਪੰਜਾਬੀਆਂ ਨੂੰ ਅਗਾਊਂ ਸੂਚਿਤ ਕਰ ਰਹੇ ਹਨ ਕਿ ਉਹ 2027 ਦੀਆਂ ਚੋਣਾਂ ਵਿੱਚ ਰਵਾਇਤੀ ਪਾਰਟੀਆਂ ਦੀ ਚੁੰਗਲ ਵਿਚ ਨਾ ਫਸਣ ਅਤੇ ਇੰਨਾਂ ਪਾਰਟੀਆਂ ਦੇ ਗੁੰਮਰਾਹਕੁੰਨ ਪ੍ਰਚਾਰ ਤੋਂ ਬਚਣ।

ਗੰਗ ਨਹਿਰ ਦੇ ਪਾਣੀ ਦੀ ਰਾਇਲਟੀ ਦਾ ਮੁੱਦਾ ਪੰਜਾਬ ਦੇ ਕੁਦਰਤੀ ਹੱਕਾਂ ਨਾਲ ਜੁੜਿਆ ਹੈ

ਇਸ ਨੂੰ ਸਿਆਸੀ ਐਨਕ ਨਾਲ ਨਾ ਦੇਖਿਆ ਜਾਵੇ : ਸ. ਰਵੀਇੰਦਰ ਸਿੰਘ



ਚੰਡੀਗੜ੍ਹ, 7 ਨਵੰਬਰ (ਆਵਾਜ਼ਿ ਕੌਮ ਬਿਊਰੋ)-ਸਿੱਖ ਚਿੰਤਕ ਅਤੇ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸਰਪ੍ਰਸਤ ਸ. ਰਵੀਇੰਦਰ ਸਿੰਘ ਸਾਬਕਾ ਸਪੀਕਰ ਪੰਜਾਬ ਵਿਧਾਨ ਸਭਾ ਨੇ ਗੰਗ ਨਹਿਰ (ਬੀਕਾਨੇਰ ਨਹਿਰ) ਦੇ ਪਾਣੀ ਦੀ ਰਾਇਲਟੀ ਸਬੰਧੀ ਚੱਲ ਰਹੇ ਵਿਵਾਦ 'ਤੇ ਆਪਣਾ ਪੱਖ ਰੱਖਦਿਆਂ ਕਿਹਾ ਕਿ ਇਹ ਮਾਮਲਾ ਕਿਸੇ ਇੱਕ ਸਰਕਾਰ ਜਾਂ ਪਾਰਟੀ ਦਾ ਨਹੀਂ, ਸਗੋਂ ਪੰਜਾਬ ਦੇ ਦਰਿਆਈ ਪਾਣੀਆਂ ਅਤੇ ਕੁਦਰਤੀ ਸਰੋਤਾਂ ਉੱਤੇ ਬਣਦੇ ਹੱਕਾਂ ਦਾ ਹੈ। ਉਨ੍ਹਾਂ ਕਿਹਾ ਕਿ ਇਤਿਹਾਸਕ ਤੱਥਾਂ ਅਨੁਸਾਰ 4 ਸਤੰਬਰ 1920 ਵਿੱਚ ਬ੍ਰਿਟਿਸ਼ ਸਰਕਾਰ, ਬਹਾਵਲਪੁਰ ਰਿਆਸਤ ਅਤੇ ਬੀਕਾਨੇਰ ਰਿਆਸਤ ਦਰਮਿਆਨ ਹੋਏ ਸਮਝੌਤੇ ਤਹਿਤ ਸਤਲੁਜ ਦਰਿਆ ਦਾ ਪਾਣੀ ਬੀਕਾਨੇਰ ਰਾਜ ਨੂੰ ਦੇਣ ਦਾ ਪ੍ਰਬੰਧ ਕੀਤਾ ਗਿਆ ਸੀ। ਇਸ ਸਮਝੌਤੇ ਤੋਂ ਬਾਅਦ ਗੰਗ ਨਹਿਰ ਪ੍ਰੋਜੈਕਟ ਨੂੰ ਮਨਜ਼ੂਰੀ ਮਿਲੀ ਅਤੇ 1927 ਵਿੱਚ ਇਸ ਦਾ ਨਿਰਮਾਣ ਮੁਕੰਮਲ ਹੋਇਆ। ਇਸ ਸਮਝੌਤੇ ਤਹਿਤ ਸਤਲੁਜ ਦਰਿਆ ਦਾ ਪਾਣੀ ਬੀਕਾਨੇਰ ਖੇਤਰ ਤੱਕ ਪਹੁੰਚਾਇਆ ਗਿਆ ਅਤੇ ਇਸ ਦੇ ਬਦਲੇ ਪੰਜਾਬ ਨੂੰ ਰਾਇਲਟੀ ਅਦਾ ਕੀਤੀ ਜਾਂਦੀ ਰਹੀ। ਇਤਿਹਾਸਕ ਦਸਤਾਵੇਜ਼ਾਂ ਅਨੁਸਾਰ ਇਹ ਅਦਾਇਗੀ 1960 ਤੱਕ ਜਾਰੀ ਰਹੀ, ਪਰ ਉਸ ਤੋਂ ਬਾਅਦ ਇੰਡਸ ਵਾਟਰ ਟਰੀਟੀ ਅਤੇ ਬਾਅਦ ਦੀਆਂ ਪਾਣੀ ਵੰਡ ਵਿਵਸਥਾਵਾਂ ਦੇ ਹਵਾਲੇ ਨਾਲ ਇਹ ਭੁਗਤਾਨ ਬੰਦ ਕਰ ਦਿੱਤਾ ਗਿਆ। ਇਸ ਸਮਝੌਤੇ ਦੇ ਆਧਾਰ 'ਤੇ ਬਣੀ ਗੰਗ ਨਹਿਰ ਨੇ ਰਾਜਸਥਾਨ ਦੇ ਵਿਸ਼ਾਲ ਰੇਗਿਸਤਾਨੀ ਇਲਾਕਿਆਂ ਨੂੰ ਖੇਤੀਯੋਗ ਬਣਾਉਣ ਵਿੱਚ ਵੱਡੀ ਭੂਮਿਕਾ ਨਿਭਾਈ। ਪੰਜਾਬ ਸਰਕਾਰ ਵੱਲੋਂ ਹਾਲ ਹੀ ਵਿੱਚ ਜਨਤਕ ਕੀਤੇ ਗਏ ਦਸਤਾਵੇਜ਼ਾਂ ਵਿੱਚ ਇਹ ਦਾਅਵਾ ਕੀਤਾ ਗਿਆ ਹੈ ਕਿ ਉਸ ਸਮਝੌਤੇ ਦੀ ਧਾਰਾ 13 ਅਧੀਨ ਪਾਣੀ ਦੇ ਬਦਲੇ "ਸੀਨੀਓਰੇਜ" (Seigniorage) ਜਾਂ ਰਾਇਲਟੀ ਦੇ ਭੁਗਤਾਨ ਦਾ ਪ੍ਰਬੰਧ ਸੀ ਅਤੇ ਇਹ ਭੁਗਤਾਨ 1960 ਤੱਕ ਹੁੰਦਾ ਰਿਹਾ। ਸ ਰਵੀਇੰਦਰ ਸਿੰਘ ਨੇ ਕਿਹਾ ਕਿ 1955 ਵਿੱਚ ਰਾਵੀ-ਬਿਆਸ ਦੇ ਵਾਧੂ ਪਾਣੀਆਂ ਦੀ ਵੰਡ ਸਬੰਧੀ ਹੋਈ ਅੰਤਰ-ਰਾਜੀ ਮੀਟਿੰਗ ਵਿੱਚ ਰਾਜਸਥਾਨ ਨੂੰ 15.85 ਐੱਮਏਐੱਫ਼ ਵਿੱਚੋਂ 8 ਐੱਮਏਐੱਫ਼ ਪਾਣੀ ਅਲਾਟ ਕੀਤਾ ਗਿਆ ਸੀ, ਪਰ ਉਸ ਸਮੇਂ ਪਾਣੀ ਦੀ ਕੀਮਤ ਅਤੇ ਢਾਂਚਾਗਤ ਖ਼ਰਚਿਆਂ ਸਬੰਧੀ ਮਾਮਲਾ ਵੱਖਰੇ ਤੌਰ 'ਤੇ ਵਿਚਾਰੇ ਜਾਣ ਦੀ ਗੱਲ ਵੀ ਦਰਜ ਕੀਤੀ ਗਈ ਸੀ, ਜੋ ਅੱਜ ਤੱਕ ਨਹੀਂ ਵਿਚਾਰੀ ਗਈ।

ਸ ਰਵੀਇੰਦਰ ਸਿੰਘ ਨੇ ਕਿਹਾ ਕਿ ਅੱਜ ਹਾਲਾਤ ਇਹ ਹਨ ਕਿ ਪੰਜਾਬ ਦਾ ਧਰਤੀ ਹੇਠਲਾ ਪਾਣੀ ਲਗਾਤਾਰ ਹੇਠਾਂ ਜਾ ਰਿਹਾ ਹੈ, ਕੇਂਦਰੀ ਏਜੰਸੀਆਂ ਵੱਲੋਂ ਪੰਜਾਬ ਦੇ ਬਹੁਤੇ ਬਲਾਕ "ਡਾਰਕ ਜ਼ੋਨ" ਘੋਸ਼ਿਤ ਕੀਤੇ ਹੋਏ ਹਨ, ਪਰ ਇਸ ਦੇ ਬਾਵਜੂਦ ਪੰਜਾਬ ਦੇ ਦਰਿਆਈ ਪਾਣੀਆਂ ਉੱਤੇ ਦੂਜੇ ਸੂਬਿਆਂ ਦੀ ਨਿਰਭਰਤਾ ਬਣੀ ਹੋਈ ਹੈ। ਅਜਿਹੇ ਸਮੇਂ ਵਿੱਚ ਜੇ ਪੰਜਾਬ ਆਪਣੇ ਕੁਦਰਤੀ ਸਰੋਤਾਂ ਦਾ ਯੋਗ ਮੁੱਲ ਮੰਗਦਾ ਹੈ ਤਾਂ ਇਸ ਨੂੰ ਗੈਰ-ਵਾਜਬ ਨਹੀਂ ਕਿਹਾ ਜਾ ਸਕਦਾ। ਉਹਨਾਂ ਨੇ ਕਿਹਾ ਕਿ ਦੇਸ਼ ਵਿੱਚ ਪਹਿਲਾਂ ਵੀ ਇਹ ਸਿਧਾਂਤ ਮੰਨਿਆ ਗਿਆ ਹੈ ਕਿ ਕੁਦਰਤੀ ਸਰੋਤਾਂ ਵਾਲੇ ਸੂਬੇ ਨੂੰ ਉਸ ਦਾ ਬਣਦਾ ਲਾਭ ਮਿਲਣਾ ਚਾਹੀਦਾ ਹੈ। ਜੇ ਕੇਂਦਰ ਸਰਕਾਰ ਅਤੇ ਸਰਵਉੱਚ ਅਦਾਲਤ ਇਹ ਮੰਨਦੇ ਹਨ ਕਿ ਹਿਮਾਚਲ ਦੇ ਪਾਣੀ ਨਾਲ ਪੈਦਾ ਹੋਣ ਵਾਲੀ ਬਿਜਲੀ ਵਿੱਚ ਉਸ ਦਾ ਹੱਕ ਬਣਦਾ ਹੈ, ਤਾਂ ਫਿਰ ਇਹ ਸਵਾਲ ਵੀ ਉੱਠਦਾ ਹੈ ਕਿ ਪੰਜਾਬ ਦੇ ਦਰਿਆਵਾਂ ਦੇ ਪਾਣੀ ਨਾਲ ਦੂਜੇ ਸੂਬਿਆਂ ਨੂੰ ਮਿਲ ਰਹੇ ਲਾਭ ਦੇ ਬਦਲੇ ਪੰਜਾਬ ਦੇ ਹੱਕਾਂ ਉੱਤੇ ਚਰਚਾ ਕਿਉਂ ਨਹੀਂ ਹੋ ਸਕਦੀ। ਉਨ੍ਹਾਂ ਕਿਹਾ ਕਿ ਰਾਜਸਥਾਨ ਦੇ ਮੁੱਖ ਮੰਤਰੀ ਵੱਲੋਂ ਇਹ ਕਿਹਾ ਜਾ ਰਿਹਾ ਹੈ ਕਿ ਰਾਜਸਥਾਨ ਦਾ ਪਾਣੀ ਉੱਤੇ ਹੱਕ ਇਤਿਹਾਸਕ ਸਮਝੌਤਿਆਂ ਅਤੇ ਬਾਅਦ ਦੀਆਂ ਅਲਾਟਮੈਂਟਾਂ 'ਤੇ ਅਧਾਰਿਤ ਹੈ ਅਤੇ ਕਿਸੇ ਕਿਸਮ ਦੀ ਰਾਇਲਟੀ ਦੇਣ ਦਾ ਕੋਈ ਕਾਨੂੰਨੀ ਆਧਾਰ ਨਹੀਂ ਹੈ। ਕਿਸੇ ਮਸਲੇ ਨੂੰ ਕੇਵਲ ਸਿਆਸੀ ਕਰਾਰ ਦੇ ਕੇ ਰੱਦ ਕਰਨਾ ਉਸ ਦਾ ਹੱਲ ਨਹੀਂ ਹੈ। ਸ ਰਵੀਇੰਦਰ ਸਿੰਘ ਨੇ ਕਿਹਾ ਕਿ ਪੰਜਾਬ ਕਿਸੇ ਵੀ ਸੂਬੇ ਦੇ ਵਿਕਾਸ ਦਾ ਵਿਰੋਧ ਨਹੀਂ ਕਰਦਾ, ਪਰ ਪੰਜਾਬ ਦੇ ਲੋਕਾਂ ਨੂੰ ਇਹ ਮੰਗ ਕਰਨ ਦਾ ਹੱਕ ਹੈ ਕਿ ਜਿਨ੍ਹਾਂ ਦਰਿਆਵਾਂ ਨੇ ਦੂਜੇ ਖੇਤਰਾਂ ਨੂੰ ਸਮਰੱਥ ਬਣਾਇਆ, ਉਨ੍ਹਾਂ ਦੇ ਮੂਲ ਸਰੋਤ ਸੂਬੇ ਨੂੰ ਕੀ ਮਿਲਿਆ? ਉਨ੍ਹਾਂ ਕਿਹਾ ਕਿ ਪੰਜਾਬ ਦੇ ਪਾਣੀਆਂ ਦਾ ਮੁੱਦਾ ਕਿਸੇ ਪਾਰਟੀ ਦਾ ਨਹੀਂ, ਸਗੋਂ ਆਉਣ ਵਾਲੀਆਂ ਪੀੜ੍ਹੀਆਂ ਦੇ ਭਵਿੱਖ ਦਾ ਹੈ। ਇਸ ਲਈ ਸਮੂਹ ਪੰਜਾਬੀ, ਕਿਸਾਨ ਸੰਸਥਾਵਾਂ ਅਤੇ ਰਾਜਨੀਤਿਕ ਧਿਰਾਂ ਨੂੰ ਇੱਕਜੁੱਟ ਹੋ ਕੇ ਪੰਜਾਬ ਦੇ ਜਾਇਜ਼ ਹੱਕਾਂ ਦੀ ਆਵਾਜ਼ ਬੁਲੰਦ ਕਰਦਿਆਂ ਸੰਘਰਸ਼ ਕਰਨਾਚਾਹੀਦਾ ਹੈ। ਪ੍ਰੈੱਸ ਨੂੰ ਇਹ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
International Newspaper & WEB TV
+447458381111 +447976210161 +919729091243

ਕਰਤਾਰਪੁਰ ਲਾਂਘਾ ਲਗਾਤਾਰ ਬੰਦ ਰਹਿਣ 'ਤੇ ਸਿੱਖ ਸੰਗਤ 'ਚ ਭਾਰੀ ਰੋਸ, ਸਤਨਾਮ ਸਿੰਘ ਗੰਭੀਰ ਨੇ ਪ੍ਰਧਾਨ ਮੰਤਰੀ ਨੂੰ ਲਿਖੀ ਚਿੱਠੀ



ਨਵੀਂ ਦਿੱਲੀ 7 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):- ਗੁਰਦੁਆਰਾ ਦਰਬਾਰ ਸਾਹਿਬ ਕਰਤਾਰਪੁਰ (ਪਾਕਿਸਤਾਨ) ਲਈ ਸਿੱਖ ਸ਼ਰਧਾਲੂਆਂ ਦੀ ਆਵਾਜਾਈ ਵਾਲਾ 'ਕਰਤਾਰਪੁਰ ਲਾਂਘਾ' ਮਈ 2025 ਤੋਂ ਅਨਿਸ਼ਚਿਤ ਸਮੇਂ ਲਈ ਬੰਦ ਰਹਿਣ ਕਾਰਨ ਭਾਰਤ ਅਤੇ ਦੁਨੀਆ ਭਰ ਦੀ ਸਿੱਖ ਸੰਗਤ ਵਿੱਚ ਭਾਰੀ ਰੋਸ ਅਤੇ ਚਿੰਤਾ ਪਾਈ ਜਾ ਰਹੀ ਹੈ। ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਪੂਰਬੀ ਭਾਰਤ ਦੇ ਪ੍ਰਧਾਨ ਸਤਨਾਮ ਸਿੰਘ ਗੰਭੀਰ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਪੱਤਰ ਲਿਖ ਕੇ ਇਸ ਲਾਂਘੇ ਨੂੰ ਤੁਰੰਤ ਮੁੜ ਖੋਲ੍ਹਣ ਦੀ ਮੰਗ ਕੀਤੀ ਹੈ। ਸਤਨਾਮ ਸਿੰਘ ਗੰਭੀਰ ਨੇ ਕਿਹਾ ਕਿ ਬਿਨਾਂ ਵੀਜ਼ਾ ਧਾਰਮਿਕ ਦਰਸ਼ਨਾਂ ਲਈ ਸ਼ੁਰੂ ਕੀਤਾ ਗਿਆ ਇਹ ਲਾਂਘਾ ਬੰਦ ਹੋਣ ਕਾਰਨ ਹਜ਼ਾਰਾਂ ਸ਼ਰਧਾਲੂ ਆਪਣੇ ਪਵਿੱਤਰ ਧਾਰਮਿਕ ਅਸਥਾਨ ਦੇ ਦਰਸ਼ਨਾਂ ਤੋਂ ਵਾਂਝੇ ਹੋ ਰਹੇ ਹਨ। ਪੰਜਾਬ ਸਰਕਾਰ ਅਤੇ ਸਥਾਨਕ ਲੋਕ ਇਸ ਮੁੱਦੇ 'ਤੇ ਲਗਾਤਾਰ ਆਵਾਜ਼ ਉਠਾ ਰਹੇ ਹਨ, ਪਰ ਲਾਂਘਾ ਖੋਲ੍ਹਣ ਦਾ ਅੰਤਿਮ ਫੈਸਲਾ ਕੇਂਦਰ ਸਰਕਾਰ ਦੇ ਹੱਥ ਹੈ। ਉਹਨਾਂ ਜ਼ੋਰ ਦੇ ਕੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਰਾਸ਼ਟਰੀ ਸੁਰੱਖਿਆ ਦਾ ਹਵਾਲਾ ਦਿੱਤਾ ਜਾ ਰਿਹਾ ਹੈ, ਪਰ ਧਾਰਮਿਕ ਆਜ਼ਾਦੀ ਇੱਕ ਬੁਨਿਆਦੀ ਮਨੁੱਖੀ ਅਧਿਕਾਰ ਹੈ। ਓਨ੍ਹਾ ਕਿਹਾ ਸੁਰੱਖਿਆ ਕਾਰਨਾਂ ਦੇ ਨਾਂ 'ਤੇ ਧਾਰਮਿਕ ਦਰਸ਼ਨਾਂ 'ਤੇ ਪੂਰਨ ਰੋਕ ਲਗਾਉਣ ਦੀ ਬਜਾਏ ਪੁਖ਼ਤਾ ਸੁਰੱਖਿਆ ਇੰਤਜ਼ਾਮ ਅਤੇ ਸਪੱਸ਼ਟ ਨਿਯਮ-ਸ਼ਰਤਾਂ ਤੈਅ ਕੀਤੀਆਂ ਜਾਣੀਆਂ ਚਾਹੀਦੀਆਂ ਹਨ। ਦੋਵਾਂ ਦੇਸ਼ਾਂ ਨੂੰ ਸਿਆਸੀ ਬਿਆਨਬਾਜ਼ੀ ਤੋਂ ਉੱਪਰ ਉੱਠ ਕੇ ਕੂਟਨੀਤਕ ਗੱਲਬਾਤ ਰਾਹੀਂ ਇਸ ਦਾ ਹੱਲ ਕੱਢਣਾ ਚਾਹੀਦਾ ਹੈ। ਜ਼ਿਕਰਯੋਗ ਹੈ ਕਿ ਗੁਰਦੁਆਰਾ ਦਰਬਾਰ ਸਾਹਿਬ ਕਰਤਾਰਪੁਰ ਸਿੱਖ ਧਰਮ ਦੇ ਬਾਨੀ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਉਹ ਪਵਿੱਤਰ ਅਸਥਾਨ ਹੈ, ਜਿੱਥੇ ਉਹਨਾਂ ਨੇ ਆਪਣੇ ਜੀਵਨ ਦੇ ਅੰਤਿਮ ਸਾਲ ਬਿਤਾਏ ਸਨ। ਇਹ ਲਾਂਘਾ ਦੋਹਾਂ ਦੇਸ਼ਾਂ ਵਿਚਾਲੇ ਧਾਰਮਿਕ ਆਸਥਾ ਅਤੇ ਆਪਸੀ ਵਿਸ਼ਵਾਸ ਦਾ ਇੱਕ ਵੱਡਾ ਜ਼ਰੀਆ ਬਣਿਆ ਸੀ।

ਸੀਨੀਅਰ ਸਿਟੀਜ਼ਨ ਕੌਂਸਲ ਵੱਲੋਂ ਦੇਸ਼—ਵਿਦੇਸ਼ ਦੀਆਂ ਸੰਗਤਾਂ ਨੂੰ ਦੀਵਾਲੀ ਦੀਆਂ ਵਧਾਈਆਂ



ਫ਼ਿਰੋਜ਼ਪੁਰ, 07 ਨਵੰਬਰ (ਮਨੋਹਰ ਲਾਲ) :— ਸੀਨੀਅਰ ਸਿਟੀਜ਼ਨ ਕੌਂਸਲ ਵੱਲੋਂ ਸਮੂਹ ਦੇਸ਼ ਅਤੇ ਵਿਦੇਸ਼ ਵਿੱਚ ਵਸਦੀਆਂ ਸਮੁੱਚੀ ਸੰਗਤਾਂ ਨੂੰ ਰੌਸ਼ਨੀਆਂ ਅਤੇ ਖੁਸ਼ੀਆਂ ਦੇ ਤਿਉਹਾਰ ਦੀਵਾਲੀ ਦੀਆਂ ਲੱਖ—ਲੱਖ ਵਧਾਈਆਂ ਦਿੰਦਿਆਂ ਸਮੂਹ ਲੋਕਾਈ ਦੀ ਤਰੱਕੀ ਖੁਸ਼ਹਾਲੀ ਦੀ ਕਾਮਨਾ ਕੀਤੀ। ਕੌਂਸਲ ਦੇ ਅਹੁਦੇਦਾਰਾਂ ਨੇ ਕਾਮਨਾ ਕੀਤੀ ਕਿ ਇਹ ਪਵਿੱਤਰ ਤਿਉਹਾਰ ਹਰ ਇੱਕ ਦੇ ਜੀਵਨ ਵਿੱਚ ਅਪਾਰ ਖੁਸ਼ੀਆਂ, ਚੰਗੀ ਸਿਹਤ, ਸ਼ਾਂਤੀ ਅਤੇ ਪ੍ਰਸੰਨਤਾ ਲੈ ਕੇ ਆਵੇ। ਇਸ ਮੌਕੇ ਬਜ਼ੁਰਗਾਂ ਨੇ ਆਪਸੀ ਪ੍ਰੇਮ, ਭਾਈਚਾਰੇ ਅਤੇ ਮਿਲਵਰਤਣ ਦੀ ਭਾਵਨਾ ਨੂੰ ਮਜ਼ਬੂਤ ਕਰਨ ਦਾ ਸੁਨੇਹਾ ਦਿੰਦਿਆਂ ਕਿਹਾ ਕਿ ਦੀਵਾਲੀ ਦਾ ਤਿਉਹਾਰ ਸਾਡੇ ਜੀਵਨ ਵਿੱਚ ਹਨੇਰੇ ਨੂੰ ਦੂਰ ਕਰਕੇ ਗਿਆਨ ਅਤੇ ਉਮੀਦ ਦਾ ਦੀਵਾ ਜਗਾਉਣ ਦਾ ਪ੍ਰਤੀਕ ਹੈ। ਕੌਂਸਲ ਵੱਲੋਂ ਸਭ ਨੂੰ ਮਿਲ ਕੇ ਅਤੇ ਆਪਸੀ ਪਿਆਰ ਨਾਲ ਇਹ ਤਿਉਹਾਰ ਮਨਾਉਣ ਦੀ ਅਪੀਲ ਕੀਤੀ ਗਈ ਤਾਂ ਜੋ ਸਮਾਜ ਵਿੱਚ ਆਪਸੀ ਸਾਂਝ ਅਤੇ ਸਦਭਾਵਨਾ ਹੋਰ ਵਧ ਸਕੇ।

ਸੁਪਰ ਸੀਡਰ ਨਾਲ ਕਣਕ ਦੀ ਬਿਜਾਈ ਕਰਕੇ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਦਾ ਦਿੱਤਾ ਸੰਦੇਸ਼ : ਖੇਤੀਬਾੜੀ ਵਿਭਾਗ



ਅੰਮ੍ਰਿਤਸਰ,7 ਨਵੰਬਰ (ਆਵਾਜ਼ਿ ਕੌਮ ਬਿਊਰੋ)- ਡਿਪਟੀ ਕਮਿਸ਼ਨਰ ਅੰਮ੍ਰਿਤਸਰ ਸ੍ਰੀ ਦਲਵਿੰਦਰਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਤੇ ਮੁੱਖ ਖੇਤੀਬਾੜੀ ਅਫ਼ਸਰ ਡਾ. ਅਮਰਜੀਤ ਸਿੰਘ ਦੁਸਾਂਝ ਅਤੇ ਬਲਾਕ ਖੇਤੀਬਾੜੀ ਅਫ਼ਸਰ ਡਾ. ਰਮਨ ਕੁਮਾਰ ਦੀ ਅਗਵਾਈ ਹੇਠ ਖੇਤੀਬਾੜੀ ਵਿਭਾਗ ਵੱਲੋਂ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਸਬੰਧੀ ਜਾਗਰੂਕ ਕਰਨ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਲੜੀ ਤਹਿਤ ਖੇਤੀਬਾੜੀ ਵਿਸਥਾਰ ਅਫ਼ਸਰ ਸ੍ਰੀ ਮਨਦੀਪ ਸਿੰਘ ਖੁੱਲਰ ਦੇ ਯਤਨਾਂ ਸਦਕਾ ਸਰਕਲ ਮੂਧਲ ਦੇ ਪਿੰਡ ਭੈਣੀ ਗਿੱਲਾਂ ਵਿਖੇ ਕਿਸਾਨ ਸ੍ਰੀ ਕਾਬਲ ਸਿੰਘ ਦੇ ਖੇਤ ਵਿੱਚ ਸੁਪਰ ਸੀਡਰ ਮਸ਼ੀਨ ਦੀ ਵਰਤੋਂ ਕਰਕੇ ਕਣਕ ਦੀ ਬਿਜਾਈ ਕਰਵਾਈ ਗਈ। ਇਸ ਉਪਰਾਲੇ ਰਾਹੀਂ ਕਿਸਾਨਾਂ ਨੂੰ ਫ਼ਸਲਾਂ ਦੀ ਰਹਿੰਦ-ਖੂੰਹਦ ਦਾ ਸੁਚੱਜਾ ਪ੍ਰਬੰਧਨ ਕਰਨ ਅਤੇ ਵਾਤਾਵਰਣ ਨੂੰ ਪ੍ਰਦੂਸ਼ਣ ਤੋਂ ਬਚਾਉਣ ਦਾ ਸੰਦੇਸ਼ ਦਿੱਤਾ ਗਿਆ। ਇਸ ਮੌਕੇ ਖੇਤੀਬਾੜੀ ਵਿਸਥਾਰ ਅਫ਼ਸਰ ਸ੍ਰੀ ਮਨਦੀਪ ਸਿੰਘ ਖੁੱਲਰ ਨੇ ਕਿਸਾਨਾਂ ਨੂੰ ਸੰਬੋਧਨ ਕਰਦਿਆਂ ਦੱਸਿਆ ਕਿ ਸੁਪਰ ਸੀਡਰ ਇੱਕ ਆਧੁਨਿਕ ਖੇਤੀ ਮਸ਼ੀਨ ਹੈ, ਜਿਸ ਦੀ ਵਰਤੋਂ ਨਾਲ ਝੋਨੇ ਦੀ ਪਰਾਲੀ ਨੂੰ ਖੇਤ ਵਿੱਚ ਹੀ ਸੰਭਾਲ ਕੇ ਕਣਕ ਦੀ ਸਿੱਧੀ ਬਿਜਾਈ ਕੀਤੀ ਜਾ ਸਕਦੀ ਹੈ। ਇਸ ਤਕਨੀਕ ਨੂੰ ਅਪਣਾਉਣ ਨਾਲ ਪਰਾਲੀ ਨੂੰ ਅੱਗ ਲਗਾਉਣ ਦੀ ਲੋੜ ਨਹੀਂ ਪੈਂਦੀ, ਜਿਸ ਨਾਲ ਹਵਾ ਪ੍ਰਦੂਸ਼ਣ ਨੂੰ ਘਟਾਉਣ ਦੇ ਨਾਲ-ਨਾਲ ਮਿੱਟੀ ਦੀ ਉਪਜਾਊ ਸ਼ਕਤੀ ਨੂੰ ਬਰਕਰਾਰ ਰੱਖਣ ਵਿੱਚ ਵੀ ਮਦਦ ਮਿਲਦੀ ਹੈ। ਉਨ੍ਹਾਂ ਕਿਹਾ ਕਿ ਕਿਸਾਨ ਕੰਬਾਈਨ ਨਾਲ ਝੋਨੇ ਦੀ ਕਟਾਈ ਤੋਂ ਬਾਅਦ ਸੁਪਰ ਸੀਡਰ ਦੀ ਵਰਤੋਂ ਕਰਕੇ ਖੇਤ ਵਿੱਚ ਮੌਜੂਦ ਪਰਾਲੀ ਦਾ ਸੁਚੱਜਾ ਪ੍ਰਬੰਧਨ ਕਰਦੇ ਹੋਏ ਸਮੇਂ ਸਿਰ ਕਣਕ ਦੀ ਬਿਜਾਈ ਕਰ ਸਕਦੇ ਹਨ। ਇਸ ਨਾਲ ਪਰਾਲੀ ਸਾੜਨ ਦੀ ਸਮੱਸਿਆ ਤੋਂ ਨਿਜਾਤ ਮਿਲਦੀ ਹੈ ਅਤੇ ਵਾਤਾਵਰਣ ਨੂੰ ਸਾਫ਼-ਸੁਥਰਾ ਰੱਖਣ ਵਿੱਚ ਵੀ ਸਹਾਇਤਾ ਮਿਲਦੀ ਹੈ। ਅੰਤ ਵਿੱਚ ਖੇਤੀਬਾੜੀ ਵਿਭਾਗ ਵੱਲੋਂ ਸਮੂਹ ਕਿਸਾਨਾਂ ਨੂੰ ਅਪੀਲ ਕੀਤੀ ਗਈ ਕਿ ਉਹ ਸੁਪਰ ਸੀਡਰ ਸਮੇਤ ਹੋਰ ਆਧੁਨਿਕ ਖੇਤੀ ਮਸ਼ੀਨਾਂ ਦੀ ਵੱਧ ਤੋਂ ਵੱਧ ਵਰਤੋਂ ਕਰਨ ਅਤੇ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਖੇਤਾਂ ਵਿੱਚ ਹੀ ਸੰਭਾਲਣ। ਉਨ੍ਹਾਂ ਕਿਹਾ ਕਿ ਸਾਫ਼-ਸੁਥਰਾ ਵਾਤਾਵਰਣ ਸਿਰਜਣ ਅਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਪ੍ਰਦੂਸ਼ਣ ਮੁਕਤ ਵਾਤਾਵਰਣ ਪ੍ਰਦਾਨ ਕਰਨ ਲਈ ਕਿਸਾਨਾਂ ਦਾ ਸਹਿਯੋਗ ਬੇਹੱਦ ਅਹਿਮ ਹੈ।

ਪਰਿਵਾਰਕ ਏਕਤਾ ਦੀ ਪੇਸ਼ ਕੀਤੀ ਅਨੋਖੀ ਮਿਸਾਲ, ਚਾਰ ਪੀੜ੍ਹੀਆਂ ਦੇ 250 ਪਰਿਵਾਰਕ ਮੈਂਬਰਾਂ ਨੂੰ

ਇੱਕ ਮੰਚ 'ਤੇ ਲਿਆਏ ਸਰਦਾਰ ਗੁਰਵਿੰਦਰ ਸਿੰਘ ਬਾਵਾ



ਨਵੀਂ ਦਿੱਲੀ 7 ਨਵੰਬਰ (ਮਨਪ੍ਰੀਤ ਸਿੰਘ ਖਾਲਸਾ): ਦੀਵਾਲੀ ਦੇ ਮੌਕੇ 'ਤੇ ਮਹਾਰਾਸ਼ਟਰ ਦੀ ਪ੍ਰਸਿੱਧ ਸਿੱਖ ਸ਼ਖ਼ਸੀਅਤ ਸਰਦਾਰ ਗੁਰਵਿੰਦਰ ਸਿੰਘ ਬਾਵਾ ਨੇ ਪਰਿਵਾਰਕ ਏਕਤਾ ਅਤੇ ਭਾਈਚਾਰੇ ਦੀ ਅਨੋਖੀ ਮਿਸਾਲ ਪੇਸ਼ ਕੀਤੀ। ਉਨ੍ਹਾਂ ਨੇ ਮੁੰਬਈ ਦੀ ਸਤਿਕਾਰਯੋਗ ਸਿੱਖ ਸ਼ਖ਼ਸੀਅਤ ਸਵਰਗੀ ਭਾਈ ਜੈਮਲ ਸਿੰਘ ਜੀ ਦੇ ਪਰਿਵਾਰ ਦੀਆਂ ਚਾਰ ਪੀੜ੍ਹੀਆਂ ਦੇ ਲਗਭਗ 250 ਮੈਂਬਰਾਂ ਨੂੰ ਇੱਕ ਮੰਚ 'ਤੇ ਇਕੱਠਾ ਕਰਕੇ ਯਾਦਗਾਰੀ ਪਰਿਵਾਰਕ ਮਿਲਣ ਸਮਾਗਮ ਕਰਵਾਇਆ। ਸਰਦਾਰ ਗੁਰਵਿੰਦਰ ਸਿੰਘ ਬਾਵਾ, ਜੋ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ, ਗੁਰੂ ਨਾਨਕ ਖਾਲਸਾ ਕਾਲਜ ਮੁੰਬਈ ਦੇ ਚੇਅਰਮੈਨ, ਚੀਫ਼ ਖਾਲਸਾ ਦੀਵਾਨ ਮੁੰਬਈ ਦੇ ਪ੍ਰਧਾਨ, ਤਖ਼ਤ ਸ੍ਰੀ ਹਜ਼ੂਰ ਸਾਹਿਬ ਬੋਰਡ ਦੇ ਉਪ-ਪ੍ਰਧਾਨ ਅਤੇ ਤਖ਼ਤ ਸ੍ਰੀ ਪਟਨਾ ਸਾਹਿਬ ਬੋਰਡ ਦੇ ਮੈਂਬਰ ਹਨ, ਨੇ ਇਹ ਉਪਰਾਲਾ ਆਪਣੇ ਨਾਨਾ ਜੀ ਸਵਰਗੀ ਭਾਈ ਜੈਮਲ ਸਿੰਘ ਜੀ ਦੀ ਵਿਰਾਸਤ ਅਤੇ ਪਰਿਵਾਰਕ ਸੰਸਕਾਰਾਂ ਨੂੰ ਨਵੀਂ ਪੀੜ੍ਹੀ ਨਾਲ ਜੋੜਨ ਦੇ ਉਦੇਸ਼ ਨਾਲ ਕੀਤਾ। ਇਸ ਸਮਾਗਮ ਦਾ ਸਭ ਤੋਂ ਖ਼ਾਸ ਪਲ ਚਾਰ ਪੀੜ੍ਹੀਆਂ ਦੇ ਮੈਂਬਰਾਂ ਦਾ ਇੱਕੋ ਮੰਚ 'ਤੇ ਇਕੱਠੇ ਹੋਣਾ ਅਤੇ ਯਾਦਗਾਰੀ ਪਰਿਵਾਰਕ ਤਸਵੀਰ ਖਿਚਵਾਉਣਾ ਰਿਹਾ। ਇਸ ਮੌਕੇ ਬਾਵਾ ਨੇ ਕਿਹਾ ਕਿ ਜਿਸ ਪਰਿਵਾਰ ਦੇ 200 ਤੋਂ 250 ਮੈਂਬਰ ਇਕਜੁੱਟ ਹੋ ਕੇ ਇੱਕ-ਦੂਜੇ ਨਾਲ ਖੜ੍ਹੇ ਹੋਣ, ਉਸ ਪਰਿਵਾਰ ਨੂੰ ਦੁਨੀਆ ਦੀ ਕੋਈ ਤਾਕਤ ਹਰਾ ਨਹੀਂ ਸਕਦੀ। ਉਨ੍ਹਾਂ ਪਰਿਵਾਰ ਦੇ ਸਾਰੇ ਮੈਂਬਰਾਂ ਨੂੰ ਅਹੰਕਾਰ ਤਿਆਗ ਕੇ ਪਿਆਰ, ਸਤਿਕਾਰ ਅਤੇ ਆਪਸੀ ਸਦਭਾਵਨਾ ਨਾਲ ਰਿਸ਼ਤੇ ਨਿਭਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਪਰਿਵਾਰ ਦੀ ਅਸਲ ਤਾਕਤ ਧਨ-ਦੌਲਤ ਵਿੱਚ ਨਹੀਂ, ਸਗੋਂ ਆਪਸੀ ਵਿਸ਼ਵਾਸ, ਸਹਿਯੋਗ ਅਤੇ ਦੁੱਖ-ਸੁੱਖ ਵਿੱਚ ਇੱਕ-ਦੂਜੇ ਦੇ ਨਾਲ ਖੜ੍ਹੇ ਰਹਿਣ ਵਿੱਚ ਹੁੰਦੀ ਹੈ। ਉਨ੍ਹਾਂ ਦਾ ਇਹ ਉਪਰਾਲਾ ਸਿਰਫ਼ ਪਰਿਵਾਰਕ ਮਿਲਣ ਸਮਾਗਮ ਹੀ ਨਹੀਂ, ਸਗੋਂ ਨਵੀਂ ਪੀੜ੍ਹੀ ਨੂੰ ਆਪਣੇ ਪੁਰਖਿਆਂ, ਪਰਿਵਾਰਕ ਸੰਸਕਾਰਾਂ ਅਤੇ ਰਿਸ਼ਤਿਆਂ ਦੀ ਅਹਿਮੀਅਤ ਸਮਝਾਉਣ ਵਾਲੀ ਇੱਕ ਪ੍ਰੇਰਨਾਦਾਇਕ ਪਹਿਲ ਬਣ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਪੰਜਾਬ ਦੇ ਸਰੋਤਾਂ 'ਤੇ 'ਪਰਜੀਵੀ ਘੁਸਪੈਠੀਆਂ' ਦਾ ਵਧਦਾ ਬੋਝ ਚਿੰਤਾਜਨਕ, 2027 ਦੀਆਂ

ਚੋਣਾਂ ਤੋਂ ਪਹਿਲਾਂ ਵੋਟਰ ਸੂਚੀਆਂ ਦੀ ਨਿਰਪੱਖ ਜਾਂਚ ਦੀ ਮੰਗ: ਭਾਈ ਰਣਿੰਦਰ ਸਿੰਘ ਇੰਦੌਰ



ਨਵੀਂ ਦਿੱਲੀ 7 ਨਵੰਬਰ (ਮਨਪ੍ਰੀਤ ਸਿੰਘ ਖਾਲਸਾ)-ਸਿੱਖ ਚਿੰਤਕ ਭਾਈ ਰਣਿੰਦਰ ਸਿੰਘ ਇੰਦੌਰ ਨੇ ਪੰਜਾਬ ਵਿੱਚ ਬਾਹਰਲੇ ਸੂਬਿਆਂ ਤੋਂ ਆ ਕੇ ਵਸੇ ਲੋਕਾਂ ਅਤੇ ਕਥਿਤ ਗੈਰ-ਕਾਨੂੰਨੀ ਘੁਸਪੈਠ ਨਾਲ ਜੁੜੇ ਆਰਥਿਕ, ਸਮਾਜਿਕ ਤੇ ਧਾਰਮਿਕ ਮਸਲਿਆਂ ਉੱਤੇ ਗੰਭੀਰ ਚਿੰਤਾ ਪ੍ਰਗਟਾਈ ਹੈ। ਉਨ੍ਹਾਂ ਨੇ ਕੁਝ ਅਜਿਹੇ ਲੋਕਾਂ ਲਈ 'ਪਰਜੀਵੀ ਘੁਸਪੈਠੀਏ' ਸ਼ਬਦ ਵਰਤਦਿਆਂ ਕਿਹਾ ਕਿ ਪੰਜਾਬ ਦੇ ਪਿੰਡਾਂ ਅਤੇ ਸ਼ਹਿਰਾਂ ਵਿੱਚ ਅਜਿਹੀ ਵਸੋਂ ਦੀ ਗਿਣਤੀ ਲਗਭਗ 35 ਲੱਖ ਹੋਣ ਦੇ ਦਾਅਵੇ ਸਾਹਮਣੇ ਆ ਰਹੇ ਹਨ, ਜਿਨ੍ਹਾਂ ਦੀ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ। ਗੁਰਦੁਆਰਿਆਂ ਦੇ ਲੰਗਰ, ਸਰਕਾਰੀ ਸਕੂਲਾਂ ਵਿੱਚ ਮੁਫ਼ਤ ਸਿੱਖਿਆ, ਹਸਪਤਾਲਾਂ ਵਿੱਚ ਇਲਾਜ, 300 ਯੂਨਿਟ ਮੁਫ਼ਤ ਬਿਜਲੀ ਅਤੇ ਔਰਤਾਂ ਲਈ ਵਿੱਤੀ ਸਹਾਇਤਾ ਵਰਗੀਆਂ ਸਹੂਲਤਾਂ ਦਾ ਲਾਭ ਕੌਣ ਲੈ ਰਿਹਾ ਹੈ, ਇਸ ਬਾਰੇ ਪਾਰਦਰਸ਼ੀ ਅੰਕੜੇ ਜਨਤਕ ਕੀਤੇ ਜਾਣ। ਉਨ੍ਹਾਂ ਕਿਹਾ ਕਿ ਬਿਜਲੀ ਦੀਆਂ ਨਾਜਾਇਜ਼ ਕੁੰਡੀਆਂ ਅਤੇ ਸਰਕਾਰੀ ਸਹੂਲਤਾਂ ਦੀ ਕਥਿਤ ਦੁਰਵਰਤੋਂ ਰੋਕਣ ਲਈ ਸਰਕਾਰ ਨੂੰ ਜਵਾਬਦੇਹ ਬਣਾਉਣਾ ਜ਼ਰੂਰੀ ਹੈ। ਸਮਾਜਿਕ ਵਿਵਸਥਾ ਬਾਰੇ ਚਿੰਤਾ ਪ੍ਰਗਟਾਉਂਦਿਆਂ ਭਾਈ ਰਣਿੰਦਰ ਸਿੰਘ ਇੰਦੌਰ ਨੇ ਕਿਹਾ ਕਿ ਬੱਸ ਅੱਡਿਆਂ, ਰੇਲਵੇ ਸਟੇਸ਼ਨਾਂ, ਗੁਰਦੁਆਰਿਆਂ ਅਤੇ ਰਿਹਾਇਸ਼ੀ ਇਲਾਕਿਆਂ ਵਿੱਚ ਚੋਰੀਆਂ, ਨਸ਼ਿਆਂ, ਦੇਹ-ਵਪਾਰ ਅਤੇ ਗੰਦਗੀ ਫੈਲਾਉਣ ਵਰਗੀਆਂ ਗਤੀਵਿਧੀਆਂ ਸਬੰਧੀ ਮਿਲ ਰਹੀਆਂ ਸ਼ਿਕਾਇਤਾਂ ਦੀ ਪੁਲਿਸ ਅਤੇ ਪ੍ਰਸ਼ਾਸਨ ਵੱਲੋਂ ਗੰਭੀਰ ਜਾਂਚ ਹੋਣੀ ਚਾਹੀਦੀ ਹੈ। ਉਨ੍ਹਾਂ ਬਲੌਂਗੀ ਸਮੇਤ ਵੱਖ-ਵੱਖ ਇਲਾਕਿਆਂ ਵਿੱਚ ਕਥਿਤ ਗੈਰ-ਕਾਨੂੰਨੀ ਅੱਡਿਆਂ ਅਤੇ ਮਨੁੱਖੀ ਤਸਕਰੀ ਵਰਗੀਆਂ ਸਰਗਰਮੀਆਂ ਦੀ ਜਾਂਚ ਕਰਵਾਉਣ ਦੀ ਲੋੜ ਉੱਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਦੀ ਰੋਕਥਾਮ ਲਈ ਸਿਹਤ ਵਿਭਾਗ ਅਤੇ ਪੁਲਿਸ ਪ੍ਰਸ਼ਾਸਨ ਠੋਸ ਕਦਮ ਚੁੱਕਣ। ਕਿਸੇ ਵੀ ਵਿਅਕਤੀ ਜਾਂ ਭਾਈਚਾਰੇ ਨੂੰ ਬਿਨਾਂ ਸਬੂਤ ਅਪਰਾਧੀ ਕਰਾਰ ਦੇਣ ਦੀ ਬਜਾਏ ਅਸਲ ਦੋਸ਼ੀਆਂ ਵਿਰੁੱਧ ਕਾਨੂੰਨੀ ਕਾਰਵਾਈ ਹੋਵੇ। ਪੰਜਾਬ ਦੀ ਆਰਥਿਕਤਾ ਅਤੇ 2027 ਦੀਆਂ ਵਿਧਾਨ ਸਭਾ ਚੋਣਾਂ ਦਾ ਹਵਾਲਾ ਦਿੰਦਿਆਂ ਭਾਈ ਰਣਿੰਦਰ ਸਿੰਘ ਇੰਦੌਰ ਨੇ ਕਿਹਾ ਕਿ ਪਿਛਲੇ 30 ਸਾਲਾਂ ਦੌਰਾਨ ਪੰਜਾਬ ਵਿੱਚੋਂ ਦੋ ਲੱਖ ਕਰੋੜ ਰੁਪਏ ਤੋਂ ਵੱਧ ਦੀ ਕਮਾਈ ਉੱਤਰ ਪ੍ਰਦੇਸ਼, ਬਿਹਾਰ ਅਤੇ ਹੋਰ ਸੂਬਿਆਂ ਵਿੱਚ ਭੇਜੇ ਜਾਣ ਦੇ ਦਾਅਵਿਆਂ ਦੀ ਵੀ ਜਾਂਚ ਹੋਣੀ ਚਾਹੀਦੀ ਹੈ। ਉਨ੍ਹਾਂ ਪੰਥਕ, ਧਾਰਮਿਕ, ਸਮਾਜਿਕ ਅਤੇ ਰਾਜਨੀਤਕ ਜਥੇਬੰਦੀਆਂ ਨੂੰ ਅਪੀਲ ਕੀਤੀ ਕਿ 2027 ਦੀਆਂ ਚੋਣਾਂ ਤੋਂ ਪਹਿਲਾਂ ਸਾਰੀਆਂ ਸਿਆਸੀ ਪਾਰਟੀਆਂ ਉੱਤੇ ਦਬਾਅ ਬਣਾਇਆ ਜਾਵੇ ਤਾਂ ਜੋ ਵੋਟਰ ਸੂਚੀਆਂ ਦੀ ਨਿਰਪੱਖ ਅਤੇ ਪਾਰਦਰਸ਼ੀ ਜਾਂਚ ਹੋ ਸਕੇ। ਉਨ੍ਹਾਂ ਕਿਹਾ ਕਿ ਨਕਲੀ ਜਾਂ ਗੈਰ-ਯੋਗ ਵੋਟਾਂ ਨੂੰ ਖ਼ਤਮ ਕਰਨਾ ਅਤੇ ਨਾਗਰਿਕਤਾ ਤੇ ਚੋਣ ਕਾਨੂੰਨਾਂ ਅਨੁਸਾਰ ਵੋਟ ਦੇ ਅਧਿਕਾਰ ਦੀ ਪੜਤਾਲ ਕਰਨੀ ਸਮੇਂ ਦੀ ਮੁੱਖ ਲੋੜ ਹੈ।ਪੰਜਾਬ ਦੇ ਸਰੋਤਾਂ, ਸੱਭਿਆਚਾਰ, ਸਮਾਜਿਕ ਸੁਰੱਖਿਆ ਅਤੇ ਜਮਹੂਰੀ ਹੱਕਾਂ ਦੀ ਰਾਖੀ ਲਈ ਹੁਣ ਪੰਥਕ ਤੇ ਸਮਾਜਿਕ ਸੰਸਥਾਵਾਂ ਨੂੰ ਗੰਭੀਰਤਾ ਨਾਲ ਅੱਗੇ ਆਉਣਾ ਚਾਹੀਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

ਵਾਈਸ ਚਾਂਸਲਰ ਪ੍ਰੋਫੈਸਰ (ਡਾ.) ਬੂਟਾ ਸਿੰਘ ਸਿੱਧੂ ਆਈ.ਐਸ.ਟੀ.ਈ. ਐਜੂਕੇਸ਼ਨਲ ਲੀਡਰਸ਼ਿਪ ਐਕਸੀਲੈਂਸ ਐਵਾਰਡ ਨਾਲ ਸਨਮਾਨਿਤ



ਤਲਵੰਡੀ ਸਾਬੋ, 7 ਨਵੰਬਰ (ਗੁਰਜੰਟ ਸਿੰਘ ਨਥੇਹਾ)- ਗੁਰੂ ਕਾਸ਼ੀ ਕਾਲਜ ਦਮਦਮਾ ਸਾਹਿਬ ਦੀ ਐਲੂਮਨੀ ਦੇ ਸੀਨੀਅਰ ਮੈਂਬਰ, ਐਮਆਰਐਸ ਪੀਟੀਯੂ ਬਠਿੰਡਾ ਦੇ ਸਾਬਕਾ ਵਾਈਸ ਚਾਂਸਲਰ ਅਤੇ ਸ਼ੋਭਿਤ ਯੂਨੀਵਰਸਿਟੀ ਗੰਗੋਹ ਸਹਾਰਨਪੁਰ ਦੇ ਵਾਈਸ ਚਾਂਸਲਰ ਡਾਕਟਰ ਬੂਟਾ ਸਿੰਘ ਸਿੱਧੂ ਦਾ, ਭਾਈ ਗੁਰਦਾਸ ਗਰੁੱਪ ਆਫ ਇੰਸਟੀਚਿਊਸ਼ਨਜ਼ ਵਿਖੇ ਕਰਵਾਏ ਗਏ ਨੈਸ਼ਨਲ ਲੈਵਲ ਟੈਕ-ਫੈਸਟ (ਆਰਮੈਗਡਨ-26.1) ਸਮਾਰੋਹ ਦੌਰਾਨ, ਆਈ.ਐਸ.ਟੀ.ਈ. ਲੀਡਰਸ਼ਿਪ ਐਕਸੀਲੈਂਸ ਐਵਾਰਡ ਨਾਲ ਸਨਮਾਨ ਕੀਤਾ ਗਿਆ। ਇਸ ਸਮਾਰੋਹ ਮੌਕੇ ਇੰਡੀਅਨ ਸੁਸਾਇਟੀ ਫ਼ਾਰ ਟੈਕਨੀਕਲ ਐਜੂਕੇਸ਼ਨ (ਆਈ.ਐਸ.ਟੀ.ਈ), ਨਵੀਂ ਦਿੱਲੀ ਵੱਲੋਂ ਐਗਜ਼ੈਕਟਿਵ ਸੈਕਟਰੀ ਡਾ.ਐਸ.ਐਮ.ਅਲੀ ਨੇ ਬਤੌਰ ਮੁੱਖ ਮਹਿਮਾਨ ਸ਼ਿਰਕਤ ਕੀਤੀ। ਇਸ ਮੌਖੇ ਡਾ. ਐਸ.ਐਮ. ਅਲੀ ਨੇ ਡਾ. ਬੂਟਾ ਸਿੰਘ ਸਿੱਧੂ, ਵਾਈਸ ਚਾਂਸਲਰ, ਸ਼ੋਭਿਤ ਯੂਨੀਵਰਸਿਟੀ, ਨੂੰ ਉਨ੍ਹਾਂ ਦੀਆਂ ਇੰਜੀਨੀਅਰਿਗ ਦੇ ਖੇਤਰ ਵਿੱਚ ਵਧੀਆ ਸੇਵਾਵਾਂ ਦੇ ਚਲਦੇ ਆਈ.ਐਸ.ਟੀ.ਈ. ਲੀਡਰਸ਼ਿਪ ਐਕਸੀਲੈਂਸ ਐਵਾਰਡ ਨਾਲ ਸਨਮਾਨਿਤ ਕੀਤਾ ਗਿਆ। ਇਸ ਐਵਾਰਡ ਵਿਚ ਸਰਟੀਫਿਕੇਟ, ਮੈਡਲ, ਸ਼ੀਲਡ ਅਤੇ ਫੁਲਕਾਰੀ ਸ਼ਾਮਲ ਹਨ। ਸੰਸਥਾ ਦੇ ਚੇਅਰਮੈਨ ਗੁਰਿੰਦਰ ਸਿੰਘ ਜਵੰਦਾ ਵੱਲੋਂ ਕਨਵੈਨਸ਼ਨ ਵਿਚ ਆਈ.ਐਸ.ਟੀ.ਈ. ਲੀਡਰਸ਼ਿਪ ਐਕਸੀਲੈਂਸ ਐਵਾਰਡ ਨਾਲ ਸਨਮਾਨਿਤ ਵਾਈਸ ਚਾਂਸਲਰ ਪ੍ਰੋਫੈਸਰ ਡਾਕਟਰ ਬੂਟਾ ਸਿੰਘ ਸਿੱਧੂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦਾ ਸੰਸਥਾ ਵਿਚ ਪਹੁੰਚਣ ਲਈ ਧੰਨਵਾਦ ਕੀਤਾ। ਇਸ ਮੌਕੇ ਡਾ. ਬੂਟਾ ਸਿੰਘ ਸਿੱਧੂ, ਵਾਈਸ ਚਾਂਸਲਰ, ਸ਼ੋਭਿਤ ਯੂਨੀਵਰਸਿਟੀ ਗੰਗੋਹ, ਵੱਲੋਂ ਐਵਾਰਡ ਮਿਲਣ ਤੇ ਖੁਸ਼ੀ ਪ੍ਰਗਟਾਈ ਅਤੇ ਸੰਸਥਾ ਦੇ ਚੇਅਰਮੈਨ ਗੁਰਿੰਦਰ ਸਿੰਘ ਜਵੰਦਾ, ਡਾਰੈਕਟਰ ਡਾਕਟਰ ਤਨੂਜਾ ਸ਼੍ਰੀਵਾਸਤਵਾ ਦਾ ਧੰਨਵਾਦ ਕੀਤਾ ਅਤੇ ਬਚਨਵੱਧਤਾ ਪ੍ਰਗਟਾਈ ਕਿ ਭਵਿੱਖ ਵਿੱਚ ਵੀ ਇੰਜੀਨੀਅਰਿਗ ਦੇ ਖੇਤਰ ਵਿੱਚ ਆਪਣੀਆ ਸੇਵਾਵਾਂ ਹੋਰ ਵਧੀਆ ਢੰਗ ਨਾਲ ਨਿਭਾਉਣਗੇ। ਇਸ ਮੌਕਾ ਡਾ. ਮਨੋਜ ਕੁਮਾਰ, ਵਾਈਸ ਚਾਂਸਲਰ, ਡੀ.ਏ.ਵੀ. ਯੂਨੀਵਰਸਿਟੀ, ਜਲੰਧਰ, ਡਾ. ਵਿਕਾਸ ਚਾਵਲਾ, ਸੈਕਸ਼ਨ ਚੇਅਰਮੈਨ, ਆਈ.ਐਸ.ਟੀ.ਈ (ਐਸ.ਐਮ.ਸੀ.) ਅਤੇ ਪ੍ਰੋਫੈਸਰ, ਮਕੈਨੀਕਲ ਇੰਜੀਨੀਅਰਿਗ ਵਿਭਾਗ, ਆਈ.ਕੇ.ਜੀ. ਪੀਟੀਯੂ, ਡਾ. ਮਨੀਕਾਂਤ ਪਾਸਵਾਨ, ਡਾਇਰੈਕਟਰ, ਸਲਾਈਟ, ਲੌਂਗੋਵਾਲ, ਡਾ. ਮਨਜੀਤ ਸਿੰਘ, ਪੈਟਰਨ ਆਈ.ਐਸ.ਟੀ.ਈ (ਐਸ.ਐਮ.ਸੀ.) ਅਤੇ ਡੀਨ ਸੀ.ਓ.ਏ.ਈ.ਟੀ.,ਪੰਜਾਬ ਐਗਰੀਕਲਚਰ ਯੂਨੀਵਰਸਿਟੀ, ਲੁਧਿਆਣਾ, ਡਾ. ਸਤਵਿੰਦਰ ਸਿੰਘ, ਪ੍ਰੋਫੈਸਰ, ਪੰਜਾਬ ਕੇਂਦਰੀ ਯੂਨੀਵਰਸਿਟੀ, ਬਠਿੰਡਾ, ਹੁਸ਼ਿਆਰਪੁਰ ਕੈਂਪਸ, ਕੁਐਸਟ ਗਰੁੱਪ ਆਫ਼ ਇੰਸਟੀਚਿਊਸ਼ਨਜ਼, ਮੋਹਾਲੀ, ਡਾ. ਐਸ. ਕੇ. ਗਾਂਧੀ, ਸੈਕਟਰੀ ਆਈ.ਐਸ.ਟੀ.ਈ ਨਾਰਥ ਸੈਕਸ਼ਨ ਅਤੇ ਪ੍ਰਿੰਸੀਪਲ, ਗੁਲਜ਼ਾਰ ਗਰੁੱਪ ਆਫ਼ ਇੰਸਟੀਚਿਊਸ਼ਨਜ਼, ਖੰਨਾ ਵੀ ਹਾਜ਼ਰ ਸਨ। ਇਸ ਮੌਕੇ ਭਾਈ ਗੁਰਦਾਸ ਗਰੁੱਪ ਦੇ ਸੈਕਟਰੀ, ਬਲਜਿੰਦਰ ਕੌਰ ਜਵੰਧਾ, ਡਾਕਟਰ ਸੁਵਰੀਤ ਕੌਰ, ਡਾ. ਤਨੂਜਾ ਸ੍ਰੀਵਾਸਤਵਾ, ਕੈਂਪਸ ਡਾਇਰੈਕਟਰ, ਭਾਈ ਗੁਰਦਾਸ ਗਰੁੱਪ ਨੇ ਵੀ ਆਈ.ਐਸ.ਟੀ.ਈ. ਲੀਡਰਸ਼ਿਪ ਐਕਸੀਲੈਂਸ ਐਵਾਰਡ ਮਿਲਣ ਤੇ ਪ੍ਰੋਫੈਸਰ ਡਾਕਟਰ ਬੂਟਾ ਸਿੰਘ ਵਾਈਸ ਚਾਂਸਲਰ ਨੂੰ ਵਧਾਈ ਦਿੱਤੀ।

ਆਵਾਜ਼ਿ ਕੌਮ AWAZE QAUM International Newspaper & WEB TV

ਕਰਤਾਰਪੁਰ ਲਾਂਘਾ ਲਗਾਤਾਰ ਬੰਦ ਰਹਿਣ 'ਤੇ ਸਿੱਖ ਸੰਗਤ 'ਚ ਭਾਰੀ ਰੋਸ, ਸਤਨਾਮ ਸਿੰਘ ਗੰਭੀਰ ਨੇ ਪ੍ਰਧਾਨ ਮੰਤਰੀ ਨੂੰ ਲਿਖੀ ਚਿੱਠੀ

ਨਵੀਂ ਦਿੱਲੀ 7 ਨਵੰਬਰ (ਮਨਪ੍ਰੀਤ ਸਿੰਘ ਖਾਲਸਾ):- ਗੁਰਦੁਆਰਾ ਦਰਬਾਰ ਸਾਹਿਬ ਕਰਤਾਰਪੁਰ (ਪਾਕਿਸਤਾਨ) ਲਈ ਸਿੱਖ ਸ਼ਰਧਾਲੂਆਂ ਦੀ ਆਵਾਜਾਈ ਵਾਲਾ 'ਕਰਤਾਰਪੁਰ ਲਾਂਘਾ' ਮਈ 2025 ਤੋਂ ਅਨਿਸ਼ਚਿਤ ਸਮੇਂ ਲਈ ਬੰਦ ਰਹਿਣ ਕਾਰਨ ਭਾਰਤ ਅਤੇ ਦੁਨੀਆ ਭਰ ਦੀ ਸਿੱਖ ਸੰਗਤ ਵਿੱਚ ਭਾਰੀ ਰੋਸ ਅਤੇ ਚਿੰਤਾ ਪਾਈ ਜਾ ਰਹੀ ਹੈ। ਆਲ ਇੰਡੀਆ ਸਿੱਖ ਸਟੂਡੈਂਟਸ ਫੈਡਰੇਸ਼ਨ ਦੇ ਪੂਰਬੀ ਭਾਰਤ ਦੇ ਪ੍ਰਧਾਨ ਸਤਨਾਮ ਸਿੰਘ ਗੰਭੀਰ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਪੱਤਰ ਲਿਖ ਕੇ ਇਸ ਲਾਂਘੇ ਨੂੰ ਤੁਰੰਤ ਮੁੜ ਖੋਲ੍ਹਣ ਦੀ ਮੰਗ ਕੀਤੀ ਹੈ। ਸਤਨਾਮ ਸਿੰਘ ਗੰਭੀਰ ਨੇ ਕਿਹਾ ਕਿ ਬਿਨਾਂ ਵੀਜ਼ਾ ਧਾਰਮਿਕ ਦਰਸ਼ਨਾਂ ਲਈ ਸ਼ੁਰੂ ਕੀਤਾ ਗਿਆ ਇਹ ਲਾਂਘਾ ਬੰਦ ਹੋਣ ਕਾਰਨ ਹਜ਼ਾਰਾਂ ਸ਼ਰਧਾਲੂ ਆਪਣੇ ਪਵਿੱਤਰ ਧਾਰਮਿਕ ਅਸਥਾਨ ਦੇ ਦਰਸ਼ਨਾਂ ਤੋਂ ਵਾਂਝੇ ਹੋ ਰਹੇ ਹਨ। ਪੰਜਾਬ ਸਰਕਾਰ ਅਤੇ ਸਥਾਨਕ ਲੋਕ ਇਸ ਮੁੱਦੇ 'ਤੇ ਲਗਾਤਾਰ ਆਵਾਜ਼ ਉਠਾ ਰਹੇ ਹਨ, ਪਰ ਲਾਂਘਾ ਖੋਲ੍ਹਣ ਦਾ ਅੰਤਿਮ ਫੈਸਲਾ ਕੇਂਦਰ ਸਰਕਾਰ ਦੇ ਹੱਥ ਹੈ। ਉਹਨਾਂ ਜ਼ੋਰ ਦੇ ਕੇ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਰਾਸ਼ਟਰੀ ਸੁਰੱਖਿਆ ਦਾ ਹਵਾਲਾ ਦਿੱਤਾ ਜਾ ਰਿਹਾ ਹੈ, ਪਰ ਧਾਰਮਿਕ ਆਜ਼ਾਦੀ ਇੱਕ ਬੁਨਿਆਦੀ ਮਨੁੱਖੀ ਅਧਿਕਾਰ ਹੈ। ਉਨ੍ਹਾ ਕਿਹਾ ਸੁਰੱਖਿਆ ਕਾਰਨਾਂ ਦੇ ਨਾਂ 'ਤੇ ਧਾਰਮਿਕ ਦਰਸ਼ਨਾਂ 'ਤੇ ਪੂਰਨ ਰੋਕ ਲਗਾਉਣ ਦੀ ਬਜਾਏ ਪੁਖ਼ਤਾ ਸੁਰੱਖਿਆ ਇੰਤਜ਼ਾਮ ਅਤੇ ਸਪੱਸ਼ਟ ਨਿਯਮ-ਸ਼ਰਤਾਂ ਤੈਅ ਕੀਤੀਆਂ ਜਾਣੀਆਂ ਚਾਹੀਦੀਆਂ ਹਨ। ਦੋਵਾਂ ਦੇਸ਼ਾਂ ਨੂੰ ਸਿਆਸੀ ਬਿਆਨਬਾਜ਼ੀ ਤੋਂ ਉੱਪਰ ਉੱਠ ਕੇ ਕੂਟਨੀਤਕ ਗੱਲਬਾਤ ਰਾਹੀਂ ਇਸ ਦਾ ਹੱਲ ਕੱਢਣਾ ਚਾਹੀਦਾ ਹੈ। ਜ਼ਿਕਰਯੋਗ ਹੈ ਕਿ ਗੁਰਦੁਆਰਾ ਦਰਬਾਰ ਸਾਹਿਬ ਕਰਤਾਰਪੁਰ ਸਿੱਖ ਧਰਮ ਦੇ ਬਾਨੀ ਸ੍ਰੀ ਗੁਰੂ ਨਾਨਕ ਦੇਵ ਜੀ ਦਾ ਉਹ ਪਵਿੱਤਰ ਅਸਥਾਨ ਹੈ, ਜਿੱਥੇ ਉਹਨਾਂ ਨੇ ਆਪਣੇ ਜੀਵਨ ਦੇ ਅੰਤਿਮ ਸਾਲ ਬਿਤਾਏ ਸਨ। ਇਹ ਲਾਂਘਾ ਦੋਹਾਂ ਦੇਸ਼ਾਂ ਵਿਚਾਲੇ ਧਾਰਮਿਕ ਆਸਥਾ ਅਤੇ ਆਪਸੀ ਵਿਸ਼ਵਾਸ ਦਾ ਇੱਕ ਵੱਡਾ ਜ਼ਰੀਆ ਬਣਿਆ ਸੀ।



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਵਿਖੇ ਪੁਰਾਤਨ ਮਰਿਆਦਾ ਅਨੁਸਾਰ

ਸ਼ਰਧਾ ਤੇ ਸਤਿਕਾਰ ਸਹਿਤ 'ਤਖ਼ਤ ਇਸ਼ਨਾਨ' ਦੀ ਪਵਿੱਤਰ ਸੇਵਾ ਸੰਪੰਨ



ਚੌਕ ਮਹਿਤਾ 7 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ) ਤਖ਼ਤ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ, ਨਾਂਦੇੜ ਵਿਖੇ ਪੀੜ੍ਹੀਆਂ ਤੋਂ ਚੱਲੀ ਆ ਰਹੀ ਪੁਰਾਤਨ ਰਵਾਇਤ ਅਤੇ ਮਰਯਾਦਾ ਅਨੁਸਾਰ 'ਤਖ਼ਤ ਇਸ਼ਨਾਨ' ਦੀ ਪਵਿੱਤਰ ਸੇਵਾ ਪੂਰੀ ਸ਼ਰਧਾ, ਭਾਵਨਾ ਅਤੇ ਸਤਿਕਾਰ ਸਹਿਤ ਸੰਪੰਨ ਹੋਈ। ਇਸ ਅਵਸਰ 'ਤੇ ਦੇਸ਼-ਵਿਦੇਸ਼ ਤੋਂ ਪੁੱਜੇ ਹਜ਼ਾਰਾਂ ਦੀ ਗਿਣਤੀ ਵਿੱਚ ਸ਼ਰਧਾਲੂਆਂ ਨੇ ਗੁਰੂ ਘਰ ਵਿਖੇ ਨਤਮਸਤਕ ਹੋ ਕੇ ਸੇਵਾ ਵਿੱਚ ਹਿੱਸਾ ਲਿਆ 'ਤਖ਼ਤ ਇਸ਼ਨਾਨ' ਦੀ ਪਵਿੱਤਰ ਪਰੰਪਰਾ ਤਹਿਤ ਸੰਗਤ ਵੱਲੋਂ ਤਖ਼ਤ ਸਾਹਿਬ ਨੂੰ ਅੰਦਰ ਅਤੇ ਬਾਹਰ ਤੋਂ ਦੁੱਧ ਅਤੇ ਜਲ ਨਾਲ ਇਸ਼ਨਾਨ ਕਰਵਾਇਆ ਗਿਆ। ਇਸ ਮੌਕੇ ਗੁਰੂ ਸਾਹਿਬ ਦੇ ਸਿੰਘਾਸਨ ਅਸਥਾਨ ਵਿਖੇ ਸੁਭਾਇਮਾਨ ਦਸਮੇਸ਼ ਪਿਤਾ ਜੀ ਦੇ ਪੁਰਾਤਨ ਪਵਿੱਤਰ ਸ਼ਸਤਰਾਂ ਨੂੰ ਬਾਹਰ ਲਿਆ ਕੇ ਮੁੱਖ ਦੀਵਾਨ ਹਾਲ ਵਿੱਚ ਸੰਗਤਾਂ ਦੇ ਦਰਸ਼ਨਾਂ ਲਈ ਸਜਾਇਆ ਗਿਆ ਅਤੇ ਸਮੂਹ ਸ਼ਸਤਰਾਂ ਦੀ ਮਰਯਾਦਾ ਅਨੁਸਾਰ ਸੁਚੱਜੇ ਢੰਗ ਨਾਲ ਸੇਵਾ-ਸੰਭਾਲ ਅਤੇ ਸਫ਼ਾਈ ਕੀਤੀ ਗਈ ਹਰ ਸਾਲ ਦੀ ਤਰ੍ਹਾਂ ਇਸ ਵਰ੍ਹੇ ਵੀ ਤਖ਼ਤ ਸਾਹਿਬ ਦੇ ਮਾਨਯੋਗ ਮੀਤ ਜਥੇਦਾਰ ਸਿੰਘ ਸਾਹਿਬ ਭਾਈ ਰਾਮ ਸਿੰਘ ਜੀ ਵੱਲੋਂ ਤਖ਼ਤ ਇਸ਼ਨਾਨ ਦੇ ਆਰੰਭਤਾ ਦੀ ਅਰਦਾਸ ਕੀਤੀ ਗਈ। ਉਪਰੰਤ ਪੰਜ ਪਿਆਰੇ ਸਾਹਿਬਾਨ ਦੀ ਅਗਵਾਈ ਹੇਠ ਸਵੇਰੇ 10 ਵਜੇ ਇਹ ਸੇਵਾ ਕਾਰਜ ਆਰੰਭ ਹੋਇਆ। ਘਾਗਰੀਆ ਸਿੰਘਾਂ ਅਤੇ ਸੰਗਤ ਵੱਲੋਂ ਗੁਰਦੁਆਰਾ ਨਗੀਨਾ ਘਾਟ ਸਾਹਿਬ ਜੀ ਦੇ ਪਵਿੱਤਰ ਸਰੋਵਰ ਤੋਂ ਜਲ ਦੀਆਂ ਗਾਗਰਾਂ ਭਰ ਕੇ ਲਿਆਂਦੀਆਂ ਗਈਆਂ ਅਤੇ ਤਖ਼ਤ ਸਾਹਿਬ ਦੇ ਅੰਦਰਨੇ ਤੇ ਬਾਹਰਲੇ ਪਰਿਸਰ ਨੂੰ ਧੋ ਕੇ ਨਿਰਮਲ ਸਫ਼ਾਈ ਕੀਤੀ ਗਈ ਇਸ ਮੌਕੇ ਗੁਰਦੁਆਰਾ ਬੋਰਡ ਦੇ ਸਕੱਤਰ ਸ੍. ਰਵਿੰਦਰ ਸਿੰਘ ਬੁੰਗਈ, ਬੋਰਡ ਮੈਂਬਰ ਸ੍. ਮਨਪ੍ਰੀਤ ਸਿੰਘ ਕੁੰਜੀਵਾਲੇ, ਸ੍. ਗੁਰਮੀਤ ਸਿੰਘ ਮਹਾਜਨ ਅਤੇ ਸੁਪਰਡੈਂਟ ਸ੍ ਰਵਿੰਦਰ ਸਿੰਘ ਕਪੂਰ ਨੇ 'ਤਖ਼ਤ ਇਸ਼ਨਾਨ' ਦੀ ਸੇਵਾ ਵਿੱਚ ਪੁੱਜੀਆਂ ਸਮੂਹ ਸੰਗਤਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ ਇਸ ਪਵਿੱਤਰ ਦਿਹਾੜੇ ਮੌਕੇ ਸਹਾਇਕ ਸੁਪਰਡੈਂਟ ਸ੍. ਬਲਵਿੰਦਰ ਸਿੰਘ ਫ਼ੌਜੀ, ਸਹਾਇਕ ਸੁਪਰਡੈਂਟ ਸ੍. ਜੈਮਲ ਸਿੰਘ ਢਿੱਲੋਂ, ਸਮੂਹ ਅਧਿਕਾਰੀ, ਕਰਮਚਾਰੀ ਅਤੇ ਇਲਾਕੇ ਦੇ ਪਤਵੰਤੇ ਸੱਜਣ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243
ਆਵਾਜ਼ਿ ਕੌਮ AWAZE QAUM International Newspaper & WEB TV

ਖਾਲਸਾ ਕਾਲਜ ਮਹਿਤਾ ਵਿਖੇ 'ਬੰਦੀ ਛੋੜ ਦਿਵਸ' ਮਨਾਇਆ



ਚੌਕ ਮਹਿਤਾ,,7 ਨਵੰਬਰ (**ਬਾਬਾ ਸੁਖਵੰਤ ਸਿੰਘ ਚੰਨਣਕੇ**)-ਦਮਦਮੀ ਟਕਸਾਲ ਦੇ ਮੌਜੂਦਾ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲਿਆ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਵਿਦਿਅਕ ਅਦਾਰੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ ਅਤੇ ਖਾਲਸਾ ਕਾਲਜੀਏਟ ਸਕੂਲ ਮਹਿਤਾ ਵਿਖੇ ਸਿੱਖ ਧਰਮ ਦੇ ਮਹਾਨ ਇਤਿਹਾਸਕ ਅਤੇ ਅਧਿਆਤਮਿਕ ਮਹੱਤਵ ਵਾਲੇ ਪਾਵਨ ਤਿਉਹਾਰ 'ਬੰਦੀ ਛੋੜ ਦਿਵਸ' ਨੂੰ ਬੜੀ ਸ਼ਰਧਾ ਅਤੇ ਉਤਸਾਹਪੂਰਵਕ ਢੰਗ ਨਾਲ ਮਨਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਹਰੀ ਦੀਵਾਲੀ ਮਨਾਉਣ ਦੀ ਅਪੀਲ ਕਰਦਿਆਂ ਭਾਸ਼ਣ ਤੇ ਕਵਿਤਾਵਾਂ ਰਾਹੀਂ ਸਮਾਜ ਨੂੰ ਵਾਤਾਵਰਨ ਬਚਾਉਣ ਦਾ ਸੁਨੇਹਾ ਦਿੱਤਾ। ਇਸ ਮੌਕੇ ਸਮੁੱਚੇ ਕਾਲਜ ਦਾ ਮਾਹੌਲ ਤਿਉਹਾਰੀ ਰੰਗ ਵਿੱਚ ਰੰਗਿਆ ਨਜ਼ਰ ਆਇਆ। ਵਿਦਿਆਰਥੀਆਂ ਨੇ ਸੁੰਦਰ ਰੰਗੋਲੀਆਂ ਬਣਾਈਆਂ ਅਤੇ ਦੀਪ ਸਜਾਵਟ ਰਾਹੀਂ ਆਪਣੀ ਕਲਾ ਦਾ ਪ੍ਰਦਰਸ਼ਨ ਕੀਤਾ।

ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਸ. ਗੁਰਦੀਪ ਸਿੰਘ ਜਲਾਲ ਉਸਮਾ ਨੇ ਵਿਦਿਆਰਥੀਆਂ ਨੂੰ "ਬੰਦੀ ਛੋੜ ਦਿਵਸ" ਦੀ ਇਤਿਹਾਸਕ ਮਹੱਤਤਾ ਤੋਂ ਜਾਣੂ ਕਰਵਾਉਂਦਿਆਂ ਕਿਹਾ ਕਿ ਇਹ ਦਿਹਾੜਾ ਸਿਰਫ਼ ਖ਼ੁਸ਼ੀਆਂ ਮਨਾਉਣ ਜਾਂ ਦੀਵੇ ਜਗਾਉਣ ਦਾ ਤਿਉਹਾਰ ਨਹੀਂ, ਸਗੋਂ ਮਨੁੱਖਤਾ ਦੀ ਆਜ਼ਾਦੀ, ਨਿਆਂ, ਬਰਾਬਰੀ ਅਤੇ ਪਰਉਪਕਾਰ ਦੀਆਂ ਉੱਚੀਆਂ ਕਦਰਾਂ-ਕੀਮਤਾਂ ਦਾ ਪ੍ਰਤੀਕ ਹੈ। ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨੇ ਆਪਣੀ ਰਿਹਾਈ ਦੇ ਨਾਲ-ਨਾਲ 52 ਰਾਜਿਆਂ ਦੀ ਰਿਹਾਈ ਕਰਵਾ ਕੇ ਸਮੁੱਚੀ ਮਨੁੱਖਤਾ ਨੂੰ ਨਿਰਸਵਾਰਥ ਸੇਵਾ, ਹੱਕ-ਸੱਚ ਦੀ ਪਹਿਰੇਦਾਰੀ ਅਤੇ ਦੂਜਿਆਂ ਦੀ ਆਜ਼ਾਦੀ ਲਈ ਸੰਘਰਸ਼ ਕਰਨ ਦਾ ਮਹਾਨ ਸੰਦੇਸ਼ ਦਿੱਤਾ। ਉਨ੍ਹਾਂ ਕਿਹਾ ਕਿ ਗੁਰੂ ਸਾਹਿਬ ਦਾ ਜੀਵਨ ਸਾਨੂੰ ਸਿਖਾਉਂਦਾ ਹੈ ਕਿ ਅਸਲ ਮਹਾਨਤਾ ਆਪਣੇ ਸੁੱਖਾਂ ਤੱਕ ਸੀਮਤ ਰਹਿਣ ਵਿੱਚ ਨਹੀਂ, ਸਗੋਂ ਦੂਜਿਆਂ ਦੇ ਦੁੱਖ ਦੂਰ ਕਰਨ ਅਤੇ ਉਨ੍ਹਾਂ ਦੇ ਹੱਕਾਂ ਦੀ ਰਾਖੀ ਕਰਨ ਵਿੱਚ ਹੈ।

ਪ੍ਰਿੰਸੀਪਲ ਸਾਹਿਬ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਾਨੂੰ ਗੁਰੂ ਸਾਹਿਬ ਦੇ ਜੀਵਨ ਤੋਂ ਪ੍ਰੇਰਨਾ ਲੈ ਕੇ ਸਮਾਜ ਵਿੱਚੋਂ ਅਗਿਆਨਤਾ, ਨਫ਼ਰਤ, ਅਨਿਆਂ ਅਤੇ ਸਮਾਜਿਕ ਬੁਰਾਈਆਂ ਦੇ ਹਨੇਰੇ ਨੂੰ ਦੂਰ ਕਰਨ ਲਈ ਯਤਨਸ਼ੀਲ ਹੋਣਾ ਚਾਹੀਦਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਸਿੱਖ ਇਤਿਹਾਸ ਦੇ ਸੁਨਹਿਰੀ ਪੰਨਿਆਂ ਤੋਂ ਪ੍ਰੇਰਨਾ ਲੈਣ, ਆਪਣੇ ਵਿਰਸੇ ਨਾਲ ਜੁੜਨ ਅਤੇ ਚੰਗੇ ਚਰਿੱਤਰ ਵਾਲੇ ਜ਼ਿੰਮੇਵਾਰ ਨਾਗਰਿਕ ਬਣਨ ਦਾ ਸੱਦਾ ਦਿੱਤਾ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ, ਪ੍ਰਿੰਸੀਪਲ ਜਤਿੰਦਰ ਸ਼ਰਮਾ, ਮੈਡਮ ਕੁਲਦੀਪ ਕੌਰ, ਸੁਖਦੇਵ ਸਿੰਘ ਅਤੇ ਸਮੂਹ ਅਧਿਆਪਕ ਸਹਿਬਾਨ ਨੇ ਵਿਦਿਆਰਥੀਆਂ ਨੂੰ "ਬੰਦੀ ਛੋੜ ਦਿਵਸ" ਦੀ ਵਧਾਈ ਦਿੱਤੀ।

ਪੰਜਾਬ ਭਾਜਪਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨਾਲ ਬੱਬੀ ਦਾਨੇਵਾਲੀਆ ਨੇ ਕੀਤੀ ਵਿਸ਼ੇਸ਼ ਮੁਲਾਕਾਤ

ਮਾਨਸਾ ਦੇ ਵਿਕਾਸ ਅਤੇ ਲੋਕਾਂ ਦੀਆਂ ਸਮੱਸਿਆਵਾਂ ਸਬੰਧੀ ਹੋਈ ਵਿਸਥਾਰਪੂਰਵਕ ਚਰਚਾ

ਮਾਨਸਾ, 7 ਨਵੰਬਰ (ਆਵਾਜ਼ਿ ਕੌਮ ਬਿਊਰੋ)-ਭਾਰਤੀ ਜਨਤਾ ਪਾਰਟੀ ਜ਼ਿਲ੍ਹਾ ਮਾਨਸਾ ਦੇ ਜਨਰਲ ਸਕੱਤਰ ਅਤੇ ਉੱਘੇ ਸਮਾਜ ਸੇਵੀ ਮੁਨੀਸ਼ ਕੁਮਾਰ ਬੱਬੀ ਦਾਨੇਵਾਲੀਆ ਨੇ ਚੰਡੀਗੜ੍ਹ ਵਿਖੇ ਪੰਜਾਬ ਭਾਜਪਾ ਦੇ ਪ੍ਰਦੇਸ਼ ਪ੍ਰਧਾਨ ਸ੍ਰੀ ਕੇਵਲ ਸਿੰਘ ਢਿੱਲੋਂ ਨਾਲ ਵਿਸ਼ੇਸ਼ ਸ਼ਿਸ਼ਟਾਚਾਰ ਮੁਲਾਕਾਤ ਕੀਤੀ। ਇਸ ਮੌਕੇ ਉਨ੍ਹਾਂ ਨੇ ਪ੍ਰਦੇਸ਼ ਪ੍ਰਧਾਨ ਨੂੰ ਰੌਸ਼ਨੀਆਂ ਦੇ ਪਵਿੱਤਰ ਤਿਉਹਾਰ ਦੀਵਾਲੀ ਦੀਆਂ ਹਾਰਦਿਕ ਵਧਾਈਆਂ ਦਿੰਦਿਆਂ ਉਨ੍ਹਾਂ ਦੀ ਚੰਗੀ ਸਿਹਤ ਅਤੇ ਖੁਸ਼ਹਾਲੀ ਦੀ ਕਾਮਨਾ ਕੀਤੀ।



ਇਸ ਸੁਹਿਰਦ ਮੁਲਾਕਾਤ ਦੌਰਾਨ ਮਾਨਸਾ ਹਲਕੇ ਅਤੇ ਸਮੁੱਚੇ ਜ਼ਿਲ੍ਹੇ ਨਾਲ ਸਬੰਧਤ ਵੱਖ-ਵੱਖ ਲੋਕ ਹਿੱਤਾਂ ਦੇ ਮੁੱਦਿਆਂ 'ਤੇ ਗੰਭੀਰਤਾ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਬੱਬੀ ਦਾਨੇਵਾਲੀਆ ਨੇ ਪ੍ਰਦੇਸ਼ ਪ੍ਰਧਾਨ ਨੂੰ ਮਾਨਸਾ ਖੇਤਰ ਦੇ ਵਿਕਾਸ ਕਾਰਜਾਂ, ਆਮ ਲੋਕਾਂ ਨੂੰ ਦਰਪੇਸ਼ ਪ੍ਰਸ਼ਾਸਨਿਕ ਮੁਸ਼ਕਲਾਂ ਅਤੇ ਇਲਾਕੇ ਦੀਆਂ ਪ੍ਰਮੁੱਖ ਲੋੜਾਂ ਤੋਂ ਜਾਣੂ ਕਰਵਾਉਂਦਿਆਂ ਲੋਕਾਂ ਦੀਆਂ ਉਮੀਦਾਂ ਅਤੇ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ।

ਇਸ ਮੌਕੇ ਮੁਨੀਸ਼ ਕੁਮਾਰ ਬੱਬੀ ਦਾਨੇਵਾਲੀਆ ਨੇ ਸਮੁੱਚੇ ਪੰਜਾਬ ਵਾਸੀਆਂ ਅਤੇ ਖ਼ਾਸ ਕਰਕੇ ਮਾਨਸਾ ਹਲਕੇ ਦੇ ਲੋਕਾਂ ਨੂੰ ਦੀਵਾਲੀ, ਬੰਦੀ ਛੋੜ ਦਿਵਸ ਅਤੇ ਵਿਸ਼ਵਕਰਮਾ ਦਿਵਸ ਦੀਆਂ ਲੱਖ-ਲੱਖ ਵਧਾਈਆਂ ਦਿੱਤੀਆਂ।

ਉਨ੍ਹਾਂ ਆਪਣੇ ਵਧਾਈ ਸੰਦੇਸ਼ ਵਿੱਚ ਕਿਹਾ ਕਿ ਦੀਵਾਲੀ ਸਿਰਫ਼ ਦੀਵਿਆਂ ਅਤੇ ਰੌਸ਼ਨੀਆਂ ਦਾ ਤਿਉਹਾਰ ਹੀ ਨਹੀਂ, ਸਗੋਂ ਇਹ ਹਨੇਰੇ ਉੱਤੇ ਚਾਨਣ, ਬੁਰਾਈ ਉੱਤੇ ਨੇਕੀ ਅਤੇ ਨਿਰਾਸ਼ਾ ਉੱਤੇ ਉਮੀਦ ਦੀ ਜਿੱਤ ਦਾ ਪ੍ਰਤੀਕ ਹੈ। ਇਹ ਪਵਿੱਤਰ ਤਿਉਹਾਰ ਸਾਨੂੰ ਆਪਸੀ ਪਿਆਰ, ਸਦਭਾਵਨਾ, ਭਾਈਚਾਰੇ ਅਤੇ ਮਿਲਵਰਤਣ ਦੀ ਭਾਵਨਾ ਨਾਲ ਜੀਵਨ ਬਤੀਤ ਕਰਨ ਦਾ ਸੰਦੇਸ਼ ਦਿੰਦਾ ਹੈ।

ਉਨ੍ਹਾਂ ਕਿਹਾ, "ਮੇਰੀ ਪ੍ਰਮਾਤਮਾ ਅੱਗੇ ਅਰਦਾਸ ਹੈ ਕਿ ਦੀਵਾਲੀ ਦਾ ਇਹ ਪਵਿੱਤਰ ਤਿਉਹਾਰ ਹਰ ਪਰਿਵਾਰ ਦੇ ਜੀਵਨ ਵਿੱਚ ਸੁੱਖ, ਸ਼ਾਂਤੀ, ਖੁਸ਼ਹਾਲੀ ਅਤੇ ਉੱਤਮ ਸਿਹਤ ਲੈ ਕੇ ਆਵੇ। ਮਾਨਸਾ ਦਾ ਹਰ ਪਰਿਵਾਰ ਤਰੱਕੀ ਦੀਆਂ ਨਵੀਆਂ ਬੁਲੰਦੀਆਂ ਛੂਹੇ ਅਤੇ ਹਰ ਘਰ-ਹਵੇਲੀ ਖੁਸ਼ੀਆਂ ਦੇ ਦੀਵਿਆਂ ਨਾਲ ਰੌਸ਼ਨ ਹੋਵੇ। ਸਾਡੇ ਸਮਾਜ ਵਿੱਚ ਆਪਸੀ ਪਿਆਰ ਅਤੇ ਭਾਈਚਾਰਾ ਹਮੇਸ਼ਾ ਕਾਇਮ ਰਹੇ।" ਅੰਤ ਵਿੱਚ ਉਨ੍ਹਾਂ ਸਮੂਹ ਪੰਜਾਬੀਆਂ ਨੂੰ ਸਪਰਿਵਾਰ ਤਿਉਹਾਰਾਂ ਦੀਆਂ ਮੁਬਾਰਕਾਂ ਦਿੰਦਿਆਂ ਮਾਨਸਾ ਦੇ ਸਰਬਪੱਖੀ ਵਿਕਾਸ ਅਤੇ ਲੋਕਾਂ ਦੀ ਖੁਸ਼ਹਾਲੀ ਦੀ ਕਾਮਨਾ ਕੀਤੀ।

ਮੇਜਰ ਡਾਕਟਰ ਯਾਦਵਿੰਦਰ ਸਿੰਘ ਸਿੱਧੂ ਮੈਮੋਰੀਅਲ ਸਾਹਿਤ ਸਭਾ ਲਹਿਰਾ ਮੁਹੱਬਤ ਵੱਲੋਂ

ਕਰਾਇਆ ਗਿਆ ਸਾਹਿਤਕ ਸਮਾਗਮ ਯਾਦਗਾਰੀ ਹੋ ਨਿਬੜਿਆ

ਪ੍ਰੋਗਰਾਮ ਦਾ ਆਗਾਜ਼ ਗੁਰੂ ਰਾਮਦਾਸ ਪਬਲਿਕ ਸਕੂਲ ਲਹਿਰਾ ਮੁਹੱਬਤ ਦੇ ਬੱਚਿਆਂ ਨੇ ਧਾਰਮਿਕ ਗੀਤ ਗਾ ਕੇ ਕੀਤਾ ਇਸ ਮੌਕੇ ਸਕੂਲ ਦੀਆਂ ਬੱਚੀਆਂ ਨੇ ਕਵੀਸ਼ਰੀ ਨਾਲ ਸਰੋਤਿਆਂ ਨੂੰ ਨਿਹਾਲ ਕੀਤਾ










ਠਿੰਡਾ, 7 ਨਵੰਬਰ (ਆਵਾਜ਼ਿ ਕੌਮ ਬਿਊਰੋ)-ਪਿਛਲੇ ਦਿਨੀਂ ਬਠਿੰਡਾ ਜ਼ਿਲ੍ਹੇ ਦੇ ਪਿੰਡ ਲਹਿਰਾ ਮੁਹੱਬਤ ਵਿਖੇ ਮੇਜਰ ਡਾ.ਯਾਦਵਿੰਦਰ ਸਿੰਘ ਸਿੱਧੂ ਮੈਮੋਰੀਅਲ ਸਾਹਿਤ ਸਭਾ ਲਹਿਰਾ ਮੁਹੱਬਤ ਵੱਲੋਂ ਇਕ ਸ਼ਾਨਦਾਰ ਤੇ ਪ੍ਰਭਾਵਸ਼ਾਲੀ ਸਾਹਿਤਕ ਸਮਾਗਮ ਕਰਵਾਇਆ ਗਿਆ ਇਸ ਮੌਕੇ ਸਰਦਾਰ ਯਾਦਵਿੰਦਰ ਸਿੰਘ ਖੋਖਰ (ਖੋਖਰ ਹੋਬੀ ਟੈਕ. ਪਿੰਡ ਸਿਰੀਏ ਵਾਲਾ) ਮੁੱਖ ਮਹਿਮਾਨ ਵਜੋਂ ਹਾਜ਼ਰ ਹੋਏ।ਪ੍ਰਧਾਨਗੀ ਮੰਡਲ ਵਿੱਚ ਡਾ. ਰੂੜ ਸਿੰਘ ਸਿੱਧੂ (ਸਹਾਇਕ ਡਾਇਰੈਕਟਰ ਬਾਗਬਾਨੀ ਰਿਟਾ.), ਡਾ. ਬਲਵੀਰ ਸਿੰਘ ਸਿੱਧੂ (ਸਰਪ੍ਰਸਤ) ਬਲਜਿੰਦਰ ਸਿੰਘ ਸਿੱਧੂ (ਪ੍ਰਿੰਸੀਪਲ ਰਿਟਾ.),ਸਰਦਾਰ ਜਗਜੀਤ ਸਿੰਘ ਢਿੱਲੋਂ (ਸੁਪਰਡੈਂਟ ਬਿਜਲੀ ਬੋਰਡ ਰਿਟਾ.) ਸਰਦਾਰ ਚਰਨਜੀਤ ਸਿੰਘ ਸਿੱਧੂ(ਪੱਤਰ ਪ੍ਰੇਰਕ ਰੋਜ਼ਨਾਵਾਂ ਅਜੀਤ)ਅਤੇ ਅਮਰਜੀਤ ਸਿੰਘ 'ਜੀਤ ' ਗ.ਜ਼ਲਗੋ ਸ਼ਾਮਲ ਸਨ। ਪ੍ਰੋਗਰਾਮ ਦਾ ਆਗਾਜ਼ ਗੁਰੂ ਰਾਮਦਾਸ ਪਬਲਿਕ ਸਕੂਲ ਲਹਿਰਾ ਮੁਹੱਬਤ ਦੇ ਬੱਚਿਆਂ ਨੇ ਧਾਰਮਿਕ ਗੀਤ ਗਾ ਕੇ ਕੀਤਾ ਇਸ ਮੌਕੇ ਸਕੂਲ ਦੀਆਂ ਬੱਚੀਆਂ ਨੇ ਕਵੀਸ਼ਰੀ ਨਾਲ ਸਰੋਤਿਆਂ ਨੂੰ ਨਿਹਾਲ ਕੀਤਾ , ਸਕੂਲ ਦੇ ਬੱਚਿਆਂ ਵੱਲੋਂ ਅਜੋਕੇ ਪੰਜਾਬ ਦੀ ਨੌਜੁਆਨੀ ਵਿੱਚ ਫੈਲ ਰਹੀਆਂ ਵਿਸੰਗਤੀਆਂ ਦੀ ਉਘੜਦੀ ਤਸਵੀਰ ਵੀ ਆਪਣੀਆਂ ਸਕਿੱਟਾਂ ਰਾਹੀਂ ਪੇਸ਼ ਕੀਤੀ ।ਗ.ਜ਼ਲਗੋ ਅਮਰਜੀਤ ਸਿੰਘ ਜੀਤ ਨੇ ਜਿੱਥੇ ਆਪਣੀਆਂ ਗ.ਜ਼ਲਾਂ ਪੇਸ਼ ਕੀਤੀਆਂ ਉੱਥੇ ਨੌਜਵਾਨ ਪੀੜੀ ਨੂੰ ਸਾਹਿਤ ਨਾਲ ਜੁੜਨ ਲਈ ਵੀ ਪ੍ਰੇਰਿਤ ਕੀਤਾ। ਉਹਨਾਂ ਮਰਹੂਮ ਮੇਜਰ ਡਾਕਟਰ ਯਾਦਵਿੰਦਰ ਸਿੰਘ ਸਿੱਧੂ ਨਾਲ ਸੰਬੰਧਤ ਆਪਣੀਆਂ ਯਾਦਾਂ ਵੀ ਪਾਠਕਾਂ ਨਾਲ ਸਾਂਝੀਆਂ ਕੀਤੀਆਂ। ਇਸ ਮੌਕੇ ਮੁੱਖ ਮਹਿਮਾਨ ਯਾਦਵਿੰਦਰ ਸਿੰਘ ਖੋਖਰ ਨੇ ਵੀ ਮਰਹੂਮ ਦੋਸਤ ਨਾਲ ਬਿਤਾਏ ਪਲਾਂ ਦੀ ਯਾਦ ਸਾਂਝੀ ਕੀਤੀ ਅਤੇ ਉਹਨਾਂ ਸਕੂਲ ਦੇ ਬੱਚਿਆਂ ਨੂੰ ਇਨਾਮ ਵੀ ਤਕਸੀਮ ਕੀਤੇ ।ਮੁੱਖ ਮਹਿਮਾਨ ਨੇ ਆਉਣ ਵਾਲੇ ਸਮੇਂ ਵਿਚ ਵੀ ਸਾਹਿਤ ਸਭਾ ਦੀ ਹਰ ਸੰਭਵ ਮਦਦ ਦਾ ਐਲਾਨ ਵੀ ਕੀਤਾ ।ਇਸ ਮੌਕੇ ਡਾ ਬਲਵੀਰ ਸਿੰਘ ਸਿੱਧੂ ਵੱਲੋਂ ਲਿਖੀ ਉਹਨਾਂ ਪਲੇਠੀ ਗਦ ਰਚਨਾ" ਹੱਡੀਂ ਹੰਢਾਇਆ ਘਲੂਘਾਰਾ " ਲੋਕ ਅਰਪਣ ਕੀਤੀ ਗਈ ਜੋ ਕਿ 1984 ਦੀ ਸਿੱਖ ਨਸਲਕੁਸ਼ੀ ਦਾ ਅੱਖੀਂ ਦੇਖਿਆ ਹਾਲ ਵਰਣਨ ਕਰਦੀ ਲਿਖਤ , ਪੁਸਤਕ ਦੇ ਰੂਪ ਵਿੱਚ ਹੈ ।ਪ੍ਰਿੰਸੀਪਲ ਬਲਜਿੰਦਰ ਸਿੰਘ ਸਿੱਧੂ ਹੁਰਾਂ ਨੇ ਪੁਸਤਕ ਦੀ ਜਾਣ ਪਹਿਚਾਣ ਕਰਾਉਂਦਾ ਪਰਚਾ ਪੜ੍ਹਿਆ। ਵੱਖੋ ਵੱਖ ਬੁਲਾਰਿਆਂ ਨੇ ਆਪਣੇ ਵਿਚਾਰ ਪੇਸ਼ ਕਰਦਿਆਂ ਭਰਵੇਂ ਇਕੱਠ ਨੂੰ ਸੰਬੋਧਨ ਕੀਤਾ। ਸਮਾਗਮ ਦੇ ਅਖੀਰ ਵਿੱਚ ਸਮੂਹ ਸਰੋਤਿਆਂ ਤੇ ਸਾਹਿਤਕਾਰਾਂ ਦਾ ਡਾ ਬਲਵੀਰ ਸਿੰਘ ਸਿੱਧੂ ਵੱਲੋਂ ਧੰਨਵਾਦ ਕੀਤਾ ਗਿਆ ਅਤੇ ਸਮਾਗਮ ਵਿੱਚ ਭਾਗ ਲੈਣ ਵਾਲੇ ਸਾਹਿਤਕਾਰਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਿਤ ਗਿਆ। ਇਸ ਮੌਕੇ ਸਮੂਹ ਨਗਰ ਨਿਵਾਸੀਆਂ ਨੇ ਭਰਵੀਂ ਸ਼ਮੂਲੀਅਤ ਕੀਤੀ।

-ਅਮਰਜੀਤ ਸਿੰਘ ਜੀਤ .ਗ਼ਜ਼ਲਗੋ, 9417287122

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243


TPU - THE PANJAB UNIVERSE
LEARN | TRADE | GROW | EARN FOR LIFE
ਸਿੱਖੋ ਟਰੇਡਿੰਗ, ਬਦਲੋ ਆਪਣੀ ਜ਼ਿੰਦਗੀ
ਸਾਡੀਆਂ ਸੇਵਾਵਾਂ:
100% ਪ੍ਰੈਕਟੀਕਲ ਟਰੇਡਿੰਗ
ਲਾਈਵ ਮਾਰਕੀਟ ਸਿਖਲਾਈ
ਬਿਗਨਰ ਤੋਂ ਐਡਵਾਂਸ ਲੈਵਲ ਤੱਕ
ਇਨਕਿਊਬੇਟਰ ਗਾਈਡੈਂਸ
ਲਾਈਫ ਟਾਈਮ ਸਪੋਰਟ
ਕੋਰਸ ਵਿੱਚ ਸ਼ਾਮਲ:
ਇੰਟਰਾਡੇ
ਸਵਿੰਗ
ਆਪਸ਼ਨ
ਸਟਾਕ ਮਾਰਕੀਟ ਬੇਸਿਕ ਤੋਂ ਐਡਵਾਂਸ
ਰਿਸਕ ਮੈਨੇਜਮੈਂਟ
ਇਨਵੈਸਟਮੈਂਟ ਸਟ੍ਰੈਟਜੀ
ਪ੍ਰੈਕਟੀਕਲ ਟਰੇਡਿੰਗ ਸਿਸਟਮ
ਆਵਾਜ਼ਿ ਕੌਮ AWAZE QAUM International Newspaper & WEB TV
ਆਪਣੇ ਹੁਨਰ ਨੂੰ ਪੈਸ਼ੇ ਵਿੱਚ ਬਦਲੋ
ਘਰ ਬੈਠੇ ਡਾਲਰ ਕਮਾਓ - ਆਪਣੇ ਬੱਚਿਆਂ ਨੂੰ ਵੀ ਸ਼ਿਖਾ ਸਕਦੇ ਹੋ, ਉਹਨਾਂ ਦਾ ਭਵਿੱਖ ਸਵਾਰ ਸਕਦੇ ਹੋ
+91 76961 59766
Instagram: thepanjabuniverse / the.panjabuniverse (ਜਲੰਧਰ)
ਸਾਡਾ ਪਤਾ: Lambra near Jalandhar

ਤੰਗ ਆਏ ਅਮੈਰਿਕਨ ਵੋਟਰਾਂ ਨੇ

'ਟਰੰਪ' ਨੂੰ ਕਿਵੇਂ ਨੱਥ ਪਾਈ





ਪਰਮਿੰਦਰ ਸਿੰਘ ਬੱਲ
ਪ੍ਰਧਾਨ ਸਿੱਖ ਫੈਡਰੇਸ਼ਨ ਯੂ .ਕੇ.
Email:psbal46@gmail.com

"ਚੰਮ" ਦੀਆਂ ਚਲਾਉਣ ਵਾਲੇ ਨੇਤਾ ਜਦ ਲੋਕਾਂ ਵਿੱਚ ਆ ਜਾਣ , ਤਦ ਲੋਕ ਕਈ ਤਰਾਂ ਦੀਆਂ ਤੰਗੀਆਂ ਦਾ ਸ਼ਿਕਾਰ ਹੋ ਜਾਂਦੇ ਹਨ । ਸਿਆਸਤ ਬੜੀ ਅਜੀਬ ਖੇਡ ਹੈ , ਜੋ ਇਸ ਵਿੱਚ ਦਿਲਚਸਪੀ ਤੇ ਦਿਆਨਤਦਾਰੀ ਨਾਲ ਹਿੱਸਾ ਲੈਂਦੇ ਹਨ , ਉਹ ਸਮਾਜ ਲਈ ਦਾਨਸ਼ਵਰ ਤੇ ਸਿਆਣੇ ਗਿਣੇ ਜਾਂਦੇ ਹਨ । ਪਰ ਜੋ ਖੁਦਗਰਜੀ ਤੇ ਵਪਾਰੀ ਧੰਧਿਆਂ ਵਿੱਚੋਂ ਪੈਦਾ ਹੋਕੇ ਹੰਕਾਰ ਤੇ ਸੱਟੇ ਨੂੰ ਸਿਆਸਤ ਦਾ ਧੁਰਾ ਬਣਾ ਕੇ ਸਮਾਜ ਅੱਗੇ ਅਗਵਾਈ ਕਰਨ , ਉਹ ਸਮਿਆਂ ਤੱਕ ਦੇਸ਼ ਕੌਮ ਨੂੰ ਪਿੱਛੇ ਸੁੱਟ ਜਾਂਦੇ ਹਨ । ਅਮਰੀਕਾ ਵਿਸ਼ਾਲ ,ਤਰਕਸ਼ੀਲ, ਮਜ਼ਬੂਤ ਦੇਸ਼ ਹੈ । ਇਸ ਦੇ ਮੁਖੀ ਪ੍ਰਧਾਨ ਕਾਫ਼ੀ ਹੱਦ ਤੱਕ ਸਿਆਣੇ , ਸਟੇਟਸਮੈਨ ਹੋਏ ਹਨ । ਦੁਨੀਆਂ ਦੀ ਤਰੱਕੀ ਤੇ ਬਣਤਰ ਵਿੱਚ ਅਮਰੀਕਾ ਦਾ ਮੁੱਖ ਸਥਾਨ ਰਿਹਾ ਹੈ । ਇੱਥੇ ਖਾਸ ਤੌਰ ਤੇ ਦੋ ਪਾਰਟੀਆਂ ਡੈਮੋਕਰੇਟ ਤੇ ਰੀਪਬਲਿਕਨ ਹੀ ਸੱਤਾ ਕੇ ਸਿਆਸਤ ਤੇ ਹਾਵੀ ਰਹੀਆਂ ਹਨ । ਸ਼ਾਇਦ ਇਹ ਪਹਿਲੀ ਵਾਰ ਹੈ ਕਿ ਡੌਨਿਲਡ ਟਰੰਪ ਇੱਕ ਅਮਰੀਕਾ ਦੇ ਰਾਸ਼ਟਰਪਤੀ ਵਜੋਂ ਦੂਸਰੀ ਵਾਰ ਆਗੂ ਬਣਿਆ । ਇਸ ਆਗੂ ਦੀ ਸਿਆਸੀ ਪਹੁੰਚ ਉਸ ਦੇ ਆਪਣੇ ਦਾਇਰੇ ਦੀ ਰਹੀ ਹੈ , ਤੇ ਵਿਚਾਰਧਾਰਾ ਵੀ ਅਨੋਖੀ ਤੇ ਸਮਾਜ ਦੀ ਵੰਡ ਤੇ ਨਿਰਭਰ ਰਹੀ ਹੈ । ਬੋਲੀ ਵਿਚ ਕੋਈ ਸਟੇਟਮੈਨ ਦੀ ਝਲਕ ਨਾ ਹੋਣ ਕਾਰਨ , ਹਰ ਦਿਨ ਦਿੱਤੇ ਬਿਆਨਾਂ ਤੋਂ ਬਦਲ ਜਾਣਾ ਇਸ ਦਾ ਸੁਭਾ ਚੱਲਿਆ ਆ ਰਿਹਾ ਹੈ । ਇਸ ਮੁਖੀ ਦੇ ਫੈਸਲੇ , ਨਾ ਤਾਂ ਅਮਰੀਕਾ ਦੇ ਹੱਕ ਵਿੱਚ , ਨਾ ਹੀ ਸੰਸਾਰ ਨਾਲ ਕੋਈ ਚੰਗੇ ਭਵਿੱਖ ਦਾ ਨਾਤਾ ਰੱਖ ਰਹੇ ਹਨ । ਯੋਰਪ ਤੇ ਅਮਰੀਕੀ ਐਟਲਾਂਟਿਕ ਸੰਧੀ ਬਾਰੇ , ਤੋੜਨ , ਚਿਤਾਵਨੀ ਭਰੀ ਬੋਲੀ ਬਹੁਤ ਗੰਭੀਰ ਰਹੀ ਹੈ । ਯੂਰਪੀਨ ਦੇਸ਼ਾਂ ਦੇ ਮੁੱਖੀਆਂ ਬਾਕੀ ਸੰਸਾਰ ਦੇ ਨੇਤਾਵਾਂ ਨਾਲ ਤਾਲ ਮੇਲ ਕਰਦੇ ਇਹ ਸੁਹਿਰਦ ਬੋਲੀ ਬੋਲਣ ਤੋਂ ਵੀ ਗੈਰਜੁਮੇਵਾਰੀ ਦੇ ਪੈਂਤੜੇ ਹੀ ਅਪਣਾਉਂਦਾ ਰਿਹਾ ਹੈ । ਇਸ ਤਰਾਂ ਲੱਗ ਰਿਹਾ ਸੀ ਕਿ , ਅਮਰੀਕਾ ਦੀ ਮਜ਼ਬੂਤੀ ਤੇ ਤਕੜੇਪਨ ਦੀ ਪਰਿਭਾਸ਼ਾ ਇਸ ਹੀ ਇਕੱਲੇ ਦੇ ਦਿਮਾਗ. ਦਾ ਹੰਕਾਰ ਬਣ ਕੇ , ਇਸ ਦੀ ਕੜਵੀ ਭਾਸ਼ਾ , ਹਰ ਮੁਲਕ ਦੀ ਸੱਤਾ ਤੇ ਹੋਂਦ ਨੂੰ ਲਿਤਾੜਣ ਵਾਲੀ ਸੀ । ਪਰ ਸਦਕੇ ਜਾਈਏ ਪਤਾ ਨਹੀਂ ਕਿਸ ਪਿਆਰ ਕਰਕੇ , ਇਸ ਰਾਸ਼ਟਰਪਤੀ ਦਾ ਰੂਸ ਦੇ ਪ੍ਰਧਾਨ ਨੂੰ ਬੜੇ ਸਤਿਕਾਰ ਵਿਚ ਰੱਖਦਾ ਹੈ ਜਦ ਕਿ ਦੁਨੀਆਂ ਦੇਖਦੀ ਤੇ ਜਾਣਦੀ ਹੈ ਕਿ ਰੂਸ ਨੇ ਯੂਕਰੇਨ ਤੇ ਹਮਲਾਵਰ ਬਣ ਕੇ ਲਗਾਤਾਰ ਤਬਾਹੀ ਮਚਾਈ ਹੋਈ ਹੈ। ਤਕਰੀਬਨ 100 ਸਾਲ ਪਹਿਲਾਂ ਵੀ ਰੂਸ ਦੇ ਤਾਨਾਸ਼ਾਹ ਸਟਾਲਿਨ ਨੇ ਵੀ ਯੂਕਰੇਨੀਆਂ ਨੂੰ ਬਹੁਤ ਤਬਾਹ ਕੀਤਾ ਸੀ । ਯੂਕਰੇਨੀਆਂ ਦੀ ਆਜ਼ਾਦੀ ਦੀ ਜੰਗ ਨਵੀਂ ਨਹੀਂ ਹੈ । ਇਹ ਸਦੀਆਂ ਦੀ ਜਦੋਜਹਿਦ ਹੈ । ਪਰ ਟਰੰਪ ਨੇ ਯੂਕਰੇਨ ਦੇ ਪ੍ਰਧਾਨ ਜੈਲਿੰਸਕੀ ਨੂੰ ਵਾਈਟ ਹਾਊਸ ਵਿੱਚ ਸੱਦ ਕੇ ਸਹੀ ਸਤਿਕਾਰ ਨਹੀਂ ਦਿੱਤਾ ਸੀ । ਉਹ ਵੀ ਸੰਸਾਰ ਦੇ ਸਾਹਮਣੇ ਮੀਡੀਏ ਦੀ ਮੌਜੂਦਗੀ ਵਿਚ । ਟਰੰਪ ਨੇ ਆਮ ਚੱਲਦੇ ਰਿਵਾਜ ਅਨੁਸਾਰ ਇੰਮੀਗਰਾਂਟਸ ਕਮਿਊਨਿਟੀਆਂ ਤੇ ਗੈਰਵਾਜਵੀ ਢੰਗ ਨਾਲ ਉਹਨਾਂ ਨੂੰ ਏਲੀਅਨਜ ਆਬਾਦੀ ਦੱਸ ਕੇ , ਅਣਮਨੁਖੀ ਭਾਸ਼ਾ ਨਾਲ ਕੋਸਿਆ ਹੈ । ਪ੍ਰੈਸ , ਮੀਡੀਏ ਵਿੱਚ ਆਪਣੇ ਪਸੰਦ ਦੀ ਚੋਣ ਦੱਸ ਕੇ ਵਿਤਕਰੇ ਦਾ ਦੌਰ ਚੱਲਿਆ । ਇਹ ਸਭ ਕੁਝ ਅਮਰੀਕਨ ਭਾਈਚਾਰੇ ਦੀਆਂ ਸਾਂਝਾਂ ਨੂੰ ਠੇਸ ਲੱਗਣ ਵਾਲੀ ਗੱਲ ਵੀ ਰਹੀ ਹੈ । ਡੈਮੋਕਰਟਿਕ ਪਾਰਟੀ ਅਤੇ ਅਮਰੀਕਨ ਸਿਆਸਤਦਾਨਾਂ ਦੀ ਆਮ ਰਾਏ ਵਿਚ ਇਹ ਅਚੰਭੇ ਦੀ ਸਿਆਸਤ ਅਮਰੀਕਨ ਲੋਕਾਂ ਤੇ ਦੇਸ਼ ਲਈ ਗੈਰ-ਜਮਹੂਰੀ ਸੀ । ਦੂਜੇ ਪਾਸੇ ਜਿਵੇਂ ਟਰੰਪ ਨੇ ਟੈਰਿਫ ਚਾਰਜ ਦੀ ਬਣਤਰ ਵਿਚ ਵੀ ਅਪਣਾ ਹੀ ਢੰਗ ਵਰਤਿਆ, ਹਰ ਆਏ ਦਿਨ ਆਪਣੀ ਮਰਜ਼ੀ ਦਾ ਬਿਆਨ , ਅਗਲੇ ਦਿਨ ਕੁਝ ਹੋਰ , ਕੋਈ ਸਥਾਈ ਜਗਾ ਨਹੀਂ ਬਣਾਈ । ਸਗੋ ਤਾਕਤ ਦੇ ਹਵਾਲੇ ਨਾਲ "ਚੰਮ ਦੀਆਂ ਚਲਾਉਣ " ਦੀ ਨੀਤੀ ਅਪਣਾਈ ਲੱਗ ਰਹੀ ਸੀ । ਈਰਾਨ ਦੀ ਜੰਗ ਵੀ ਟਰੰਪ ਦੀ ਅਪਣੀ ਮਰਜ਼ੀ ਦੀ ਜੰਗ ਬਣ ਗਈ ਹੈ । ਇਸ ਜੰਗ ਨੇ ਪੂਰੀ ਦੁਨੀਆਂ ਲਈ ਸੰਕਟ ਖੜਾ ਕਰ ਦਿੱਤਾ ਹੈ । ਤੇਲ ਦੀਆਂ ਕੀਮਤਾਂ ਬਹੁਤ ਮਹਿੰਗੇ ਦਰ ਤੇ ਪਹੁੰਚ ਗਈਆਂ ਹਨ । ਸੰਸਾਰ ਭਰ ਦੇ ਦੇਸ਼ਾਂ ਨੂੰ , ਨਵੀਂ ਮੁਸੀਬਤ ਵਿੱਚ ਖੜਾ ਕਰ ਦਿੱਤਾ , ਬਹੁਤ ਸਾਰੇ ਮੁਲਕਾਂ ਦਾ ਇਸ ਜੰਗ ਨਾਲ ਕੋਈ ਸਿੱਧਾ ਵਾਸਤਾ ਨਹੀਂ ਹੈ ਪਰ ਅਮਰੀਕੀ ਪ੍ਰਧਾਨ ਨੇ ਕੋਈ ਪਰਵਾਹ ਨਹੀਂ ਕੀਤੀ । ਇਸ ਕਿਸਮ ਦੀ ਨਵੇਂ ਢੰਗ ਦੀ ਗੈਰ ਵਾਜਬ ਨੀਤੀ ਨੇ ਯੂਰਪੀਨ ਮੁਲਕਾਂ ਦੀ ਜਮਹੂਰੀ ਸਥਿਤੀ ਵਿੱਚ ਸਿੱਧਾ ਦਖਲ ਦਿੱਤਾ । ਜਿਵੇਂ ਗ੍ਰੀਨਲੈਂਡ ਤੇ ਕਬਜ਼ੇ ਦੀ ਗੱਲ , ਇਮੀਗਰਾਂਟਸ ਕਮਿਊਨੀਟੀਆਂ ਨੂੰ ਟਾਰਗੇਟ ਕਰਕੇ , ਰੇਸਿਜਮ ਤੇ ਨਫ਼ਰਤ ਦੀ ਸਿਆਸਤ ਦਾ ਬੁਲਾਵਾ ਸਾਹਮਣੇ ਦੇਖਿਆ ਗਿਆ ਹੈ । ਅਮਰੀਕਨ ਵਾਈਸ ਪਰੈਸੀਡੈਟ ਦੇ ਬਿਆਨ , ਜਿਨਾਂ ਨਾਟੋ ਸੰਧੀ ਤੇ ਵੀ ਤਰੇੜਾਂ ਦਾ ਜ਼ਿਕਰ ਕੀਤਾ ਹੈ । ਅਮਰੀਕਾ ਦੇ ਸ਼ਕਤੀਸ਼ਾਲੀ ਹੋਣ ਦਾ ਪ੍ਰਗਟਾਵਾ ਵੀ ਟਰੰਪ ਨੇ ਜਰੂਰਤ ਤੋਂ ਜ਼ਿਆਦਾ ਰੋਅਬ ਮਾਰਿਆ ਹੈ । ਜਿਵੇਂ ਕੋਈ ਹਿਟਲਰ ਸ਼ਾਹੀ ਫੁਰਮਾਨ ਹੋਵੇ । ਜਿਸ ਵਿੱਚੋਂ ਮਤਲਬ ਸਿੱਧਾ ਸੀ , ਅਮਰੀਕਾ ਨਾਲ ਕੋਈ ਪੰਗਾ ਨਾ ਲਵੇ । ਜਿਵੇਂ ਪੰਜਾਬੀ ਦੀ ਕਹਾਵਤ ਕਿ "ਜੇ ਸਮੁੰਦਰ ਵਿੱਚ ਰਹਿਣਾ , ਤਦ "ਮਗਰਮੱਛ" ਨਾਲ ਪੰਗਾ ਨਾ ਲਵੋ ? ਇਹ ਸਭ ਫਜ਼ੂਲ ਜਿਹੀ ਕਾਰਵਾਈ ਨੇ ਈਰਾਨ – ਅਮਰੀਕਾ ਦੀ ਜੰਗ ਨੂੰ ਅੱਜ ਦੇ ਮਾਹੌਲ ਵਿਚ ਬੇਮਾਨੀ ਸਾਬਤ ਕਰ ਦਿੱਤਾ ਹੈ । ਇਜ਼ਰਾਈਲੀ/ਪੈਲਿਸਟੀਨੀਅਨ ਮਸਲੇ ਤੇ , ਸ਼ੁਰੂਆਤ ਭਾਵੇ "ਹਾਮਾਜ" ਦੀ ਅੱਤਵਾਦੀ ਕਾਰਵਾਈ ਕਾਰਨ ਹੋਈ , ਪਰ ਜਿਸ ਤਰਸਯੋਗ ਹਾਲਾਤ ਨਾਲ 75000 ਤੋਂ ਵੱਧ ਪੈਲਿਸਟੀਅਨ ਬਾਲ , ਬੱਚੇ , ਬੁੱਢੇ ਮੌਤ ਦੇ ਘਾਟ ਉਤਾਰ ਦਿੱਤੇ ਗਏ । ਦੁੱਖ /ਦਰਦ ਨੂੰ ਵੰਡਣਾ ਤਾਂ ਕੀ ? ਕਿਸੇ ਮਗਰਮੱਛ ਨੇ ਕੋਈ ਦਿਖਦਾ ਵੀ ਹੰਝੂ ਨਹੀਂ ਵਹਾਇਆ । "ਏਤੀ ਮਾਰ ਪਈ ਕੁਰਲਾਣੇ , ਤੈਂ ਕੀ ਦਰਦ ਨਾ ਆਇਆ " । ਦੇ ਕੋਈ ਭੀ ਅਨਭਵੀ ਅਰਥ , ਇਹਨਾ ਜੰਗਬਾਜਾਂ ਦੇ ਅੱਤਿਆਚਾਰ ਲਈ ਬੇਮਾਨੇ ਬਣ ਗਏ ਹਨ । ਹਾਲ ਹੀ ਵਿੱਚ ਜੋ ਸਿਆਸੀ ਪਰਿਵਰਤਨ, ਅਮਰੀਕਾ ਵਿੱਚ "ਮਿਡਟਰਮ ਪੋਲ" ਵਿੱਚ ਵੋਟਾਂ ਪਾਕੇ ਹੋਇਆ ਹੈ । ਅਮਰੀਕੀ ਡੈਮੋਕਰੇਟਿਕ ਪਾਰਟੀ ਨੇ ਬਹੁਤ ਵੱਡੀ ਜਿੱਤ ਲੈ ਕੇ , ਦੋਨਾਂ ਹਾਊਸਾਂ ਵਿੱਚ ਬਹੁਮਤ ਨਾਲ ਕਬਜ਼ਾ ਕਰ ਲਿਆ ਹੈ । ਸ਼ਾਇਦ ਅਮਰੀਕਨ ਵੋਟਰਾਂ ਨੇ " ਅਮਰੀਕੀ-ਸਵੈਮਾਨ " ਨੂੰ ਬਚਾ ਲਿਆ ਹੈ ।

ਜਿਮਨਾਸਟਿਕਸ 'ਚ ਗੁਰਲੀਨ ਕੌਰ ਨੇ ਹਾਸਿਲ ਕੀਤਾ ਜ਼ਿਲ੍ਹੇ ਵਿੱਚ ਪਹਿਲਾ ਸਥਾਨ

ਜੰਡਿਆਲਾ ਗੁਰੂ , 7 ਨਵੰਬਰ-(ਕੁਲਵੰਤ ਸਿੰਘ ਵਿਰਦੀ)-ਮਾਨਵ ਪਬਲਿਕ ਸਕੂਲ ਦੀ ਹੋਣਹਾਰ ਵਿਦਿਆਰਥਣ ਗੁਰਲੀਨ ਕੌਰ ਨੇ ਜਿਮਨਾਸਟਿਕਸ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਪਹਿਲਾ ਸਥਾਨ ਹਾਸਿਲ ਕਰਕੇ ਸਮੂਹ ਸਕੂਲ ਅਤੇ ਆਪਣੇ ਸ਼ਹਿਰ ਦਾ ਨਾਮ ਰੌਸ਼ਨ ਕੀਤਾ। ਗੁਰਲੀਨ ਕੌਰ ਦੀ ਇਸ ਸ਼ਾਨਦਾਰ ਪ੍ਰਾਪਤੀ ਨਾਲ ਸਕੂਲ ਵਿੱਚ ਖੁਸ਼ੀ ਦੀ ਲਹਿਰ ਵੇਖਣ ਨੂੰ ਮਿਲੀ ਅਤੇ ਸਮੂਹ ਸਕੂਲ ਮੈਨੇਜਮੈਂਟ ਨੇ ਉਸਨੂੰ ਮੁਬਾਰਕਾਂ ਦਿੱਤੀਆਂ ਅਤੇ ਮਾਣ ਪ੍ਰਗਟ ਕਰਦਿਆਂ ਉਸਨੂੰ ਦਿਲੋਂ ਸ਼ੁਭਕਾਮਨਾਵਾਂ ਦਿੱਤੀਆਂ। ਸਕੂਲ ਪ੍ਰਬੰਧਕਾਂ ਨੇ ਕਿਹਾ ਕਿ ਗੁਰਲੀਨ ਕੌਰ ਦੀ ਸਫਲਤਾ ਹੋਰਨਾਂ ਵਿਦਿਆਰਥੀਆਂ ਲਈ ਵੀ ਪ੍ਰੇਰਨਾ ਦਾ ਸਰੋਤ ਹੈ। ਸਕੂਲ ਪ੍ਰਬੰਧਕਾਂ ਨੇ ਦੱਸਿਆ ਕਿ



ਗੁਰਲੀਨ ਕੌਰ ਹਰ ਸਾਲ ਆਪਣੀ ਜਮਾਤ ਵਿੱਚ ਵੀ ਅਵਲ ਸਥਾਨ ਪ੍ਰਾਪਤ ਕਰਦੀ ਹੈ। ਉਸ ਨੇ ਸਾਬਤ ਕਰ ਦਿੱਤਾ ਹੈ ਕਿ ਪੜ੍ਹਾਈ ਦੇ ਨਾਲ-ਨਾਲ *ਖੇਡਾਂ ਵਿੱਚ ਵੀ ਮਿਹਨਤ ਅਤੇ ਲਗਨ ਨਾਲ ਵੱਡੀਆਂ ਮੰਜ਼ਿਲਾਂ ਪਾਈਆਂ ਜਾ ਸਕਦੀਆਂ ਹਨ। ਸਕੂਲ ਪ੍ਰਬੰਧਕਾਂ ਨੇ ਗੁਰਲੀਨ ਕੌਰ ਤੇ ਉਸ ਦੇ ਮਾਪਿਆਂ ਅਤੇ ਕੋਚ ਰਜਨੀ ਮੈਮ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ ਅਤੇ ਉਸ ਦੇ ਸੁਨਹਿਰੀ ਭਵਿੱਖ ਦੀ ਕਾਮਨਾ ਕੀਤੀ। ਇਸ ਮੌਕੇ ਸ਼੍ਰੀ ਕੇ.ਆਰ. ਮਹੇਸ਼ਵਰੀ ਮਾਨਵ (ਕਲਿਆਣ ਟਰੱਸਟ ਦੇ ਸੰਸਥਾਪਕ ਅਤੇ ਟਰੱਸਟੀ) ਨਵਪ੍ਰੀਤ ਕੌਰ (ਪ੍ਰਿੰਸੀਪਲ),ਰਵਿੰਦਰ ਕੌਰ (ਵਿਭਾਗ ਮੁਖੀ)ਮਮਤਾ ਰਾਣੀ (ਕਲਾਸ ਇੰਚਾਰਜ), ਜਰਮਨਜੀਤ ਸਿੰਘ (ਪਿਤਾ) ਆਦਿ ਨੇ ਸੁਭਕਾਮਨਾਵਾਂ ਦਿੱਤੀਆਂ!

ਹਰਦੀਪ ਸਿੰਘ ਸੈਦੋਲੇਹਲ ਦੀ ਭਤੀਜੀ ਦੇ ਵਿਆਹ ਸਮਾਗਮ ਤੇ ਅੰਮ੍ਰਿਤਪਾਲ ਸਿੰਘ ਦੀ ਮਾਤਾ ਨੇ ਲਗਵਾਈ ਹਾਜ਼ਰੀ



ਚੌਕ ਮਹਿਤਾ ,7 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-ਅਕਾਲੀ ਦਲ ਵਾਰਿਸ ਪੰਜਾਬ ਦੇ ਪਾਰਟੀ ਦੇ ਸੀਨੀਅਰ ਆਗੂ ਹਰਦੀਪ ਸਿੰਘ ਸੈਦੋਲੇਹਲ ਦੀ ਭਤੀਜੀ ਅਤੇ ਸਰਨੈਲ ਸਿੰਘ ਸੈਦੋਲੇਹਲ ਦੀ ਬੇਟੀ ਦੇ ਵਿਆਹ ਦੀ ਖੁਸ਼ੀ ਵਿਚ ਰਖਵਾਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਤੇ ਭਾਈ ਅੰਮ੍ਰਿਤਪਾਲ ਸਿੰਘ ਦੀ ਮਾਤਾ ਬੀਬੀ ਬਲਵਿੰਦਰ ਕੌਰ ਨੇ ਪਹੁੰਚ ਕੇ ਹਾਜ਼ਰੀ ਭਰੀ ਤੇ ਹਰਦੀਪ ਸਿੰਘ ਸੈਦੋਲੇਹਲ ਦੇ ਸਮੂਹ ਪਰਿਵਾਰ ਨੂੰ ਬੇਟੀ ਦੇ ਵਿਆਹ ਦੀ ਮੁਬਾਰਕਬਾਦ ਦਿੱਤੀ ।ਇਸ ਮੌਕੇ ਸਰਨੈਲ ਸਿੰਘ, ਹਰਦੀਪ ਸਿੰਘ ਸੈਦੋਲੇਹਲ, ਰਵਿੰਦਰ ਸਿੰਘ ਮਿੱਟੂ, ਸਰਬਜੀਤ ਸਿੰਘ ਸੈਦੋਲੇਹਲ, ਬੀਬੀ ਬਲਰਾਜ ਕੌਰ ਖੁਜਾਲਾ, ਦਿਲਸੇਰ ਸਿੰਘ ਐਡਵੋਕੇਟ ਇੰਚਾਰਜ ਹਲਕਾ ਜੰਡਿਆਲਾ ਗੁਰੂ, ਗੁਰਪ੍ਰੀਤ ਸਿੰਘ ਢਪੱਈਆਂ, ਜੋਬਨਜੀਤ ਸਿੰਘ ਖੁਜਾਲਾ, ਮਲਕੀਤ ਸਿੰਘ ਫੌਜੀ, ਡਾਕਟਰ ਬਲਜੀਤ ਸਿੰਘ ਸੈਦੋਲੇਹਲ ਆਦਿ ਹਾਜ਼ਰ ਸਨ।

ਪਿੰਡ ਸੂਰੋ ਪੱਡਾ ਵਿਖੇ ਮੰਤਰੀ ਹਰਭਜਨ ਸਿੰਘ ਈ ਟੀ ਉ ਨੇ ਮੇਰਾ ਘਰ ਮੇਰੇ ਨਾਮ ਸਕੀਮ ਤਹਿਤ ਦੇ ਮਾਲਕਾਨਾ ਹੱਕ ਲੋਕਾਂ ਨੂੰ ਸੌਂਪੇ ਲਾਲ ਲਕੀਰ ਅੰਦਰਲੀਆਂ ਜਾਇਦਾਦਾਂ



ਚੌਕ ਮਹਿਤਾ,7ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਗਵਾਈ ਵਾਲੀ ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਉ ਅਤੇ ਬਲਜੀਤ ਸਿੰਘ ਰਾਜਵਿੰਦਰ ਸਿੰਘ ਲਾਡੀ ਸਦੇ ਸੂਰੋ ਪੱਡਾ ਦੇ ਸਹਿਯੋਗ ਨਾਲ ਵੱਲੋਂ ਪੰਜਾਬ ਸਰਕਾਰ ਨੇ ਸੂਬੇ ਦੇ ਪਿੰਡਾਂ ਵਿੱਚ ਰਹਿੰਦੇ ਲੋਕਾਂ ਨੂੰ ਵੱਡੀ ਰਾਹਤ ਦਿੰਦਿਆਂ 'ਮੇਰਾ ਘਰ ਮੇਰੇ ਨਾਮ ਸਕੀਮ ਅਧੀਨ ਲਾਲ ਲਕੀਰ ਅੰਦਰ ਆ ਓ' ਦੀ ਆਂ ਜਾਇਦਾਦਾਂ ਦੇ ਕਾਨੂੰਨੀ ਮਾਲਕਾਨਾ ਹੱਕ ਲੋਕਾਂ ਦੇ ਨਾਮ ਕਰਨ ਦਾ ਫ਼ੈਸਲਾ ਤੇਜ਼ੀ ਨਾਲ ਲਾਗੂ ਕਰ ਦਿੱਤਾ ਹੈ। ਇਸ ਕਦਮ ਨਾਲ ਦਹਾਕਿਆਂ ਤੋਂ ਆਪਣੇ ਹੀ ਘਰਾਂ ਦੇ ਦਸਤਾਵੇਜ਼ੀ ਹੱਕਾਂ ਤੋਂ ਵਾਂਝੇ ਪੇਂਡੂ ਵਸਨੀਕਾਂ ਨੂੰ ਉਨ੍ਹਾਂ ਦੀ ਜ਼ਮੀਨ-ਜਾਇਦਾਦ ਦੇ ਪੱਕੇ ਕਾਗਜ਼ਾਤ ਅਤੇ ਸਨਦਾਂ (ਪ੍ਰਾਪਰਟੀ ਕਾਰਡ) ਮਿਲਣੇ ਸ਼ੁਰੂ ਹੋ ਗਏ ਹਨ। ਇਸ ਦੇ ਤਹਿਤ ਅੱਜ ਹਲਕਾ ਜੰਡਿਆਲਾ ਗੁਰੂ ਦੇ ਪਿੰਡ ਸੂਰੋ ਪੱਡਾ ਲਾਲ ਲਕੀਰ ਵਾਲੇ ਮਕਾਨਾਂ ਦੇ ਹੱਕ ਉਹਨਾਂ ਦੇ ਮਾਲਕਾਂ ਦਿੰਦਿਆਂ ਮਾਲਕੀ ਦੇ ਕਾਰਡ ਵੰਡੇ ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਯੋਜਨਾ ਤਹਿਤ ਲੋਕਾਂ ਨੂੰ ਲੰਮੇ ਸਮੇਂ ਵਿੱਚ ਵਲੋਂ ਪਿੰਡ ਵਾਸੀਆਂ ਨੂੰ ਤੋਂ ਆਪਣੀਆਂ ਲਾਲ ਲਕੀਰ ਆਉਂਦੀਆਂ ਜਾਇਦਾਦਾਂ ਦੇ ਮਾਲਕੀ ਹੱਕ ਉਹਨਾਂ ਦੇ ਨਾਮ ਨਹੀਂ ਸਨ, ਹੁਣ ਸਰਕਾਰ ਦੀ ਸਕੀਮ 'ਮੇਰਾ ਘਰ ਮੇਰੇ ਨਾਮ ਤਹਿਤ ਇਹ ਉਹਨਾਂ ਨੀ ਮਾਲਕਾਨਾ ਹੱਕ ਪ੍ਰਾਪਤ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਪਿੰਡ ਸਰਾਂ,ਵਿੱਚ ਲਗਭਗ ,60 ਲੋਕਾਂ ਨੂੰ ਉਹਨਾਂ ਦੇ ਮਕਾਨਾਂ ਦੇ ਮਾਲਕੀ ਦੇ ਹੱਕ ਦੇ ਕਾਰਡ ਵੰਡੇ ਗਏ ਹਨ ਅਤੇ ਇਹ ਸਿਲਸਲਾ ਲਗਾਤਾਰ ਜਾਰੀ ਰਹੇਗਾ । ਇਸ ਹੋਰਨਾਂ ਤੋਂ ਰਾਜਵਿੰਦਰ ਸਿੰਘ ਲਾਡੀ ਬਲਜੀਤ ਸਿੰਘ ਚਾਹਲ ਉਦੋਂ ਨੰਗਲ ਜਨਰਲ ਸੈਕਟਰੀ ਪੰਜਾਬ, ਲਖਵਿੰਦਰ ਸਿੰਘ ਤਹਿਸੀਲਦਾਰ, ਲਖਵਿੰਦਰ ਸਿੰਘ ਪਟਵਾਰੀ, ਗੁਰਦੇਵ ਸਿੰਘ, ਗੁਰਵਿੰਦਰ ਸਿੰਘ ਖੱਬੇ, ਜਰਮਨ ਜੀਤ ਸਿੰਘ, ਜਸਕਰਨ ਸਿੰਘ ਸੰਧੂ, ਸਰਪੰਚ ਮਨਜੀਤ ਸਿੰਘ, ਸਰਪੰਚ ਬਲਵਿੰਦਰ ਸਿੰਘ ਰਜਧਾਨ, ਸਰਪੰਚ ਗੁਰਵੇਲ ਸਿੰਘ,ਮੁਖਬੀਰ ਸਿੰਘ, ਨਵਜੋਤ ਸਿੰਘ ਜਲਾਲ, ਦਵਿੰਦਰ ਸਿੰਘ ਨੰਗਲੀ, ਸਰਪੰਚ ਹਰਪ੍ਰੀਤ ਸਿੰਘ, ਗੁਰਪ੍ਰੀਤ ਸਿੰਘ,ਹਾਜ਼ਰ ਸਨ।

ਪਿੰਡ ਭਲਾਈਪੁਰ ਪੂਰਬਾ ਵਿੱਖੇ ਧਾਰਮਿਕ ਸਮਾਗਮ 13 ਅਤੇ 14 ਨਵੰਬਰ ਨੂੰ ਗਿਆਨੀ ਤੇਜਬੀਰ ਸਿੰਘ, ਸੰਤ ਮਲਕੀਤ ਸਿੰਘ ਜੱਬੋਵਾਲ

ਚੌਕ ਮਹਿਤਾ 7 ਨਵੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)19 ਵਾ ਧਾਰਮਿਕ ਸਮਾਗਮ ਪਿੰਡ ਭਲਾਈਪੁਰ ਪੂਰਬਾ ਵਿੱਖੇ 13 ਅਤੇ 14 ਨਵੰਬਰ 2026 ਸ਼ਾਮ 5 ਵਜੇ ਤੋਂ ਰਾਤ 10 ਵਜੇ ਤੱਕ ਕਰਵਾਇਆ ਜਾ ਰਿਹਾ ਹੈ ਇਸ ਸਮਾਗਮ ਦੀ ਜਾਣਕਾਰੀ ਗਿਆਨੀ ਤੇਜਬੀਰ ਸਿੰਘ ਭਲਾਈਪੁਰ ਕਨੇਡਾ ਸੰਤ ਬਾਬਾ ਮਲਕੀਤ ਸਿੰਘ ਖਾਲਸਾ ਜੱਬੋਵਾਲ ਦੇ ਅਨੁਸਾਰ ਵਿਸ਼ੇਸ਼ ਤੌਰ ਤੇ ਦਮਦਮੀ ਟਕਸਾਲ ਦੇ ਮੁੱਖੀ ਸੰਤ ਸਮਾਜ ਦੇ ਪ੍ਰਧਾਨ ਸ੍ਰੀ ਮਾਨ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲ਼ੇ ਸੰਗਤਾਂ ਦੇ ਨਾਲ ਕਥਾ ਵਿਚਾਰਾਂ ਦੀ ਸਾਂਝ ਪਾਉਣਗੇ। ਅਤੇ ਗਿਆਨੀ ਸਰੂਪ ਸਿੰਘ ਕਡਿਆਣਾ ਢਾਡੀ ਜਥਾ, ਭਾਈ ਭਗਵੰਤ ਸਿੰਘ ਸੂਰਵਿੰਡ ਕਵੀਸਰ ਜਥਾ, ਭਾਈ ਸ਼ਮਸ਼ੇਰ ਸਿੰਘ ਸੂਰਮਾ ਕੀਰਤਨੀ ਜਥਾ,ਜੱਥਾ ਸੰਤ ਬਾਬਾ ਗੁਰਬਖਸ ਸਿੰਘ ਸੰਗੀਤ ਅਕੈਡਮੀ ਜੱਬੋਵਾਲ, ਇਹ ਸਮਾਗਮ ਆਲ ਇੰਡੀਆ ਸਰਬੱਤ ਦਾ ਭਲਾ ਵੈਲਫ਼ੇਅਰ ਸੁਸਾਇਟੀ ਰਜਿ, ਭਲਾਈਪੁਰ ਪੂਰਬਾ ਅਤੇ ਸੰਤ ਗੁਰਬਖਸ਼ ਸਿੰਘ ਖਾਲਸਾ ਸੰਗੀਤ ਅਕੈਡਮੀ ਜੱਬੋਵਾਲ ਅਤੇ ਐਨ ਆਰ ਆਈ ਵੀਰਾ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ



ਦੇਸ਼-ਵਿਦੇਸ਼ ਵਿੱਚ ਵੱਸਦੇ ਸਮੂਹ ਪੰਜਾਬੀਆਂ ਨੂੰ ਬੰਦੀ ਛੋੜ ਦਿਵਸ ਅਤੇ ਦੀਵਾਲੀ ਦੀਆਂ ਲੱਖ-ਲੱਖ ਵਧਾਈਆਂ

॥ਪੰਥ ਬਚਾਓ॥ ॥ਪੰਜਾਬ ਬਚਾਓ॥



ਅਕਾਲੀ ਦਲ ਵਾਰਿਸ ਪੰਜਾਬ ਦੇ



ਬੰਦੀ ਛੋੜ ਦਿਵਸ ਅਤੇ ਦੀਵਾਲੀ ਦੀਆਂ ਸ਼ੁੱਭ ਕਾਮਨਾਵਾਂ

ਪਰਮ ਸਤਿਕਾਰਯੋਗ.....ਦੇਸ਼-ਵਿਦੇਸ਼ ਵਿੱਚ ਵੱਸਦੀ ਸਮੂਹ ਸਾਧ ਸੰਗਤ.....ਜੀਓ


ਵਾਹਿਗੁਰੂ ਜੀ ਕਾ ਖ਼ਾਲਸਾ।। ਵਾਹਿਗੁਰੂ ਜੀ ਕੀ ਫ਼ਤਹਿ।।

ਅੱਜ ਪੰਜਾਬ ਦੀ ਜਵਾਨੀ ਨਸ਼ਿਆਂ ਦੀ ਮਾਰ ਝੱਲ ਰਹੀ ਹੈ, ਕਿਸਾਨ ਆਪਣੇ ਹੱਕਾਂ ਲਈ ਸੰਘਰਸ਼ ਕਰ ਰਹੇ ਹਨ ਅਤੇ ਸਰਕਾਰਾਂ ਪੰਜਾਬ ਦੇ ਭਵਿੱਖ ਦਾ ਫ਼ਿਕਰ ਕਰਨ ਦੀ ਬਜਾਏ ਸੱਤਾ ਦੀ ਖੇਡ ਵਿੱਚ ਮਸਤ ਹਨ । ਸੋ ਆਓ ਮੀਰੀ ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਪਾਵਨ ਬੰਦੀ ਛੋੜ ਦਿਵਸ ਤੇ ਗੁਰੂ ਸਾਹਿਬ ਅੱਗੇ ਅਰਦਾਸ ਕਰੀਏ ਕਿ ਪੰਜਾਬ ਨੂੰ ਇਹਨਾਂ ਅਲਾਮਤਾਂ ਤੋਂ ਮੁਕਤੀ ਮਿਲੇ, 2027 ਵਿੱਚ ਪੰਜਾਬ 'ਚ ਨਿਰੋਲ ਪੰਥਕ ਸਰਕਾਰ ਸਥਾਪਿਤ ਹੋਵੇ ਅਤੇ ਸਾਰੇ ਸਿੱਖ ਬੰਦੀ ਸਿੰਘ ਰਿਹਾਅ ਹੋਕੇ ਆਪਣੇ ਪਰਿਵਾਰਾਂ ਵਿੱਚ ਵਾਪਸ ਪਰਤਣ ।.....

ਆਪ ਜੀ ਅਤੇ ਆਪ ਜੀ ਦੇ ਸਮੂਹ ਪਰਿਵਾਰ ਨੂੰ ਬੰਦੀ ਛੋੜ ਦਿਵਸ ਅਤੇ ਦੀਵਾਲੀ ਦੀਆਂ ਲੱਖ-ਲੱਖ ਵਧਾਈਆਂ।
ਸਤਿਗੁਰੂ ਸੱਚੇ ਪਾਤਸ਼ਾਹ ਕ੍ਰਿਪਾ ਕਰਨ ਸਮੁੱਚੇ ਪੰਜਾਬ ਨੂੰ ਖੁਸ਼ਹਾਲੀ, ਸ਼ਾਂਤੀ, ਏਕਤਾ ਅਤੇ ਚੜਦੀ ਕਲਾ ਬਖਸ਼ਣ।

ਵਾਹਿਗੁਰੂ ਜੀ ਕਾ ਖ਼ਾਲਸਾ।।
ਵਾਹਿਗੁਰੂ ਜੀ ਕੀ ਫ਼ਤਹਿ।।

ਵੱਲੋਂ



ਬਾਪੂ ਤਰਸੇਮ ਸਿੰਘ ਜੀ
ਕਾਰਜਕਾਰੀ ਪ੍ਰਧਾਨ
ਅਕਾਲੀ ਦਲ ਵਾਰਿਸ ਪੰਜਾਬ ਦੇ



ਸ. ਮਨਪ੍ਰੀਤ ਸਿੰਘ ਇਆਲੀ
ਐਮ.ਐਲ.ਏ ਹਲਕਾ ਦਾਖਾ
ਅਕਾਲੀ ਦਲ ਵਾਰਿਸ ਪੰਜਾਬ ਦੇ



ਜਾਰੀ ਕਰਤਾ: ਭਾਈ ਸ਼ਮਸ਼ੇਰ ਸਿੰਘ ਪੱਧਰੀ
ਮੀਡੀਆ ਇੰਚਾਰਜ (ਪੰਜਾਬ)
ਅਕਾਲੀ ਦਲ ਵਾਰਿਸ ਪੰਜਾਬ ਦੇ
M: 96539 99916



ਸ. ਕਾਬਲ ਸਿੰਘ ਜੀ
ਚੇਅਰਮੈਨ ਪਾਰਲੀਮਾਨੀ ਬੋਰਡ
ਅਕਾਲੀ ਦਲ ਵਾਰਿਸ ਪੰਜਾਬ ਦੇ



ਭਾਈ ਪਰਮਜੀਤ ਸਿੰਘ ਜੋਹਲ
ਕੋਆਰਡੀਨੇਟਰ
ਅਕਾਲੀ ਦਲ ਵਾਰਿਸ ਪੰਜਾਬ ਦੇ



ਸ. ਪ੍ਰਗਟ ਸਿੰਘ ਸੰਧੂ
ਪਾਰਲੀਮਾਨੀ ਬੋਰਡ ਮੈਂਬਰ
ਅਕਾਲੀ ਦਲ ਵਾਰਿਸ ਪੰਜਾਬ ਦੇ



ਬੀਬੀ ਹਰਪ੍ਰੀਤ ਕੌਰ
ਪੰਜਾਬ ਪ੍ਰਧਾਨ (ਇਸਤਰੀ ਦਲ)
ਅਕਾਲੀ ਦਲ ਵਾਰਿਸ ਪੰਜਾਬ ਦੇ



ਭਾਈ ਸੁਖਵਿੰਦਰ ਸਿੰਘ ਅਗਵਾਨ
ਪਾਰਲੀਮਾਨੀ ਬੋਰਡ ਮੈਂਬਰ
ਅਕਾਲੀ ਦਲ ਵਾਰਿਸ ਪੰਜਾਬ ਦੇ



ਸ. ਸੁਖਪ੍ਰੀਤ ਸਿੰਘ ਉਦੇਕੇ
ਪਾਰਲੀਮਾਨੀ ਬੋਰਡ ਮੈਂਬਰ
ਅਕਾਲੀ ਦਲ ਵਾਰਿਸ ਪੰਜਾਬ ਦੇ



ਭਾਈ ਸੁਖਦੇਵ ਸਿੰਘ ਕਾਦੀਆਂ
ਸੂਬਾ ਯੂਥ ਪ੍ਰਧਾਨ (ਪੰਜਾਬ)
ਅਕਾਲੀ ਦਲ ਵਾਰਿਸ ਪੰਜਾਬ ਦੇ (ਯੂਥ ਵਿੰਗ)



ਸ. ਬਾਬੂ ਸਿੰਘ ਬਰਾੜ
ਪਾਰਲੀਮਾਨੀ ਬੋਰਡ ਮੈਂਬਰ
ਅਕਾਲੀ ਦਲ ਵਾਰਿਸ ਪੰਜਾਬ ਦੇ



ਸ.ਜਸਕਰਨ ਸਿੰਘ ਕਾਹਨ ਸਿੰਘ ਵਾਲਾ
ਹਲਕਾ ਇੰਚਾਰਜ ਰਤੂ ਚਮਕਾਉਣੇ
ਅਕਾਲੀ ਦਲ ਵਾਰਿਸ ਪੰਜਾਬ ਦੇ



ਭਾਈ ਸਰਬਜੀਤ ਸਿੰਘ ਖਾਲਸਾ
ਮੈਂਬਰ ਪਾਰਲੀਮੈਂਟ
ਫਰੀਦਕੋਟ



ਪ੍ਰੋਫੈਸਰ ਸਤਨਾਮ ਕੌਰ
ਮੁੱਖ ਬੁਲਾਰਾ
ਅਕਾਲੀ ਦਲ ਵਾਰਿਸ ਪੰਜਾਬ ਦੇ



ਜਾਰੀ ਕਰਤਾ: ਭਾਈ ਪ੍ਰਗਟ ਸਿੰਘ ਮੀਆਂਵਿੰਡ
ਮੁੱਖ ਦਫਤਰ ਸਕੱਤਰ
ਅਕਾਲੀ ਦਲ ਵਾਰਿਸ ਪੰਜਾਬ ਦੇ
M: 82645-88671

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਗੁਰਦੁਆਰਾ ਬਾਬਾ ਸ਼ਾਮ ਸਿੰਘ ਵਿਖੇ ਸੰਤ ਰਣਜੀਤ ਸਿੰਘ ਜੀ ਦੀ ਨਿੱਘੀ ਮਿਠੀ ਯਾਦ ਵਿੱਚ

23ਵਾਂ ਸਾਲਾਨਾ ਗੁਰਮਤਿ ਸਮਾਗਮ ਕਰਵਾਇਆ ਗਿਆ



ਜੰਡਿਆਲਾ ਗੁਰੂ 7 ਨਵੰਬਰ (ਕੁਲਵੰਤ ਸਿੰਘ ਵਿਰਦੀ)ਅੱਜ ਸੰਤ ਰਣਜੀਤ ਸਿੰਘ ਜੀ ਨੋਸ਼ਹਿਰਾ ਸ਼ਾਹਿਬ ਵਾਲਿਆਂ ਦੀ ਮਿੱਠੀ ਯਾਦ ਨੂੰ ਸਮਰਪਿਤ 23ਵਾਂ ਸਾਲਾਨਾ ਮਹਾਨ ਗੁਰਮਤਿ ਸਮਾਗਮ ਗੁਰਦੁਆਰਾ ਬਾਬਾ ਸ਼ਾਮ ਸਿੰਘ ਜੀ ਮੋਰੀ ਗੇਟ, ਜੰਡਿਆਲਾ ਗੁਰੂ ਵਿਖੇ ਬੜੀ ਸ਼ਰਧਾ ਭਾਵਨਾ ਤੇ ਪਿਆਰ ਨਾਲ ਕਰਵਾਇਆ ਗਿਆ ਜਿਸ ਵਿੱਚ ਵੱਖ ਵੱਖ ਪੰਥ ਪ੍ਰਸਿੱਧ ਜਥਿਆਂ ਵਲੋਂ ਧੁਰ ਕੀ ਬਾਣੀ ਇਲਾਹੀ ਗੁਰਬਾਣੀ ਦੇ ਹਰਜੱਸ ਸਰਵਨ ਕਰਕੇ ਸੰਗਤਾਂ ਨੂੰ ਨਿਹਾਲ ਕੀਤਾ ਜਿਸ ਵਿੱਚ ਭਾਈ ਸੁਖਜੀਤ ਸਿੰਘ ਅੰਮ੍ਰਿਸਰ ਸਾਹਿਬ ਵਾਲਿਆਂ ਵਲੋਂ ਕੀਰਤਨ ਦੀ ਹਾਜਰੀ ਭਰ ਕਿ ਸੰਗਤਾਂ ਨੂੰ ਨਿਹਾਲ ਕੀਤਾ ਅਤਾ ਉਪਰੰਤ ਸਮਾਗਮ ਦੀਆਂ ਹਾਜਰੀਆਂ ਭਰਦੇ ਹੋਏ ਭਾਈ ਹਰਜਸ ਸਿੰਘ, ਭਾਈ ਮਧਜੋਤ ਸਿੰਘ,ਕੀਰਤਨ ਅਤੇ ਕਥਾ ਵਿਚਾਰਾਂ ਰਾਹੀਂ ਸੰਗਤਾਂ ਨੂੰ ਪੂਰੇ ਗੁਰੂ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ੍ਹ ਲੱਗ ਕਿ ਮਨੁੱਖਾ ਦੇਹੀ ਨੂੰ ਸਫਲ ਕਰਨ ਲਈ ਪ੍ਰੇਰਿਤ ਕੀਤਾ ਇਸ ਮੌਕੇ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਜੀ ਨੇ ਹਾਜਰੀ ਭਰ ਕਿ ਸੰਗਤਾਂ ਦੇ ਦਰਸ਼ਨ ਕੀਤੇ ਅਤੇ ਸਮਾਗਮ ਦੀ ਸਮਾਪਤੀ ਮੌਕੇ ਗੁਰੂ ਘਰ ਦੇ ਗ੍ਰੰਥੀ ਸਿੰਘ ਭਾਈ ਸਰਬਜੀਤ ਸਿੰਘ ਵੱਲੋਂ ਗੁਰੂ ਸਾਹਿਬ ਜੀ ਦੇ ਚਰਨਾਂ ਵਿੱਚ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ ਗਈ ਹੁਕਮਨਾਮੇ ਤੋਂ ਸੰਗਤਾਂ ਨੂੰ ਕੜਾਹ ਪ੍ਰਸ਼ਾਦ ਦੀਆਂ ਦੇਗਾਂ ਵਰਤਾਈਆਂ ਗਈਆਂ ਅਤੇ ਆਈਆਂ ਸੰਗਤਾਂ ਨੂੰ ਗੁਰੂ ਸਾਹਿਬ ਜੀ ਦੇ ਅਤੁੱਟ ਲੰਗਰ ਛਕਾਏ ਗਏ। ਇਸ ਮੌਕੇ ਗਿਆਨੀ ਹਰਪ੍ਰੀਤ ਸਿੰਘ ਜੰਡਿਆਲਾ ਗੁਰੂ ਵਾਲਿਆਂ ਵੱਲੋਂ ਹਾਜਰੀ ਭਰੀ ਗਈ ਅਤੇ ਬਾਬਾ ਹਰਭਜਨ ਸਿੰਘ ਵੱਲੋਂ ਸਮਾਗਮ ਵਿੱਚ ਪਹੁੰਚੀਆਂ ਸੰਗਤਾਂ ਨੂੰ ਜੀ ਆਇਆ ਆਖਿਆ ਅਤੇ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

ਬੰਦ ਕੀਤੀਆਂ ਜਾ ਰਹੀਆਂ ਪੁਲਿਸ ਚੌਕੀਆਂ ਤੁਰੰਤ ਬਹਾਲ ਕੀਤੀਆਂ ਜਾਣ, ਹਲਕਾ ਵਿਧਾਇਕ ਸ੍ਰ ਸੁਖਵਿੰਦਰ ਸਿੰਘ ਡੈਨੀ ਬੰਡਾਲਾ



ਜੰਡਿਆਲਾ ਗੁਰੂ 7 ਨਵੰਬਰ :- (ਕੁਲਵੰਤ ਸਿੰਘ ਵਿਰਦੀ) ਇੱਕ ਪਾਸੇ ਪੰਜਾਬ ਦੇ ਕੋਨੇ ਕੋਨੇ ਵਿਚ ਗੈਂਗਸਟਰਵਾਦ, ਫਿਰੌਤੀ ਦੀਆਂ ਧਮਕੀਆਂ, ਕਤਲੇਆਮ ਆਦਿ ਵੱਧ ਰਹੇ ਹਨ, ਦੂਸਰੇ ਪਾਸੇ ਪੰਜਾਬ ਸਰਕਾਰ ਵਲੋਂ ਅੰਮ੍ਰਿਤਸਰ ਦਿਹਾਤੀ ਦੀਆਂ 5 ਪੁਲਿਸ ਚੌਕੀਆਂ ਬੰਦ ਕਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ ਜਿਸ ਵਿਚ ਇਕ ਹਲਕਾ ਜੰਡਿਆਲਾ ਗੁਰੂ ਦੀ ਵੀ ਆਉਂਦੀ ਹੈ ਉਪਰੋਕਤ ਸ਼ਬਦਾਂ ਦਾ ਪ੍ਰਗਟਾਵਾ ਕਰਦੇ ਹੋਏ ਸੁਖਵਿੰਦਰ ਸਿੰਘ ਡੈਨੀ ਬੰਡਾਲਾ, ਕਾਰਜਕਾਰੀ ਪ੍ਰਧਾਨ ਕਾਂਗਰਸ ਅਤੇ ਸਾਬਕਾ ਵਿਧਾਇਕ ਹਲਕਾ ਜੰਡਿਆਲਾ ਨੇ ਕਿਹਾ ਕਿ ਪੰਜਾਬ ਵਿੱਚ ਅੱਜ ਹਾਲਾਤ ਇਹ ਹੋ ਗਏ ਹਨ ਕਿ ਲੋਕ ਘਰਾਂ ਵਿੱਚ ਵੀ ਸੁਰੱਖਿਅਤ ਨਹੀਂ। ਇੱਕ ਪਾਸੇ ਗੈਂਗਸਟਰ ਖੁੱਲ੍ਹੇਆਮ ਫਿਰੌਤੀ ਦੀਆਂ ਧਮਕੀਆਂ ਦੇ ਰਹੇ ਹਨ, ਵਪਾਰੀਆਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ, ਕਤਲੇਆਮ ਹੋ ਰਹੇ ਹਨ, ਅਤੇ ਦੂਸਰੇ ਪਾਸੇ ਇਹ ਸਰਕਾਰ ਪੁਲਿਸ ਚੌਕੀਆਂ ਬੰਦ ਕਰਕੇ ਪੰਜਾਬ ਦੀ ਸੁਰੱਖਿਆ ਨਾਲ ਖਿਲਵਾੜ ਕਰ ਰਹੀ ਹੈ। ਜੰਡਿਆਲਾ ਗੁਰੂ ਵਿੱਚ ਮਸ਼ਹੂਰ ਕਾਰੋਬਾਰੀ ਆਪਣਾ ਕਾਰੋਬਾਰ ਬੰਦ ਕਰਕੇ ਪਰਿਵਾਰ ਸਮੇਤ ਸ਼ਹਿਰ ਛੱਡ ਰਹੇ ਹਨ। ਓਹਨਾਂ ਕਿਹਾ ਕਿ ਚੌਕੀਆਂ ਬੰਦ ਕਰਨਾ ਸੁਧਾਰ ਨਹੀਂ, ਇਹ ਪੰਜਾਬ ਨੂੰ ਗੈਂਗਸਟਰਾਂ ਦੇ ਹਵਾਲੇ ਕਰਨਾ ਹੈ। ਜਦੋਂ ਪਿੰਡਾਂ-ਸ਼ਹਿਰਾਂ ਵਿੱਚ ਪੁਲਿਸ ਦੀ ਮੌਜੂਦਗੀ ਹੀ ਨਹੀਂ ਹੋਵੇਗੀ, ਤਾਂ ਆਮ ਲੋਕ ਕਿੱਥੇ ਜਾਣਗੇ? ਸਰਕਾਰ ਨੂੰ ਪੁਲਿਸ ਨੂੰ ਮਜ਼ਬੂਤ ਕਰਨ ਦੀ ਥਾਂ ਕਮਜ਼ੋਰ ਕਰ ਰਹੀ ਹੈ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੰਜਾਬ ਨੂੰ ਡਰ ਦੇ ਮਾਹੌਲ ਵਿੱਚ ਧੱਕ ਦਿੱਤਾ ਹੈ। ਵਪਾਰੀ ਡਰਿਆ ਹੋਇਆ ਹੈ, ਨੌਜਵਾਨ ਡਰਿਆ ਹੋਇਆ ਹੈ, ਕਿਸਾਨ ਡਰਿਆ ਹੋਇਆ ਹੈ। ਓਹਨਾਂ ਮੰਗ ਕੀਤੀ ਕਿ ਬੰਦ ਕੀਤੀਆਂ ਜਾ ਰਹੀਆਂ ਪੁਲਿਸ ਚੌਕੀਆਂ ਤੁਰੰਤ ਬਹਾਲ ਕੀਤੀਆਂ ਜਾਣ, ਪੁਲਿਸ ਨੂੰ ਆਧੁਨਿਕ ਹਥਿਆਰ, ਗੱਡੀਆਂ ਅਤੇ ਸਟਾਫ ਦਿੱਤਾ ਜਾਵੇ, ਅਤੇ ਗੈਂਗਸਟਰਵਾਦ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ। ਸੁਖਵਿੰਦਰ ਸਿੰਘ ਡੈਨੀ ਬੰਡਾਲਾ ਨੇ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਪੰਜਾਬ ਦੀ ਸ਼ਾਂਤੀ ਅਤੇ ਲੋਕਾਂ ਦੀ ਸੁਰੱਖਿਆ ਲਈ ਖੜ੍ਹੀ ਹੈ ਅਤੇ ਸਰਕਾਰ ਨੂੰ ਇਸ ਮੁੱਦੇ 'ਤੇ ਜਵਾਬ ਦੇਣਾ ਪਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

ਸਾਂਝੀ ਅਪੀਲ

ਪੱਤਰਕਾਰ ਮਹਿੰਦਰਪਾਲ ਸਿੰਘ ਲੂੰਬਾ ਦੀ ਸਿਆਸੀ ਗ੍ਰਿਫ਼ਤਾਰੀ ਵਿਰੁੱਧ ਇਕਜੁੱਟ ਹੋਣ ਅਤੇ ਨਿਰਪੱਖ ਜਾਂਚ ਤੇ ਇਨਸਾਫ਼ ਲਈ ਸਾਂਝੀ ਲੋਕ ਲਹਿਰ ਦਾ ਸੱਦਾ



ਮੋਗਾ, 7 ਨਵੰਬਰ (ਆਵਾਜ਼ਿ ਕੌਮ ਬਿਊਰੋ)-ਡਾ. ਕੁਲਦੀਪ ਸਿੰਘ ਗਿੱਲ ਅਤੇ ਅਜੈ ਗੋਰਾ ਸੂਦ, ਐਡਵਾਈਜ਼ਰੀ ਬੋਰਡ ਮੈਂਬਰ, ਸਿਵਲ ਸੁਸਾਇਟੀ ਮੋਗਾ ਵੱਲੋਂ *ਸਮੂਹ ਕਿਸਾਨ ਜਥੇਬੰਦੀਆਂ, ਪੱਤਰਕਾਰਾਂ, ਸਮਾਜਿਕ ਸੰਗਠਨਾਂ, ਮਨੁੱਖੀ ਅਧਿਕਾਰ ਜਥੇਬੰਦੀਆਂ, ਵਕੀਲਾਂ ਅਤੇ ਇਨਸਾਫ਼ਪਸੰਦ ਨਾਗਰਿਕਾਂ ਨੂੰ ਅਪੀਲ* ਹੈ ਕਿ ਸੁਤੰਤਰ ਪੱਤਰਕਾਰ ਅਤੇ ਸਮਾਜਿਕ ਕਾਰਕੁਨ ਮਹਿੰਦਰਪਾਲ ਸਿੰਘ ਲੂੰਬਾ ਦੀ ਸਿਆਸੀ ਗ੍ਰਿਫ਼ਤਾਰੀ ਵਿਰੁੱਧ ਇਕਜੁੱਟ ਹੋ ਕੇ *ਨਿਰਪੱਖ ਜਾਂਚ, ਕਾਨੂੰਨੀ ਸਹਾਇਤਾ ਅਤੇ ਇਨਸਾਫ਼ ਲਈ ਆਵਾਜ਼ ਬੁਲੰਦ ਕਰਨ। ਇਹ ਮਾਮਲਾ ਸਿਰਫ਼ ਇੱਕ ਵਿਅਕਤੀ ਦੀ ਸਿਆਸੀ ਗ੍ਰਿਫ਼ਤਾਰੀ ਤੱਕ ਸੀਮਤ ਨਹੀਂ, ਸਗੋਂ ਪੱਤਰਕਾਰਾਂ, ਆਰ.ਟੀ.ਆਈ. ਕਾਰਕੁਨਾਂ ਅਤੇ ਸਮਾਜਿਕ ਕਾਰਕੁਨਾਂ ਦੀ ਆਜ਼ਾਦੀ, ਨਾਗਰਿਕ ਅਧਿਕਾਰਾਂ ਅਤੇ ਸਰਕਾਰੀ ਸੰਸਥਾਵਾਂ ਦੀ ਜਵਾਬਦੇਹੀ ਨਾਲ ਜੁੜਿਆ ਹੋਇਆ ਹੈ। ਸਿਵਲ ਸੁਸਾਇਟੀ ਮੋਗਾ ਵੱਲੋਂ ਵੱਖ-ਵੱਖ ਜਥੇਬੰਦੀਆਂ ਦੇ ਸਹਿਯੋਗ ਨਾਲ ਸਿਆਸੀ ਬਦਲਾਖੋਰੀ, ਦਖ਼ਲਅੰਦਾਜ਼ੀ ਅਤੇ ਅਧਿਕਾਰਾਂ ਦੀ ਦੁਰਵਰਤੋਂ ਵਿਰੁੱਧ ਇੱਕ ਵਿਆਪਕ ਲੋਕ ਲਹਿਰ ਚਲਾਈ ਜਾਵੇਗੀ। ਆਓ, ਨਿੱਜੀ ਅਤੇ ਸੰਗਠਨਾਤਮਕ ਵਖਰੇਵਿਆਂ ਤੋਂ ਉੱਪਰ ਉੱਠ ਕੇ ਹੱਕ-ਸੱਚ, ਇਨਸਾਫ਼, ਪ੍ਰੈੱਸ ਦੀ ਆਜ਼ਾਦੀ ਅਤੇ ਲੋਕਤੰਤਰੀ ਅਧਿਕਾਰਾਂ ਦੀ ਰਾਖੀ ਲਈ ਇੱਕ ਮੰਚ 'ਤੇ ਇਕੱਠੇ ਹੋਈਏ। ਸਮੂਹ ਜਥੇਬੰਦੀਆਂ ਅਤੇ ਇਨਸਾਫ਼ਪਸੰਦ ਨਾਗਰਿਕਾਂ ਨੂੰ ਇਸ ਮੁਹਿੰਮ ਵਿੱਚ ਸਰਗਰਮ ਸਹਿਯੋਗ ਦੇਣ ਦੀ ਪੁਰਜ਼ੋਰ ਅਪੀਲ ਹੈ। ਇਸ ਮੌਕੇ ਸਿਵਲ ਸੁਸਾਇਟੀ ਮੋਗਾ ਦੇ ਮੈਂਬਰ ਹਰਭਜਨ ਸਿੰਘ ਬਹੋਨਾ ਬੇਅੰਤ ਕੌਰ ਗਿੱਲ ਰਵਿੰਦਰ ਕੌਰ ਮਨਿੰਦਰ ਸਿੰਘ ਬੇਦੀ ਤੇਜਾ ਸਿੰਘ ਬਰਾੜ ਪ੍ਰਗਟ ਸਿੰਘ ਗਿੱਲ ਆਦਿ ਹਾਜ਼ਰ ਸਨ ਜਨਤਕ ਹਿੱਤ, ਪ੍ਰੈੱਸ ਦੀ ਆਜ਼ਾਦੀ ਅਤੇ ਸੰਸਥਾਗਤ ਜਵਾਬਦੇਹੀ ਲਈ ਵਚਨਬੱਧ।

ਆਵਾਜ਼ਿ ਕੌਮ AWAZE QAUM International Newspaper & WEB TV

ਥਾਨਕ ਦੁਕਾਨਦਾਰਾਂ ਤੋਂ ਖਰੀਦਦਾਰੀ ਕਰਕੇ ਮਨਾਓ ਦੀਵਾਲੀ

ਕਿਸੇ ਲੋੜਵੰਦ ਦੇ ਘਰ ਵੀ ਜਗੇਗਾ ਖੁਸ਼ੀਆਂ ਦਾ ਦੀਵਾ : ਸਤਪਾਲ ਬਾਂਸਲ , ਰਜਨੀਸ਼





ਮਾਨਸਾ, 7 ਨਵੰਬਰ (ਆਵਾਜ਼ਿ ਕੌਮ ਬਿਊਰੋ)-ਉੱਘੇ ਸਮਾਜ ਸੇਵੀ ਸਤਪਾਲ ਬਾਂਸਲ ਮਾਨਸਾ ਅਤੇ ਰਜਨੀਸ਼ ਕੁਮਾਰ ਭੀਖੀ ਸਮਾਜ ਸੇਵੀ ਨੇ ਦੀਵਾਲੀ ਦੇ ਪਵਿੱਤਰ ਤਿਉਹਾਰ ਮੌਕੇ ਇਲਾਕਾ ਨਿਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਤਿਉਹਾਰਾਂ ਦੀ ਖਰੀਦਦਾਰੀ ਆਨਲਾਈਨ ਪਲੇਟਫਾਰਮਾਂ ਦੀ ਬਜਾਏ ਆਪਣੇ ਨੇੜਲੇ ਬਾਜ਼ਾਰਾਂ ਅਤੇ ਸਥਾਨਕ ਦੁਕਾਨਦਾਰਾਂ ਤੋਂ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਸਾਡੀ ਛੋਟੀ ਜਿਹੀ ਪਹਿਲ ਕਿਸੇ ਲੋੜਵੰਦ ਪਰਿਵਾਰ ਦੇ ਘਰ ਵੀ ਖੁਸ਼ੀਆਂ ਦਾ ਦੀਵਾ ਜਗਾਉਣ ਦਾ ਸਬੱਬ ਬਣ ਸਕਦੀ ਹੈ। ਸਤਪਾਲ ਬਾਂਸਲ ਅਤੇ ਰਜਨੀਸ਼ ਨੇ ਕਿਹਾ ਕਿ ਸਥਾਨਕ ਦੁਕਾਨਦਾਰ ਸਾਰਾ ਸਾਲ ਆਪਣੇ ਗਾਹਕਾਂ ਦੀ ਉਡੀਕ ਕਰਦੇ ਹਨ ਅਤੇ ਤਿਉਹਾਰਾਂ ਦੇ ਦਿਨਾਂ ਵਿੱਚ ਉਨ੍ਹਾਂ ਨੂੰ ਕਾਰੋਬਾਰ ਵਧਣ ਦੀ ਵਿਸ਼ੇਸ਼ ਆਸ ਹੁੰਦੀ ਹੈ। ਇਸ ਲਈ ਸਾਡਾ ਨੈਤਿਕ ਫਰਜ਼ ਬਣਦਾ ਹੈ ਕਿ ਅਸੀਂ ਆਪਣੇ ਆਲੇ-ਦੁਆਲੇ ਦੇ ਦੁਕਾਨਦਾਰਾਂ ਤੋਂ ਹੀ ਘਰੇਲੂ ਸਾਮਾਨ, ਮਠਿਆਈਆਂ, ਤੋਹਫ਼ੇ ਅਤੇ ਹੋਰ ਜ਼ਰੂਰੀ ਵਸਤਾਂ ਦੀ ਖਰੀਦਦਾਰੀ ਕਰੀਏ। ਇਸ ਨਾਲ ਸਥਾਨਕ ਵਪਾਰ ਨੂੰ ਹੁਲਾਰਾ ਮਿਲੇਗਾ ਅਤੇ ਛੋਟੇ ਕਾਰੋਬਾਰੀਆਂ ਦੇ ਘਰਾਂ ਵਿੱਚ ਵੀ ਖੁਸ਼ਹਾਲੀ ਆਵੇਗੀ। ਉਨ੍ਹਾਂ ਕਿਹਾ ਕਿ ਦੀਵਾਲੀ ਸਿਰਫ਼ ਦੀਵੇ ਜਗਾਉਣ ਅਤੇ ਰੌਸ਼ਨੀਆਂ ਦਾ ਤਿਉਹਾਰ ਹੀ ਨਹੀਂ, ਸਗੋਂ ਦੂਜਿਆਂ ਦੇ ਜੀਵਨ ਵਿੱਚ ਖੁਸ਼ੀਆਂ ਵੰਡਣ ਦਾ ਵੀ ਸੰਦੇਸ਼ ਦਿੰਦੀ ਹੈ। ਜੇਕਰ ਹਰ ਵਿਅਕਤੀ ਆਪਣੀ ਖਰੀਦਦਾਰੀ ਸਥਾਨਕ ਦੁਕਾਨਦਾਰਾਂ ਤੋਂ ਕਰੇ ਤਾਂ ਇਸ ਨਾਲ ਕਿਸੇ ਨਾ ਕਿਸੇ ਪਰਿਵਾਰ ਦੀ ਰੋਜ਼ੀ-ਰੋਟੀ ਨੂੰ ਸਹਾਰਾ ਮਿਲ ਸਕਦਾ ਹੈ। ਵਾਤਾਵਰਨ ਦੀ ਸੰਭਾਲ ਬਾਰੇ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਸਾਨੂੰ ਹਰ ਦੀਵਾਲੀ ਮੌਕੇ ਘੱਟੋ-ਘੱਟ ਇੱਕ ਪੌਦਾ ਜ਼ਰੂਰ ਲਗਾਉਣਾ ਚਾਹੀਦਾ ਹੈ ਅਤੇ ਉਸ ਦੀ ਸੰਭਾਲ ਦੀ ਜ਼ਿੰਮੇਵਾਰੀ ਵੀ ਨਿਭਾਉਣੀ ਚਾਹੀਦੀ ਹੈ। ਅੱਜ ਲਗਾਇਆ ਗਿਆ ਇੱਕ ਪੌਦਾ ਆਉਣ ਵਾਲੀਆਂ ਪੀੜ੍ਹੀਆਂ ਲਈ ਸਾਫ਼ ਹਵਾ, ਹਰਿਆਲੀ ਅਤੇ ਸਿਹਤਮੰਦ ਵਾਤਾਵਰਨ ਦਾ ਵਰਦਾਨ ਸਾਬਤ ਹੋ ਸਕਦਾ ਹੈ। ਅੰਤ ਵਿੱਚ ਸਤਪਾਲ ਬਾਂਸਲ ਅਤੇ ਭੀਖੀ ਨੇ ਸਮੂਹ ਇਲਾਕਾ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਇਸ ਦੀਵਾਲੀ 'ਤੇ ਸਥਾਨਕ ਕਾਰੋਬਾਰ ਨੂੰ ਉਤਸ਼ਾਹਿਤ ਕਰਨ, ਲੋੜਵੰਦਾਂ ਦੀ ਮਦਦ ਕਰਨ ਅਤੇ ਵੱਧ ਤੋਂ ਵੱਧ ਪੌਦੇ ਲਗਾ ਕੇ ਖੁਸ਼ੀਆਂ, ਸਾਂਝ ਅਤੇ ਹਰਿਆਲੀ ਵਾਲੀ ਦੀਵਾਲੀ ਮਨਾਉਣ ਦਾ ਸੰਕਲਪ ਲਿਆ ਜਾਵੇ।

ਆਉਣ ਵਾਲੀਆਂ ਪੀੜ੍ਹੀਆਂ ਲਈ ਵਾਤਾਵਰਨ ਨੂੰ ਸਾਫ਼-ਸੁਥਰਾ ਰੱਖਣ ਵਾਸਤੇ ਦੀਵਾਲੀ ਮੌਕੇ ਹਰ ਵਿਅਕਤੀ ਇੱਕ ਪੌਦਾ ਜ਼ਰੂਰ ਲਗਾਵੇ

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਆਓ ਪੰਜਾਬੀ

ਸਿੱਖੀਏ ਅਤੇ ਸਿੱਖਾਈਏ

ਮਾਂ ਬੋਲੀ ਦਾ ਮਾਣ ਵਧਾਈਏ



★ ਜਾਰੀ ਕਰਤਾ ★

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

+447458381111 +447976210161 +919729091243